ਮੰਗਲਵਾਰ, 14 ਅਪ੍ਰੈਲ, 2026
1 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 313

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 14 APRIL, 2026

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 14



# ਵਿਸਾਖੀ ਦੀਆਂ ਲੱਖ-ਲੱਖ ਵਧਾਈਆਂ

ਖਾਲਸਾ ਸਾਜਨਾ ਦਿਵਸ 'ਤੇ ਵਿਸਾਖੀ ਦੇ ਸ਼ੁੱਭ ਦਿਹਾੜੇ ਤੇ ਸ਼ਸ਼ਪਾਲ ਸਿੰਘ (ਕਲੇਰ) ਵੱਲੋਂ ਅੰਮ੍ਰਿਤਸਰ ਤੋਂ ਵਿਸ਼ੇਸ਼ ਸਪਲੀਮੈਂਟ



ਵਿਸਾਖੀ ਦੀਆਂ ਲੱਖ-ਲੱਖ ਵਧਾਈਆਂ

ਸ਼ਸ਼ਪਾਲ ਸਿੰਘ ਕਲੇਰ
ਪੱਤਰਕਾਰ ਮੋ: 98723-15232



ਗੁਰਪ੍ਰੀਤ ਸਿੰਘ ਗੋਲਡੀ



ਕੁਲਦੀਪ ਸਿੰਘ ਸੰਧੂ



ਕੁਲਦੀਪ ਸਿੰਘ ਲਾਲੀ ਬੋਪਾਰਾਏ
ਪ੍ਰਧਾਨ ਮਾਝਾ ਜੋਨ ਐਸ.ਸੀ.ਵਿੰਗ
ਸ਼੍ਰੋਮਣੀ ਅਕਾਲੀ ਦਲ ਬਾਦਲ



ਹਰਦੇਵ ਸਿੰਘ ਗਿੱਲ ਰਾਮਪੁਰਾ



ਕੁਲਦੀਪ ਸਿੰਘ ਠੇਕੇਦਾਰ



ਜਸਬੀਰ ਸਿੰਘ ਵਡਾਲੀ



ਬੀ.ਐਸ.ਸਚਦੇਵਾ
Advocate



ਸਮੀਰ



ਰਾਜ ਕੁਮਾਰ



ਲੋਕੇਸ਼ ਸ਼ਹਿਗਲ
ਸੀਨੀ ਮੀਤ ਪ੍ਰਧਾਨ
ਅੰਮ੍ਰਿਤਸਰ ਔਫਸੈਟ
ਪ੍ਰਿੰਟਰ ਐਸੋਸੀਏਸ਼ਨ

RERA NO.: PBRERA-BTI08-PR0825
www.rera.punjab.gov.in

HAPPY BAISAKHI

WHERE ELEGANCE
MEETS COMFORT

ICONIC LIVING SPACES CRAFTED
FOR A REDEFINED LIFESTYLE

Experience a lifestyle crafted with comfort, class, and convenience.
From spacious residences to world-class amenities, everything is designed for modern living.

PRICE REVISING SOON

3 BHK, 4BHK+ STUDY, 5BHK + STUDY LUXURIOUS PENTHOUSES

PROJECT HIGHLIGHTS:

Spacious Bedrooms | Lawn/Garden | School | Sports Stadium facility | Clubhouse
Luxurious Living Area | Kids Play Zone | Shopping Plaza | Basement & Stilt Parking | Swimming Pool

Situated inside a Full developed and Integrated Township "Sheesh Mahal"

Skyline APARTMENTS

Contact No:
+91 77173-03568
+91 70090-75915

Site Address: Sheesh Mahal, Dabwali Road, Bathinda - 151005
Sales.sheesmahal@mittalgroup.co.in
www.mittalgroup.co.in

PROJECT BY: MITTAL GROUP

Lic. No. MA-1 (6) 311

SVS GLOBAL

SVS GLOBAL
Immigration & Education Services

STUDY VISA & TOURIST VISA

ਸਿਰਫ਼ 47,500/- 'ਚ ਤੁਸੀਂ ਵੀ USA ਜਾਣ ਦਾ ਸੁਪਨਾ ਕਰੋ ਪੂਰਾ

WITH & WITHOUT IELTS

ਸਾਰੀ ਫੀਸ ਵੀਜ਼ਾ ਲੱਗਣ ਤੋਂ ਬਾਅਦ

• ਕੋਈ i20 ਫੀਸ ਨਹੀਂ • ਕੋਈ SEVIS ਫੀਸ ਨਹੀਂ
• ਕੋਈ APPOINTMENT ਫੀਸ ਨਹੀਂ • 5 to 10 YEAR GAP ACCEPTABLE

U.S.A. | CANADA | AUSTRALIA | U.K. | NEW ZEALAND | EUROPE | CYPRUS | SINGAPORE

NEAR VISHAL MEGA MART, RANJIT AVENUE, AMRITSAR. (PB.)

Call: 99159-43772, 62801-55198

ਮੰਗਲਵਾਰ, 14 ਅਪ੍ਰੈਲ, 2026
1 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 313

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 14 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in

## ਬੇਅਦਬੀ ਰੋਕਣ ਦਾ ਸਖਤ ਕਾਨੂੰਨ ਅਸੰਬਲੀ 'ਚ ਸਰਬ-ਸੰਮਤੀ ਨਾਲ ਪਾਸ



**ਚੰਡੀਗੜ੍ਹ** : ਪੰਜਾਬ ਵਿਧਾਨ ਸਭਾ ਨੇ ਸੋਮਵਾਰ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026' ਸਰਬਸੰਮਤੀ ਨਾਲ ਪਾਸ ਕਰ ਦਿੱਤਾ। ਬਹਿਸ ਦੇ ਅੰਤ ਵਿੱਚ ਜਿਵੇਂ ਹੀ ਸਪੀਕਰ ਨੇ ਬਿੱਲ ਦੇ ਪਾਸ ਹੋਣ ਦਾ ਐਲਾਨ ਕੀਤਾ, ਪੂਰਾ ਸਦਨ 'ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ' ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਬਹਿਸ ਨੂੰ ਸਮੇਟਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਕਿ ਇਸ ਨਵੇਂ ਸੋਧ ਬਿੱਲ ਨੂੰ ਬੇਹੱਦ ਬਾਰੀਕੀ ਅਤੇ ਮਜ਼ਬੂਤ ਕਾਨੂੰਨੀ ਨੁਕਤਿਆਂ ਨਾਲ ਤਿਆਰ ਕੀਤਾ ਗਿਆ ਹੈ। ਉਨ੍ਹਾ ਕਿਹਾ, "ਅਸੀਂ ਇਸ ਬਿੱਲ ਵਿੱਚ ਕੋਈ ਵੀ ਅਜਿਹੀ 'ਚੋਰ ਮੋਰੀ' ਨਹੀਂ ਛੱਡੀ, ਜਿਸ ਦਾ ਫਾਇਦਾ ਉਠਾ ਕੇ ਕੋਈ ਦੋਸ਼ੀ ਬਚ ਸਕੇ। ਇਹ ਕਾਨੂੰਨ ਇੰਨਾ ਸਖਤ ਅਤੇ ਮੁਕੰਮਲ ਹੈ ਕਿ ਇਸ ਤੋਂ ਬਾਅਦ ਪੰਜਾਬ ਵਿੱਚ ਕਦੇ ਵੀ ਕਿਸੇ ਨਵੇਂ ਬੇਅਦਬੀ ਰੋਕੂ ਬਿੱਲ ਦੀ ਲੋੜ ਨਹੀਂ ਪਵੇਗੀ।" ਬਿੱਲ ਵਿੱਚ ਬੇਅਦਬੀ ਕਰਨ ਵਾਲਿਆਂ ਨੂੰ ਉਮਰ ਕੈਦ ਤੇ ਪੰਝੀ ਲੱਖ ਰੁਪਏ ਤੱਕ ਜੁਰਮਾਨੇ ਦੀ ਵਿਵਸਥਾ ਹੈ। ਇਸ ਅਪਰਾਧ ਨੂੰ ਗੈਰ-ਜ਼ਮਾਨਤੀ ਅਪਰਾਧ ਦੀ ਸ਼੍ਰੇਣੀ ਵਿੱਚ ਰੱਖਿਆ ਗਿਆ ਹੈ।

ਖਾਲਸਾ ਪੰਥ ਦੇ ਸਾਜਨਾ ਦਿਵਸ ਦੇ ਮੌਕੇ 'ਤੇ ਵਿਸ਼ੇਸ਼ ਸੈਸ਼ਨ 'ਚ ਬਿੱਲ ਪੇਸ਼ ਹੋਣ ਵੇਲੇ ਮਾਹੌਲ 'ਚ ਰੂਹਾਨੀ ਰੰਗ ਨਜ਼ਰ ਆਇਆ। ਸਦਨ ਦੀ ਕਾਰਵਾਈ ਸ਼ੁਰੂ ਹੋਣ ਤੋਂ ਪਹਿਲਾਂ ਸ਼ਬਦ ਗਾਣ ਚੱਲਿਆ। ਮੁੱਖ ਮੰਤਰੀ ਨੇ ਸੋਧ ਬਿੱਲ ਪੇਸ਼ ਕੀਤਾ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮੂਲ ਮੰਤਰ ਦੇ ਪਾਠ ਨਾਲ ਬਹਿਸ ਸ਼ੁਰੂ ਕਰਵਾਈ। ਸਦਨ ਵਿੱਚ ਵੱਖ-ਵੱਖ ਸਿੱਖ ਸੰਪਰਦਾਵਾਂ ਦੇ ਮੁਖੀ ਵੀ ਹਾਜ਼ਰ ਸਨ।

ਮਾਨ ਨੇ ਵਿਰੋਧੀ ਧਿਰਾਂ, ਖਾਸ ਕਰਕੇ ਕਾਂਗਰਸ ਅਤੇ ਅਕਾਲੀ ਦਲ 'ਤੇ ਰੱਜ ਕੇ ਸ਼ਬਦੀ ਹਮਲੇ ਕੀਤੇ। ਮੁੱਖ ਮੰਤਰੀ ਨੇ ਬੜੇ ਭਾਵੁਕ ਅਤੇ ਤਿੱਖੇ ਲਹਿਜ਼ੇ ਵਿੱਚ ਕਿਹਾ ਕਿ ਪੰਜਾਬ ਦੇ ਲੋਕਾਂ ਨਾਲ ਇਨਸਾਫ ਦੇ ਨਾਂਅ 'ਤੇ ਹੁਣ ਤੱਕ ਸਿਆਸੀ ਪਾਰਟੀਆਂ ਨੇ ਧਰਮ ਦੇ ਨਾਂਅ 'ਤੇ ਆਪਣੀਆਂ ਸਿਆਸੀ ਰੋਟੀਆਂ ਸੇਕੀਆਂ ਹਨ। ਲੋਕਾਂ ਨੂੰ ਚੇਤੇ ਹੈ ਕਿ ਕਿਵੇਂ ਪਵਿੱਤਰ ਗੁਟਕਾ ਸਾਹਿਬ ਦੀ ਸਹੁੰ ਖਾ ਕੇ ਵਾਅਦੇ ਕੀਤੇ ਗਏ ਅਤੇ ਫਿਰ ਸਰਕਾਰ ਬਣਦਿਆਂ ਹੀ ਉਨ੍ਹਾਂ ਵਾਅਦਿਆਂ ਤੋਂ ਮੁੱਕਰ ਗਏ। ਇੰਨਾ ਹੀ ਨਹੀਂ, ਕਈ ਆਗੂ ਤਾਂ ਸ੍ਰੀ ਅਕਾਲ ਤਖਤ ਸਾਹਿਬ ਵਰਗੀ ਸਰਵਉੱਚ ਸੰਸਥਾ 'ਤੇ ਜਾ ਕੇ ਕਸਮਾਂ ਖਾਣ ਤੋਂ ਬਾਅਦ ਵੀ ਆਪਣੀ ਗੱਲ ਤੋਂ ਫਿਰ ਗਏ। ਉਨ੍ਹਾ ਇਹ ਵੀ ਕਿਹਾ ਕਿ ਇਹ ਮੁੱਦਾ ਕੇਵਲ ਸਿਆਸੀ ਨਹੀਂ, ਸਗੋਂ ਕਰੋੜਾਂ ਲੋਕਾਂ ਦੀ ਆਸਥਾ ਅਤੇ ਪੰਜਾਬ ਦੀ ਅਮਨ-ਸ਼ਾਂਤੀ ਨਾਲ ਜੁੜਿਆ ਹੋਇਆ ਹੈ।

ਬਹਿਸ ਦੌਰਾਨ ਕਾਂਗਰਸੀ ਵਿਧਾਇਕ ਪਰਗਟ ਸਿੰਘ ਨੇ ਮੌੜ ਮੰਡੀ ਬੰਬ ਬਲਾਸਟ ਦਾ ਮੁੱਦਾ ਚੁੱਕ ਕੇ ਸਰਕਾਰ ਨੂੰ ਘੇਰਿਆ। ਉਨ੍ਹਾ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਢੇ ਤਿੰਨ ਸਾਲਾਂ ਦੇ ਲੰਬੇ ਸਮੇਂ ਤੋਂ ਬਾਅਦ ਹੁਣ ਜਾ ਕੇ ਮੌੜ ਬੰਬ ਕਾਂਡ ਵਿੱਚ ਮੁਕੱਦਮਾ ਚਲਾਉਣ ਦੀ ਇਜਾਜ਼ਤ ਦਿੱਤੀ ਹੈ। ਪਰਗਟ ਸਿੰਘ ਨੇ ਸਵਾਲ ਕੀਤਾ ਕਿ ਜੇ ਸਰਕਾਰ ਇਨਸਾਫ ਲਈ ਇੰਨੀ ਹੀ ਸੁਹਿਰਦ ਸੀ, ਤਾਂ ਇਹ ਇਜਾਜ਼ਤ ਦੇਣ ਵਿੱਚ ਇੰਨਾ ਸਮਾਂ ਕਿਉਂ ਲੱਗਿਆ?

ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਪੁੱਛਿਆ ਕਿ 'ਆਪ' ਸਰਕਾਰ ਦੇ ਸਾਢੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਅਜੇ • ਬਾਕੀ ਸਫਾ 10 'ਤੇ

## ਨੋਇਡਾ 'ਚ ਵਰਕਰਾਂ 'ਤੇ ਅੰਨ੍ਹਾ ਤਸ਼ੱਦਦ

**ਨੋਇਡਾ** : ਇੱਥੇ ਤਿੰਨ ਦਿਨਾਂ ਤੋਂ ਚੱਲ ਰਹੀ ਮਜ਼ਦੂਰ ਹੜਤਾਲ ਸੋਮਵਾਰ ਟਕਰਾਅ ਵਿੱਚ ਬਦਲ ਗਈ। ਮਜ਼ਦੂਰ ਉਸ ਵੇਲੇ ਭੜਕੇ, ਜਦੋਂ ਪੁਲਸ ਨੇ ਕੁਝ ਮਹਿਲਾ ਮਜ਼ਦੂਰਾਂ 'ਤੇ ਜ਼ੁਲਮ ਢਾਹਿਆ। ਪੁਲਸ ਨੇ ਅੰਨ੍ਹੇਵਾਹ ਹੰਝੂ ਗੈਸ ਛੱਡੀ ਤੇ ਲਾਠੀਚਾਰਜ ਕੀਤਾ।

ਨੋਇਡਾ ਦੇ ਫੇਜ਼ 2 ਵਿੱਚ ਨਿੱਜੀ ਕੰਪਨੀ 'ਮਦਰਸਨ' ਦੇ ਵਰਕਰਾਂ ਤੇ ਪੁਲਸ ਵਿਚਾਲੇ ਝੜਪਾਂ ਦੌਰਾਨ ਪੂਰਾ ਇਲਾਕਾ ਘੰਟਿਆਂ ਤੱਕ ਯੁੱਧ ਖੇਤਰ ਬਣਿਆ ਰਿਹਾ। ਇਸ ਦੌਰਾਨ ਦਿੱਲੀ-ਮੇਰਠ ਐੱਕਸਪ੍ਰੈੱਸਵੇਅ ਸਮੇਤ ਨੋਇਡਾ-ਗਾਜ਼ੀਆਬਾਦ ਦੇ ਕਈ ਇਲਾਕਿਆਂ ਵਿੱਚ ਆਵਾਜਾਈ ਜਾਮ ਹੋ ਗਈ। ਵਾਹਨਾਂ ਨੂੰ ਸਾੜਿਆ ਗਿਆ ਅਤੇ ਸੜਕਾਂ ਰੋਕ ਦਿੱਤੀਆਂ ਗਈਆਂ। ਵਾਇਰਲ ਵੀਡੀਓ ਵਿੱਚ ਇੱਕ ਮਜ਼ਦੂਰ ਨੂੰ ਪੁਲਸ ਧੂੰਹਦੀਂ ਅਤੇ ਉਸ ਦੇ ਸਾਥੀ ਚੀਕਦੇ ਨਜ਼ਰ ਆਏ। ਮਜ਼ਦੂਰ ਹਰਿਆਣਾ ਵਾਂਗ ਘੱਟੋ-ਘੱਟ ਉਜਰਤ ਦੀ ਮੰਗ ਕਰ ਰਹੇ ਹਨ।

ਆਰਜ਼ੀ ਵਰਕਰਾਂ ਦਾ ਕਹਿਣਾ ਹੈ ਕਿ ਕੰਪਨੀ ਨੇ ਨਵੇਂ ਕਿਰਤ ਕਾਨੂੰਨਾਂ ਦੇ ਉਪਬੰਧਾਂ ਨੂੰ ਲਾਗੂ ਨਹੀਂ ਕੀਤਾ, ਜਿਸ ਕਾਰਨ ਉਹ ਨਾਰਾਜ਼ ਹਨ। ਮਜ਼ਦੂਰਾਂ ਨੇ ਸਵੇਰੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਸੈਕਟਰ 1, 60 ਅਤੇ 84 ਦੀਆਂ ਮੁੱਖ ਸੜਕਾਂ ਬੰਦ ਕਰ ਦਿੱਤੀਆਂ।

ਇੱਕ ਮਹਿਲਾ ਮਜ਼ਦੂਰ ਨੇ ਦੱਸਿਆ, 'ਮੈਂ ਮਦਰਸਨ ਵਿੱਚ ਕੰਮ ਕਰਦੀ ਹਾਂ। ਸਾਨੂੰ ਘੱਟ ਤਨਖਾਹ ਮਿਲ ਰਹੀ ਹੈ। ਅਸੀਂ ਵੱਧ ਤਨਖਾਹ ਚਾਹੁੰਦੇ ਹਾਂ। ਜਦੋਂ ਅਸੀਂ ਧਰਨਾ-ਪ੍ਰਦਰਸ਼ਨ ਕੀਤਾ ਤਾਂ ਬਿਨਾਂ ਕਿਸੇ ਗਲਤੀ ਦੇ ਸਾਨੂੰ ਮਾਰਿਆ ਗਿਆ। ਮੇਰੀਆਂ ਲੱਤਾਂ 'ਤੇ ਡਾਂਗਾਂ ਮਾਰੀਆਂ। ਮੈਂ ਮੰਗ ਕਰਦੀ ਹਾਂ ਕਿ ਸਾਨੂੰ 20,000 ਤਨਖਾਹ ਮਿਲੇ। ਸਿਰਫ ਇਸ ਤਰ੍ਹਾਂ ਹੀ ਅਸੀਂ ਆਪਣੇ ਜੀਵਨ ਨੂੰ ਚਲਾਉਣ ਯੋਗ ਹੋ ਸਕਦੇ ਹਾਂ, ਨਹੀਂ ਤਾਂ ਹੜਤਾਲ ਜਾਰੀ ਰਹੇਗੀ।' ਇੱਕ ਹੋਰ ਨੇ



ਕਿਹਾ, 'ਸਰਕਾਰ ਨੇ ਤਨਖਾਹ ਵਧਾਉਣ ਦਾ ਵਾਅਦਾ ਕੀਤਾ ਸੀ। ਸਰਕਾਰ ਤਨਖਾਹ ਕਿਉਂ ਨਹੀਂ ਵਧਾ ਰਹੀ? ਪੁਲਸ ਵਾਲੇ ਮਹਿਲਾਵਾਂ ਨੂੰ ਲਾਠੀਆਂ ਕਿਉਂ ਮਾਰ ਰਹੇ ਹਨ? ਲਾਠੀਚਾਰਜ ਦੀ ਲੋੜ ਕੀ ਸੀ?'

ਇੱਕ ਹੋਰ ਮਜ਼ਦੂਰ ਨੇ ਕਿਹਾ, 'ਸਾਨੂੰ 8 ਘੰਟੇ ਦੇ ਕੰਮ ਲਈ 20,000 ਮਿਲਣੇ ਚਾਹੀਦੇ ਹਨ। ਕੁਝ ਕੰਪਨੀਆਂ ਸਿਰਫ 280 ਜਾਂ 300 ਰੁਪਏ ਵਧਾਉਂਦੀਆਂ ਹਨ, ਜਦਕਿ ਘਰ ਦਾ ਕਿਰਾਇਆ 500 ਰੁਪਏ ਵਧ ਜਾਂਦਾ ਹੈ।'

ਮਜ਼ਦੂਰ ਮੰਜੂ ਦੇਵੀ ਨੇ ਕਿਹਾ, 'ਮੈਨੂੰ 13 ਹਜ਼ਾਰ ਰੁਪਏ ਮਹੀਨਾ ਮਿਲਦੇ ਹਨ, ਜਦਕਿ 12 ਘੰਟੇ ਕੰਮ ਲਿਆ ਜਾਂਦਾ ਹੈ। ਮੈਂ ਚਾਰ ਬੱਚਿਆਂ ਨੂੰ ਇਸ ਤਨਖਾਹ ਨਾਲ ਕਿਵੇਂ ਪਾਲ ਸਕਦੀ ਹਾਂ? ਉਨ੍ਹਾਂ ਨੂੰ ਖੁਆ ਤੇ ਪੜ੍ਹਾ ਕਿਵੇਂ ਸਕਦੀ ਹਾਂ।'

ਇੱਕ ਹੋਰ ਮਜ਼ਦੂਰ ਨੇ ਕਿਹਾ, 'ਗੈਸ ਦੀਆਂ ਕੀਮਤਾਂ ਵਧ ਰਹੀਆਂ ਹਨ, ਪਰ ਸਾਡੀਆਂ ਤਨਖਾਹਾਂ ਨਹੀਂ ਵਧਾਈਆਂ ਜਾ ਰਹੀਆਂ। ਸਾਡੀ ਤਨਖਾਹ 13 ਹਜ਼ਾਰ ਰੁਪਏ ਹੈ, ਜਿਸ ਨੂੰ 20 ਹਜ਼ਾਰ ਰੁਪਏ ਕੀਤਾ ਜਾਣਾ ਚਾਹੀਦਾ ਹੈ।'

ਮਜ਼ਦੂਰਾਂ ਦਾ ਇਹ ਅਜਿਹਾ ਪਹਿਲਾ ਪ੍ਰੋਟੈੱਸਟ ਨਹੀਂ ਹੈ। ਇਸ ਸਾਲ ਦੀ ਸ਼ੁਰੂਆਤ ਤੋਂ ਹੀ ਉਦਯੋਗਿਕ ਕੇਂਦਰਾਂ ਵਿੱਚ ਕਾਮਿਆਂ ਦੇ ਪ੍ਰਦਰਸ਼ਨ ਚੱਲ ਰਹੇ ਹਨ, ਇੱਥੋਂ ਤੱਕ ਕਿ ਈਰਾਨ ਯੁੱਧ ਦੌਰਾਨ ਪੈਦਾ ਹੋਏ ਡੂੰਘੇ ਊਰਜਾ ਸੰਕਟ ਤੋਂ ਪਹਿਲਾਂ ਵੀ ਇਹ ਜਾਰੀ ਸਨ।

ਉਦਯੋਗਿਕ ਕਾਮਿਆਂ ਦੁਆਰਾ ਵੱਡੇ ਵਿਰੋਧ ਪ੍ਰਦਰਸ਼ਨ ਘੱਟੋ-ਘੱਟ ਪੰਜ ਥਾਵਾਂ 'ਤੇ ਹੋਏ, ਜਿਸ ਦੀ ਸ਼ੁਰੂਆਤ ਇਸ ਸਾਲ 2 ਫਰਵਰੀ ਨੂੰ ਬਿਹਾਰ ਦੇ ਉਦਯੋਗਿਕ ਕਸਬੇ ਬਰੌਨੀ ਤੋਂ ਹੋਈ ਸੀ। ਇਸ ਤੋਂ ਬਾਅਦ ਗੁਜਰਾਤ ਵਿੱਚ ਹੀਰਾ ਕੱਟਣ ਅਤੇ ਪਾਲਿਸ਼ ਕਰਨ ਦੇ ਕੇਂਦਰ ਸੂਰਤ ਵਿੱਚ, ਆਟੋਮੋਬਾਈਲ ਅਤੇ ਇਲੈਕਟ੍ਰਾਨਿਕਸ ਖੇਤਰ ਦੇ ਕੇਂਦਰ ਮਾਨੇਸਰ ਵਿੱਚ, ਟੈਕਸਟਾਈਲ ਅਤੇ ਰੀਸਾਈਕਲਿੰਗ ਦੇ ਕੇਂਦਰ ਪਾਣੀਪਤ ਵਿੱਚ ਅਤੇ ਫੁਟਵੀਅਰ ਅਤੇ ਟੈਕਸਟਾਈਲ ਨਿਰਮਾਣ ਖੇਤਰ ਦੇ ਕੇਂਦਰ ਨੋਇਡਾ ਵਿੱਚ ਪ੍ਰਦਰਸ਼ਨ ਹੋਏ।

ਇਨ੍ਹਾਂ ਦਾ ਸਾਂਝਾ ਵਿਸ਼ਾ ਹੈ ਕਿ ਕੰਮ ਦੀਆਂ ਬਿਹਤਰ ਸਥਿਤੀਆਂ ਹੋਣ, ਖਾਸ ਕਰਕੇ ਕੰਟਰੈਕਟ ਕਾਮਿਆਂ ਨੂੰ ਘੱਟੋ-ਘੱਟ ਉਜਰਤ, ਓਵਰਟਾਈਮ ਦਾ ਬਿਹਤਰ ਭੁਗਤਾਨ, ਬਕਾਇਆ ਰਕਮਾਂ ਦਾ ਨਿਪਟਾਰਾ ਅਤੇ ਨਿਯਮਤ ਕਾਮੇ ਵਾਂਗ ਬਰਾਬਰ ਕੰਮ ਦੀਆਂ ਸਥਿਤੀਆਂ ਹੋਣ। ਕਈ ਮਜ਼ਦੂਰ ਯੂਨੀਅਨਾਂ ਦੇ ਆਗੂਆਂ ਨੇ ਦੱਸਿਆ ਕਿ ਕਾਮਿਆਂ ਨੂੰ ਨਵੰਬਰ 2025 ਵਿੱਚ ਲੇਬਰ ਕੋਡ ਲਾਗੂ ਹੋਣ ਤੋਂ ਬਾਅਦ ਉਜਰਤਾਂ ਵਿੱਚ ਵਾਧੇ ਦੀ ਉਮੀਦ ਸੀ। ਹਾਲਾਂਕਿ, ਉਜਰਤਾਂ ਵਿੱਚ ਸੋਧ ਉਮੀਦ ਅਨੁਸਾਰ ਨਹੀਂ ਹੋਈ।

ਹਾਲ ਹੀ ਦੇ ਊਰਜਾ ਸੰਕਟ ਨਾਲ ਲੇਬਰ ਸੰਕਟ ਹੋਰ ਡੂੰਘਾ ਹੋ ਗਿਆ ਹੈ, ਜਿਸ ਨਾਲ ਪ੍ਰਵਾਸੀ ਮਜ਼ਦੂਰ ਰਹਿਣ-ਸਹਿਣ ਦੀ ਵਧੀ ਲਾਗਤ ਨਾਲ ਜੂਝ ਰਹੇ ਹਨ। ਪਿਛਲੇ ਹਫ਼ਤੇ ਹਰਿਆਣਾ ਸਰਕਾਰ ਨੇ ਮਾਨੇਸਰ ਸਮੇਤ ਪ੍ਰਮੁੱਖ ਉਦਯੋਗਿਕ ਕੇਂਦਰਾਂ ਵਿੱਚ ਕਾਮਿਆਂ ਦੇ ਵੱਡੇ ਪੱਧਰ 'ਤੇ ਪ੍ਰਦਰਸ਼ਨਾਂ ਤੋਂ ਬਾਅਦ ਇੱਕ ਦਹਾਕੇ ਤੋਂ ਵੱਧ ਦੇ ਵਕਫੇ ਬਾਅਦ ਗੈਰ-ਹੁਨਰਮੰਦ, ਨੀਮ-ਹੁਨਰਮੰਦ ਅਤੇ ਹੁਨਰਮੰਦ ਕਾਮਿਆਂ ਲਈ ਘੱਟੋ-ਘੱਟ ਉਜਰਤਾਂ ਵਿੱਚ ਵਾਧਾ ਕੀਤਾ ਸੀ। ਨੋਇਡਾ ਉਦਯੋਗਿਕ ਖੇਤਰ ਵਿੱਚ ਵਿਆਪਕ ਰੋਸ ਪ੍ਰਦਰਸ਼ਨ ਹਰਿਆਣਾ ਸਰਕਾਰ ਵੱਲੋਂ 9 ਮਾਰਚ ਨੂੰ 1 ਅਪ੍ਰੈਲ 2026 ਤੋਂ ਲਾਗੂ ਹੋਣ ਵਾਲੀਆਂ ਸੋਧੀਆਂ ਗਈਆਂ ਘੱਟੋ-ਘੱਟ ਉਜਰਤਾਂ ਤੋਂ ਬਾਅਦ ਹੋਇਆ ਹੈ।

ਹਰਿਆਣਾ ਵਿੱਚ ਗੈਰ-ਹੁਨਰਮੰਦ ਕਾਮਿਆਂ ਲਈ ਮੁੱਢਲੀ ਮਾਸਕ ਘੱਟੋ-ਘੱਟ ਉਜਰਤ ਵਧਾ ਕੇ 15,220.71 ਰੁਪਏ ਕਰ ਦਿੱਤੀ ਗਈ ਹੈ ਅਤੇ ਉੱਚ ਹੁਨਰਮੰਦ ਕਾਮਿਆਂ ਲਈ ਮਾਸਕ ਉਜਰਤ 19,42.85 ਰੁਪਏ ਕਰ ਦਿੱਤੀ ਗਈ ਹੈ। ਪ੍ਰਤੀ ਦਿਨ ਦੀ ਦਿਹਾੜੀ, ਜੋ ਕਿ ਠੇਕਾ ਕਰਮਚਾਰੀਆਂ 'ਤੇ ਲਾਗੂ ਹੋਵੇਗੀ, ਗੈਰ-ਹੁਨਰਮੰਦ ਕਾਮਿਆਂ ਲਈ 582.4 ਰੁਪਏ ਅਤੇ ਉੱਚ ਹੁਨਰਮੰਦ ਕਾਮਿਆਂ ਲਈ 747.14 ਰੁਪਏ ਹੋਵੇਗੀ।

## ਬਰਾੜ ਤੇ ਧਾਲੀਵਾਲ ਵੱਲੋਂ ਤਿੱਖੇ ਮੁਲਾਜ਼ਮ-ਮਜ਼ਦੂਰ ਸੰਘਰਸ਼ ਦੀ ਚਿਤਾਵਨੀ

**ਪਟਿਆਲਾ** : ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਪੰਜਾਬ ਸਰਕਾਰ ਵੱਲੋਂ ਮੁਲਾਜਮਾਂ—ਮਜ਼ਦੂਰਾਂ ਵਿਰੋਧੀ ਨਿੰਦਣਯੋਗ ਅਪਣਾਏ ਹੋਏ ਰਵੱਈਏ ਦੀ ਸਖਤ ਨਿਖੇਧੀ ਕਰਦਿਆਂ ਕਿਹਾ ਕਿ ਜਿਹੜੀ ਸਰਕਾਰ ਆਮ ਆਦਮੀ ਦੇ ਹੱਕਾਂ ਦੀ ਰਾਖੀ ਕਰਨ ਦੀ ਦਾਅਵੇਦਾਰ ਬਣ ਕੇ ਆਮ ਲੋਕਾਂ ਦੀਆਂ ਵੋਟਾਂ ਬਟੋਰਨ ਵਿੱਚ ਸਫਲ ਹੋਈ ਸੀ, ਹੁਣ ਉਹ ਪੂਰੀ ਤਰ੍ਹਾਂ ਮੁਲਾਜ਼ਮ—ਮਜ਼ਦੂਰ, ਬੇਰੁਜ਼ਗਾਰ ਨੌਜਆਨ, ਠੇਕਾ ਪ੍ਰਣਾਲੀ ਤਹਿਤ ਲੁੱਟੇ ਜਾਣ ਵਾਲੇ ਕਰਮਚਾਰੀ, ਸਕੀਮ ਵਰਕਰਾਂ, ਬੁਢਾਪੇ ਦੀ ਉਮਰ ਵਿੱਚ ਪ੍ਰਵੇਸ਼ ਕਰ ਚੁੱਕੇ ਪੈਨਸ਼ਨਰਾਂ, ਨਰੇਗਾ ਵਰਕਰਾਂ ਅਤੇ ਉਸਾਰੀ ਕਿਰਤੀਆਂ ਦੇ ਵਿਰੋਧ ਵਿੱਚ ਸਭ ਹੱਦਾਂ-ਬੰਨੇ ਟੱਪ ਕੇ ਭੁਗਤ ਰਹੀ ਹੈ, ਕਿਉਂਕਿ ਸਰਕਾਰ ਦੀ ਨੈਤਿਕ ਡਿਊਟੀ ਬਣਦੀ ਸੀ ਕਿ ਉਹ ਮਹਿੰਗਾਈ ਮੁਤਾਬਕ ਬਣਦੀਆਂ ਡੀ ਏ ਦੀਆਂ ਕਿਸ਼ਤਾਂ ਬਿਨਾਂ ਦੇਰੀ ਤੁਰੰਤ ਦਿੰਦੀ, ਪਰ ਹਰ 6 ਮਹੀਨੇ ਬਾਅਦ ਵਧਣ ਵਾਲੇ ਡੀ ਏ ਦੀਆਂ ਪੰਜ ਕਿਸ਼ਤਾਂ, ਜੋ ਕਿ ਤਨਖਾਹ ਦਾ 16 ਪ੍ਰਤੀਸ਼ਤ ਬਣਦੀਆਂ ਹਨ, ਜਿਹੜੀਆਂ ਕਿ ਨਹੀਂ ਦਿੱਤੀਆਂ ਗਈਆਂ। ਹੁਣ ਜੇਕਰ ਹਾਈ ਕੋਰਟ ਵੱਲੋਂ ਸਖਤ ਟਿਪਣੀਆਂ ਦਿੰਦੇ ਹੋਏ ਸਰਕਾਰ ਨੂੰ ਹਦਾਇਤ ਕੀਤੀ ਹੈ ਕਿ ਡੀ ਏ ਦੀਆਂ ਕਿਸ਼ਤਾਂ ਅਤੇ ਬਣਦਾ ਏਰੀਅਰ ਦਿੱਤਾ ਜਾਵੇ ਤਾਂ ਇਸ ਫੈਸਲੇ ਦਾ ਸਨਮਾਨ ਕਰਦੇ ਹੋਏ ਇਹ ਫੈਸਲਾ ਇਖਲਾਕੀ ਤੌਰ 'ਤੇ ਲਾਗੂ ਕਰਨਾ ਚਾਹੀਦਾ ਸੀ, ਪਰ ਇਸ ਦੇ ਵਿਰੁੱਧ ਵੀ ਡਬਲ ਬੈਂਚ ਜਾਂ ਸੁਪਰੀਮ ਕੋਰਟ ਵਿੱਚ ਅਪੀਲ ਦਾਇਰ ਕਰਨ ਦੀਆਂ ਘਾੜਤਾਂ ਘੜੀਆਂ ਜਾ ਰਹੀਆਂ ਹਨ। ਅਜਿਹਾ ਨਾ ਕਰਕੇ ਸਰਕਾਰ ਵੱਲੋਂ ਅਦਾਲਤੀ ਫੈਸਲੇ ਦੀ ਪਾਲਣਾ ਕਰਨੀ ਚਾਹੀਦੀ ਹੈ। ਇਸੇ ਤਰ੍ਹਾਂ ਘੱਟੋ-ਘੱਟ ਉਜਰਤਾਂ ਇੱਕ ਦਹਾਕੇ ਤੋਂ ਵੀ ਵੱਧ ਸਮੇਂ ਤੋਂ ਨਹੀਂ ਵਧਾਈਆਂ ਜਾ ਰਹੀਆਂ, ਜਦ ਕਿ ਗੁਆਂਢੀ ਰਾਜ ਹਰਿਆਣਾ ਵਲੋਂ ਲਗਭਗ 4000 ਰੁਪਏ ਦਾ ਵਾਧਾ ਕਰਕੇ ਘੱਟੋ-ਘੱਟ ਉਜਰਤ 15220 ਰੁਪਏ ਕਰ ਦਿੱਤੀ ਗਈ ਹੈ। ਨਰੇਗਾ ਕਾਮੇ, ਉਸਾਰੀ ਕਿਰਤੀ, ਆਂਗਣਵਾੜੀ, ਆਸ਼ਾ ਵਰਕਰ, ਠੇਕਾ ਕਰਮਚਾਰੀ, ਪੈਨਸ਼ਨਰ, ਪੁਰਾਣੀ ਪੈਨਸ਼ਨ ਬਹਾਲੀ ਲਈ ਲੜ ਰਹੇ ਮੁਲਾਜ਼ਮ ਅਤੇ ਪੀ ਆਰ ਟੀ ਸੀ ਦੇ ਮੁਲਾਜ਼ਮ ਆਦਿ ਆਪਣੀਆਂ ਜਾਇਜ਼ ਵਿੱਤੀ ਮੰਗਾਂ ਲਈ ਲਗਾਤਾਰ ਧਰਨੇ, ਮੁਜ਼ਾਹਰੇ, ਰੈਲੀਆਂ ਅਤੇ ਹੜਤਾਲਾਂ ਕਰਕੇ ਆਪਣੇ ਮਸਲੇ ਹੱਲ ਕਰਨ ਲਈ ਜੂਝ ਰਹੇ ਹਨ, ਪਰ ਸਰਕਾਰ ਖਾਮੋਸ਼ ਹੈ ਅਤੇ ਵੱਡੇ ਸਨਅਤਕਾਰਾਂ ਨੂੰ ਰਿਆਇਤਾਂ ਦੇਣ ਵਿੱਚ ਗਲਤਾਨ ਹੈ।

ਬਰਾੜ ਅਤੇ ਧਾਲੀਵਾਲ • ਬਾਕੀ ਸਫਾ 10 'ਤੇ

## ਗੱਲਬਾਤ ਨਾ ਹੋਣ 'ਤੇ ਲੱਦਾਖੀਆਂ 'ਚ ਨਿਰਾਸ਼ਾ ਵਧ ਰਹੀ : ਵਾਂਗਚੁੱਕ

**ਲੇਹ** : ਵਾਤਾਵਰਨ ਕਾਰਕੁੰਨ ਸੋਨਮ ਵਾਂਗਚੁੱਕ ਨੇ ਸੋਮਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਲੱਦਾਖ ਦੇ ਭਖਦੇ ਮਸਲਿਆਂ ਦੇ ਹੱਲ ਲਈ 'ਸਮੇਂ ਸਿਰ ਕਦਮ' ਚੁੱਕਣ ਦੀ ਅਪੀਲ ਕੀਤੀ ਹੈ। ਵਾਂਗਚੁੱਕ ਨੇ ਚਿੰਤਾ ਪ੍ਰਗਟਾਈ ਕਿ ਕੇਂਦਰੀ ਗ੍ਰਹਿ ਮੰਤਰਾਲੇ ਅਤੇ ਲੱਦਾਖ ਦੇ ਆਗੂਆਂ ਵਿਚਾਲੇ ਹੋਣ ਵਾਲੀ ਅਗਲੇ ਦੌਰ ਦੀ ਗੱਲਬਾਤ ਲਈ ਅਜੇ ਤੱਕ ਕੋਈ ਤਰੀਕ ਤੈਅ ਨਹੀਂ ਕੀਤੀ ਗਈ, ਜਿਸ ਕਾਰਨ ਖਿੱਤੇ ਦੇ ਲੋਕਾਂ ਵਿੱਚ ਨਿਰਾਸ਼ਾ ਵਧ ਰਹੀ ਹੈ। 'ਭਰੋਸੇ ਅਤੇ ਬੇਭਰੋਸਗੀ ਵਿਚਾਲੇ ਲਟਕਦਾ ਲੱਦਾਖ' ਸਿਰਲੇਖ ਹੇਠ ਲਿਖਦਿਆਂ ਵਾਂਗਚੁੱਕ ਨੇ ਕਿਹਾ ਕਿ ਉਨ੍ਹਾ ਦੀ ਨਜ਼ਰਬੰਦੀ ਖਤਮ ਹੋਏ ਨੂੰ ਅੱਜ ਪੂਰਾ ਇੱਕ ਮਹੀਨਾ ਬੀਤ ਚੁੱਕਾ ਹੈ। ਨਜ਼ਰਬੰਦੀ ਹਟਾਉਣ ਦੇ ਫੈਸਲੇ ਨਾਲ ਇੱਕ ਉਮੀਦ ਜਾਗੀ ਸੀ ਕਿ ਕੇਂਦਰ ਸਰਕਾਰ ਪੁਰਾਣੀਆਂ ਗਲਤੀਆਂ ਸੁਧਾਰ ਕੇ 'ਆਪਸੀ ਵਿਸ਼ਵਾਸ' ਅਤੇ 'ਸਾਰਥਕ ਗੱਲਬਾਤ' ਦਾ ਰਾਹ ਪੱਧਰਾ ਕਰੇਗੀ। ਉਨ੍ਹਾ ਅਫਸੋਸ ਜਤਾਇਆ ਕਿ 4 ਫਰਵਰੀ ਨੂੰ ਹੋਈ ਪਿਛਲੀ ਮੀਟਿੰਗ ਤੋਂ ਬਾਅਦ ਢਾਈ ਮਹੀਨੇ ਬੀਤ ਜਾਣ 'ਤੇ ਵੀ ਅਗਲੀ ਗੱਲਬਾਤ ਦਾ ਕੋਈ ਨਾਮੋ-ਨਿਸ਼ਾਨ ਨਹੀਂ ਹੈ। ਵਾਂਗਚੁੱਕ ਨੇ ਚਿਤਾਵਨੀ ਦਿੱਤੀ ਕਿ ਗੱਲਬਾਤ ਵਿੱਚ ਹੋ ਰਹੀ ਦੇਰੀ ਦਾ ਫਾਇਦਾ ਚੁੱਕ ਕੇ ਕੁੱਝ ਸ਼ਰਾਰਤੀ ਅਨਸਰ ਲੇਹ ਅਤੇ ਕਾਰਗਿਲ (ਬੋਧੀ ਅਤੇ ਮੁਸਲਿਮ) ਭਾਈਚਾਰਿਆਂ ਵਿਚਾਲੇ ਫਿਰਕੂ ਪਾੜਾ ਪਾਉਣ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ। ਉਨ੍ਹਾ ਕਿਹਾ, "ਸੰਵੇਦਨਸ਼ੀਲ ਸਰਹੱਦੀ ਖੇਤਰ ਦੇ ਲੋਕ ਖੁਦ ਨੂੰ ਹਤਾਸ਼ ਮਹਿਸੂਸ ਕਰ ਰਹੇ ਹਨ। ਮੈਂ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਨੂੰ ਅਪੀਲ ਕਰਦਾ ਹਾਂ ਕਿ ਦੇਸ਼ ਹਿੱਤ ਨੂੰ ਮੁੱਖ ਰੱਖਦਿਆਂ ਇਨ੍ਹਾਂ ਮਸਲਿਆਂ ਨੂੰ ਜਲਦ ਤੋਂ ਜਲਦ ਹੱਲ ਕੀਤਾ ਜਾਵੇ।" ਪਿਛਲੇ ਮਹੀਨੇ ਲੇਹ ਐਪੈਕਸ ਬਾਡੀ ਅਤੇ ਕਾਰਗਿਲ ਡੈਮੋਕ੍ਰੇਟਿਕ ਅਲਾਇੰਸ ਦੇ ਸੱਦੇ 'ਤੇ ਲੱਦਾਖ ਵਿੱਚ ਵੱਡੇ ਰੋਸ ਮੁਜ਼ਾਹਰੇ ਹੋਏ ਸਨ। ਪ੍ਰਦਰਸ਼ਨਕਾਰੀਆਂ ਦੀ ਮੁੱਖ ਮੰਗ ਲੱਦਾਖ ਨੂੰ ਪੂਰਨ ਰਾਜ ਦਾ ਦਰਜਾ ਦੇਣ ਅਤੇ ਸੰਵਿਧਾਨ ਦੇ ਛੇਵੇਂ ਸ਼ਡਿਊਲ ਵਿੱਚ ਸ਼ਾਮਲ ਕਰਨ ਦੀ ਹੈ। ਹਾਲਾਂਕਿ ਪ੍ਰਸ਼ਾਸਨਕ ਅਧਿਕਾਰੀ ਪਿਛਲੀਆਂ ਮੀਟਿੰਗਾਂ ਨੂੰ 'ਸਾਰਥਕ' ਦੱਸ ਰਹੇ ਹਨ, ਪਰ ਲੱਦਾਖੀ ਆਗੂਆਂ ਨੇ ਇਨ੍ਹਾਂ ਨੂੰ 'ਬੇਸਿੱਟਾ' ਕਰਾਰ ਦਿੱਤਾ ਹੈ।

## ਕਾਮਰੇਡ ਨਰੰਜਣ ਸਿੰਘ ਸੁੱਜੋਂ ਦੀ ਸਾਲਾਨਾ ਬਰਸੀ 19 ਨੂੰ



**ਬੰਗਾ** (ਅਵਤਾਰ ਕਲੇਰ)

ਕਿਰਤੀਆਂ, ਕਿਸਾਨਾਂ ਅਤੇ ਗਰੀਬਾਂ ਲਈ ਦਿਨ-ਰਾਤ ਸੰਘਰਸ਼ ਕਰਨ ਵਾਲੇ ਕਮਿਊਨਿਸਟ ਪਾਰਟੀਆਂ ਦੇ ਸਾਂਝੇ ਆਗੂ ਕਾਮਰੇਡ ਨਰੰਜਣ ਸਿੰਘ ਸੁੱਜੋਂ ਦੀ ਸਾਲਾਨਾ ਬਰਸੀ 19 ਅਪ੍ਰੈਲ ਨੂੰ ਬੰਗਾ ਰੋਡ, ਨਵਾਂ ਸ਼ਹਿਰ ਵਿਖੇ ਸਾਰੀਆਂ ਹੀ ਖੱਬੀਆਂ ਪਾਰਟੀਆਂ ਵੱਲੋਂ ਸਾਂਝੇ ਤੌਰ 'ਤੇ ਮਨਾਈ ਜਾਵੇਗੀ।

ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਭੰਗਲ, ਆਰ ਐੱਮ ਪੀ ਆਈ ਦੇ ਆਗੂ ਅਤੇ ਕਾਮਰੇਡ ਨਰੰਜਣ ਸਿੰਘ ਸੁੱਜੋਂ ਦੇ ਬੇਟੇ ਕੁਲਦੀਪ ਸਿੰਘ ਸੁੱਜੋਂ ਨੇ ਦੱਸਿਆ ਕਿ ਇਸ ਸਾਲਾਨਾ ਬਰਸੀ ਨੂੰ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ, ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਬੰਤ ਸਿੰਘ ਬਰਾੜ, ਆਰ ਐੱਮ ਪੀ ਆਈ ਦੇ ਕੌਮੀ ਜਨਰਲ ਸਕੱਤਰ ਮੰਗਤ ਰਾਮ ਪਾਸਲਾ ਤੋਂ ਇਲਾਵਾ ਹੋਰ ਵੀ ਆਗੂ ਸੰਬੋਧਨ ਕਰਨਗੇ।

## ਡੁਪਲੀਕੇਟ ਈਸਾ



**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ 'ਟਰੁਥ ਸੋਸ਼ਲ' 'ਤੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਦੁਆਰਾ ਤਿਆਰ ਕੀਤੀ ਤਸਵੀਰ ਸਾਂਝੀ ਕੀਤੀ ਹੈ, ਜਿਸ ਵਿੱਚ ਉਨ੍ਹਾ ਨੂੰ ਹਜ਼ਰਤ ਈਸਾ ਮਸੀਹ ਦੇ ਰੂਪ ਵਿੱਚ ਦਿਖਾਇਆ ਗਿਆ ਹੈ। ਤਸਵੀਰ ਵਿੱਚ ਟਰੰਪ ਬਾਈਬਲ ਕਾਲ ਦੇ ਚੋਲੇ ਵਿੱਚ ਨਜ਼ਰ ਆ ਰਹੇ ਹਨ ਅਤੇ ਇੱਕ ਬਿਮਾਰ ਵਿਅਕਤੀ 'ਤੇ ਹੱਥ ਰੱਖ ਕੇ ਉਸ ਦਾ ਇਲਾਜ ਕਰ ਰਹੇ ਹਨ, ਜਦੋਂ ਕਿ ਉਨ੍ਹਾ ਦੀਆਂ ਉਂਗਲਾਂ ਵਿੱਚੋਂ ਰੌਸ਼ਨੀ ਨਿਕਲ ਰਹੀ ਹੈ।

ਇਹ ਤਸਵੀਰ ਉਦੋਂ ਸਾਹਮਣੇ ਆਈ ਹੈ ਜਦੋਂ ਟਰੰਪ ਅਤੇ ਕੈਥੋਲਿਕ ਚਰਚ ਦੇ ਸਰਵਉੱਚ ਆਗੂ ਪੋਪ ਲੀਓ ਵਿਚਾਲੇ ਸ਼ਬਦੀ ਜੰਗ ਤੇਜ਼ ਹੋ ਗਈ ਹੈ। ਪੋਪ ਵੱਲੋਂ ਅਮਰੀਕਾ-ਈਰਾਨ ਜੰਗ ਦੀ ਨਿਖੇਧੀ ਕੀਤੇ ਜਾਣ ਤੋਂ ਭੜਕੇ ਟਰੰਪ ਨੇ ਕਿਹਾ, "ਮੈਂ ਪੋਪ ਲੀਓ ਦਾ ਕੋਈ ਪ੍ਰਸ਼ੰਸਕ ਨਹੀਂ ਹਾਂ। ਉਹ ਬਹੁਤ ਉਦਾਰਵਾਦੀ ਵਿਅਕਤੀ ਹਨ ਅਤੇ ਅਪਰਾਧਾਂ ਪ੍ਰਤੀ ਨਰਮ ਹਨ। ਉਹ 'ਕੱਟੜਪੰਥੀ ਖੱਬੇਪੱਖੀਆਂ' ਦੇ ਹੱਥਾਂ ਵਿੱਚ ਖੇਡਣਾ ਬੰਦ ਕਰਨ।" ਟਰੰਪ ਨੇ ਇੱਥੋਂ ਤੱਕ ਕਹਿ ਦਿੱਤਾ ਕਿ ਜੇ ਉਹ ਵ੍ਹਾਈਟ ਹਾਊਸ ਵਿੱਚ ਨਾ ਹੁੰਦੇ, ਤਾਂ ਲੀਓ ਸ਼ਾਇਦ ਵੈਟੀਕਨ ਵਿੱਚ ਨਾ ਹੁੰਦੇ। ਟਰੰਪ ਵੱਲੋਂ ਪਵਿੱਤਰ ਧਾਰਮਿਕ ਚਿੰਨ੍ਹਾਂ ਦੀ ਸਿਆਸੀ ਮੰਤਵ ਲਈ ਵਰਤੋਂ ਕਰਨ 'ਤੇ ਕਈ ਧਾਰਮਿਕ ਸਮੂਹਾਂ ਨੇ ਕਿਹਾ ਹੈ ਕਿ ਖੁਦ ਨੂੰ ਈਸਾ ਮਸੀਹ ਵਾਂਗ ਪੇਸ਼ ਕਰਨਾ ਇਸਾਈ ਮਾਨਤਾਵਾਂ ਦਾ ਅਪਮਾਨ ਹੈ। ਦੂਜੇ ਪਾਸੇ ਟਰੰਪ ਦੇ ਸਮਰਥਕ ਇਸ ਨੂੰ ਮਹਿਜ਼ ਇੱਕ 'ਡਿਜੀਟਲ ਵਿਅੰਗ' ਕਰਾਰ ਦੇ ਰਹੇ ਹਨ।

ਪੋਪ ਨੇ ਜੰਗ ਨੂੰ 'ਸਰਵਸ਼ਕਤੀਮਾਨ ਹੋਣ ਦਾ ਭੁਲੇਖਾ' ਦੱਸਿਆ ਸੀ, ਜਦੋਂਕਿ ਟਰੰਪ ਨੇ ਇਸ ਨ੍ਹ • ਬਾਕੀ ਸਫਾ 10 'ਤੇ

## ਉਮਰ ਖਾਲਿਦ ਮੁੜ ਸੁਪਰੀਮ ਕੋਰਟ ਪੁੱਜਾ

**ਨਵੀਂ ਦਿੱਲੀ** : ਵਿਦਿਆਰਥੀ ਆਗੂ ਉਮਰ ਖਾਲਿਦ ਨੇ ਸੁਪਰੀਮ ਕੋਰਟ ਵਿੱਚ ਇੱਕ ਪਟੀਸ਼ਨ ਦਾਇਰ ਕਰਕੇ ਉਸ ਫੈਸਲੇ ਦੀ ਨਜ਼ਰਸਾਨੀ ਕਰਨ ਦੀ ਮੰਗ ਕੀਤੀ ਹੈ, ਜਿਸ ਵਿੱਚ ਉਸ ਨੂੰ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ ਸੀ। ਅਦਾਲਤ ਨੇ ਪਹਿਲਾਂ ਇਹ ਮੰਨਿਆ ਸੀ ਕਿ 2020 ਦੇ ਦਿੱਲੀ ਦੰਗਿਆਂ ਪਿੱਛੇ ਰਚੀ ਗਈ ਸਾਜ਼ਿਸ਼ ਵਿੱਚ ਖਾਲਿਦ ਵਿਰੁੱਧ ਲਗਾਏ ਗਏ ਦੋਸ਼ਾਂ ਦੇ ਪੁਖ਼ਤਾ ਆਧਾਰ ਹਨ। ਉਮਰ ਖਾਲਿਦ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਕਪਿਲ ਸਿੱਬਲ ਨੇ ਜਸਟਿਸ ਅਰਵਿੰਦ ਕੁਮਾਰ ਅਤੇ ਜਸਟਿਸ ਐੱਨ ਵੀ ਅੰਜਾਰੀਆ ਦੀ ਬੈਂਚ ਨੂੰ ਅਪੀਲ ਕੀਤੀ ਕਿ ਇਸ ਮੁੜ ਵਿਚਾਰ ਪਟੀਸ਼ਨ ਦੀ ਸੁਣਵਾਈ ਚੈਂਬਰ ਦੀ ਬਜਾਏ ਖੁੱਲ੍ਹੀ ਅਦਾਲਤ ਵਿੱਚ ਕੀਤੀ ਜਾਵੇ। ਸਿੱਬਲ ਨੇ ਦੱਸਿਆ ਕਿ ਇਹ ਮਾਮਲਾ 16 ਅਪਰੈਲ ਨੂੰ ਜੱਜਾਂ ਦੇ ਸਾਹਮਣੇ ਵਿਚਾਰ ਲਈ ਆ ਰਿਹਾ ਹੈ ਅਤੇ ਉਨ੍ਹਾਂ ਖੁੱਲ੍ਹੀ ਬਹਿਸ ਲਈ ਅਰਜ਼ੀ ਦਿੱਤੀ ਹੈ, ਜਿਸ 'ਤੇ ਜਸਟਿਸ ਕੁਮਾਰ ਨੇ ਕਿਹਾ ਕਿ ਉਹ ਦਸਤਾਵੇਜ਼ਾਂ ਦੀ ਜਾਂਚ ਕਰਨ ਤੋਂ ਬਾਅਦ ਦੱਸਣਗੇ। ਸੁਪਰੀਮ ਕੋਰਟ ਦੇ ਨਿਯਮਾਂ ਅਨੁਸਾਰ ਆਮ ਤੌਰ 'ਤੇ ਅਜਿਹੀਆਂ ਪਟੀਸ਼ਨਾਂ 'ਤੇ ਜੱਜ ਆਪਣੇ ਚੈਂਬਰ ਵਿੱਚ ਹੀ ਵਿਚਾਰ ਕਰਦੇ ਹਨ, ਤਾਂ ਕਿ ਕਿਸੇ ਵੱਡੀ ਗਲਤੀ ਜਾਂ ਬੇਇਨਸਾਫੀ ਨੂੰ ਸੁਧਾਰਿਆ ਜਾ ਸਕੇ, ਪਰ ਪੀੜਤ ਪੱਖ ਖੁੱਲ੍ਹੀ ਸੁਣਵਾਈ ਦੀ ਮੰਗ ਵੀ ਕਰ ਸਕਦਾ ਹੈ। ਇਸ ਤੋਂ ਪਹਿਲਾਂ 5 ਜਨਵਰੀ ਨੂੰ ਅਦਾਲਤ ਨੇ ਖਾਲਿਦ ਅਤੇ ਸ਼ਰਜੀਲ ਇਮਾਮ ਦੀ ਜ਼ਮਾਨਤ ਰੱਦ ਕਰ ਦਿੱਤੀ ਸੀ, ਜਦੋਂ ਕਿ ਪੰਜ ਹੋਰਨਾਂ ਨੂੰ ਜ਼ਮਾਨਤ ਦੇ ਦਿੱਤੀ ਸੀ।

## ਅੱਜ-ਨਾਮਾ

ਮੁੱਕਿਆ ਨਹੀਂ ਈਰਾਨ ਨਾਲ ਅਜੇ ਰੱਫੜ,
ਸੁਣਦੀ ਸੀਗੀ ਸਮਝੌਤੇ ਲਈ ਤਾਨ ਮੀਆਂ।
ਅੜੀ ਛੱਡੀ ਨਹੀਂ ਮਾਸਾ ਅਮਰੀਕੀਆਂ ਵੀ,
ਝੁਕਣਾ ਈਰਾਨ ਦਾ ਨਹੀਂ ਆਸਾਨ ਮੀਆਂ।
ਪਰਤੀਆਂ ਧਿਰਾਂ ਸਮਝੌਤੇ ਤੋਂ ਬਿਨਾਂ ਦੋਵੇਂ,
ਨੋਬਲ ਭਾਲਦਾ ਰਿਹਾ ਪਾਕਿਸਤਾਨ ਮੀਆਂ।
ਟੁੱਟ ਗਈ ਵਾਰਤਾ, ਫੇਰ ਤਣਾਅ ਬਣਿਆ,
ਲੱਗਾ ਫਿਰ ਲੜਨ ਨੂੰ ਹੋਣ ਐਲਾਨ ਮੀਆਂ।
ਚੜ੍ਹੀ ਜਦ ਟਰੰਪ ਨੂੰ ਚਿੱਪ ਈਰਾਨੀਆਂ ਦੀ,
ਕਰ ਲਿਆ ਮੂੰਹ ਸੀ ਚੀਨ ਦੇ ਵੱਲ ਮੀਆਂ।
ਈਰਾਨ ਨਾਲ ਕਿਉਂ ਚੀਨ ਆ ਖੜਾ ਹੁੰਦਾ,
ਛੇੜੀ ਲੜਨ ਦੀ ਉਹਦੇ ਨਾਲ ਗੱਲ ਮੀਆਂ।

-ਤੀਸ ਮਾਰ ਖਾਂ

## ਹਾਰਮੁਜ਼ ਦੀ ਨਾਕਾਬੰਦੀ 'ਚ ਟਰੰਪ ਦਾ ਸਾਥ ਨਹੀਂ ਦੇਵਾਂਗੇ : ਸਟਾਰਮਰ

**ਲੰਡਨ** : ਹਾਰਮੁਜ਼ ਜਲਡਮਰੂ ਦੀ ਨਾਕਾਬੰਦੀ ਨੂੰ ਲੈ ਕੇ ਬ੍ਰਿਟਿਸ਼ ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਸੋਮਵਾਰ ਸਪੱਸ਼ਟ ਕੀਤਾ ਕਿ ਦਬਾਅ ਚਾਹੇ ਜਿੰਨਾ ਵੀ ਹੋਵੇ, ਬ੍ਰਿਟੇਨ ਨਾ ਤਾਂ ਈਰਾਨ ਨਾਲ ਜੰਗ ਵਿੱਚ ਸ਼ਾਮਲ ਹੋਵੇਗਾ ਅਤੇ ਨਾ ਹੀ ਇਸ ਨਾਕਾਬੰਦੀ ਦਾ ਹਿੱਸਾ ਬਣੇਗਾ। ਉਨ੍ਹਾ ਕਿਹਾ, 'ਅਸੀਂ ਇਸ ਨਾਕਾਬੰਦੀ ਦਾ ਸਮਰਥਨ ਨਹੀਂ ਕਰ ਰਹੇ।'

ਸਟਾਰਮਰ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਜਲਡਮਰੂ ਨੂੰ ਮੁੜ ਖੁਲ੍ਹਵਾਉਣਾ ਬਹੁਤ ਜ਼ਰੂਰੀ ਹੈ, ਤਾਂ ਜੋ ਊਰਜਾ ਦੀਆਂ ਕੀਮਤਾਂ ਨੂੰ ਕਾਬੂ ਵਿੱਚ ਰੱਖਿਆ ਜਾ ਸਕੇ। ਬ੍ਰਿਟੇਨ ਫਰਾਂਸ ਅਤੇ ਹੋਰ ਸਾਥੀਆਂ ਨਾਲ ਮਿਲ ਕੇ ਸਮੁੰਦਰੀ ਆਵਾਜਾਈ ਦੀ ਆਜ਼ਾਦੀ ਦੀ ਰੱਖਿਆ ਲਈ ਇੱਕ ਵੱਡਾ ਗੱਠਜੋੜ ਬਣਾਉਣ 'ਤੇ ਕੰਮ ਕਰ ਰਿਹਾ ਹੈ। ਹਾਲਾਂਕਿ ਬ੍ਰਿਟੇਨ ਕੋਲ ਬਾਰੂਦੀ ਸੁਰੰਗਾਂ ਹਟਾਉਣ ਵਾਲੇ ਜਹਾਜ਼ ਮੌਜੂਦ ਹਨ, ਪਰ ਸਟਾਰਮਰ ਨੇ ਸਪੱਸ਼ਟ ਕੀਤਾ ਕਿ ਇਹ ਟਰੰਪ ਦੀ ਨਾਕਾਬੰਦੀ ਦਾ ਹਿੱਸਾ ਨਹੀਂ ਹੋਣਗੇ। ਟਰੰਪ ਨੇ ਦਾਅਵਾ ਕੀਤਾ ਸੀ ਕਿ ਇਸ ਨਾਕਾਬੰਦੀ ਵਿੱਚ ਹੋਰ ਦੇਸ਼ ਵੀ ਸ਼ਾਮਲ ਹੋਣਗੇ, ਪਰ ਬ੍ਰਿਟੇਨ ਦੇ ਇਨਕਾਰ ਨੇ ਉਨ੍ਹਾ ਨੂੰ ਵੱਡਾ ਝਟਕਾ ਦਿੱਤਾ ਹੈ। ਟਰੰਪ ਅਤੇ ਅਮਰੀਕੀ ਕੇਂਦਰੀ ਕਮਾਂਡ ਨੇ ਐਲਾਨ ਕੀਤਾ ਹੈ ਕਿ ਈਰਾਨੀ ਬੰਦਰਗਾਹਾਂ ਦੀ ਨਾਕਾਬੰਦੀ ਸੋਮਵਾਰ ਦੁਪਹਿਰ ਤੋਂ ਸ਼ੁਰੂ ਹੋ ਜਾਵੇਗੀ। ਟਰੰਪ ਨੇ ਕਿਹਾ ਕਿ ਜਿਹੜਾ ਵੀ ਜਹਾਜ਼ ਈਰਾਨ ਨੂੰ ਕਿਸੇ ਵੀ ਤਰ੍ਹਾਂ ਦਾ 'ਟੈਕਸ' ਜਾਂ 'ਫੀਸ' ਦੇਵੇਗਾ, ਉਸ ਨੂੰ ਅੰਤਰਰਾਸ਼ਟਰੀ ਜਲ ਖੇਤਰ ਵਿੱਚੋਂ ਲੰਘਣ ਨਹੀਂ ਦਿੱਤਾ ਜਾਵੇਗਾ।

ਜੇ ਕਿਸੇ ਈਰਾਨੀ ਨੇ ਅਮਰੀਕੀ ਜਾਂ ਕਿਸੇ ਸ਼ਾਂਤੀਪੂਰਨ ਜਹਾਜ਼ 'ਤੇ ਗੋਲੀ ਚਲਾਈ ਤਾਂ ਉਸ ਨੂੰ ਤਬਾਹ ਕਰ ਦਿੱਤਾ ਜਾਵੇਗਾ। ਹਾਰਮੁਜ਼ ਬੰਦ ਹੋਣ ਕਾਰਨ ਕੱਚੇ ਤੇਲ ਦੀਆਂ ਕੀਮਤਾਂ ਪਹਿਲਾਂ ਹੀ 100 ਡਾਲਰ ਪ੍ਰਤੀ ਬੈਰਲ ਨੂੰ ਪਾਰ ਕਰ ਚੁੱਕੀਆਂ ਹਨ।

ਖ਼ਾਲਸਾ ਯੂਨੀਵਰਸਿਟੀ, ਅੰਮ੍ਰਿਤਸਰ
Academic Wisdom Since 1890
KHALSA UNIVERSITY, AMRITSAR
Recognized Under Section 2 (f) of the UGC Act, 1956
ADMISSION OPEN FOR SESSION 2026-27

School of Agriculture
School of Life Sciences
School of Management
School of Commerce
School of Nursing
School of Computer Science
School of Pharmacy
School of Education
School of Allied and Healthcare Sciences
School of Engineering and Technology
School of Physiotherapy
School of Fashion Designing and Cosmetology
School of Physical and Applied Sciences
School of Journalism and Mass Communication
School of Religious Studies
School of Languages
School of Sports Sciences
School of Law
School of Social Sciences

Global Pathways : International Collaborations with highly ranked Universities
B. TECH PROGRAMS IN COLLABORATION WITH LEADING INDUSTRY PARTNER L&T (LARSEN & TOUBRO)
MERIT-BASED SCHOLARSHIPS AND FEE CONCESSIONS

ਖ਼ਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਸਮੂਹ ਦੇਸ਼ਵਾਸੀਆਂ ਨੂੰ ਲੱਖ-ਲੱਖ ਵਧਾਈ ਹੋਵੇ।

S. Satyajit Singh Majithia, Chancellor
S. Rajinder Mohan Singh Chhina, Pro-Chancellor
Dr. Mehal Singh, Vice-Chancellor
Dr. Surinder Kaur, Dean Academics
Dr. Khushvinder Kumar, Registrar

Contact Numbers : 9501033772, 9876122316, 8288846727, 7087825405
Email: admissions@khalsauniversity.ac.in
Website: https://www.khalsauniversity.ac.in

# ਸਮਾਨਤਾ ਦੇ ਅਲੰਬਰਦਾਰ ਡਾ. ਭੀਮ ਰਾਓ ਅੰਬੇਡਕਰ



**ਆਤਮਾ ਸਿੰਘ ਪਮਾਰ**

ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਕਿਸੇ ਜਾਣ-ਪਛਾਣ ਦੇ ਮੁਥਾਜ਼ ਨਹੀਂ।ਡਾ. ਸਾਹਿਬ ਦਾ ਨਾਂਅ ਸਿਰਫ ਭਾਰਤ ਹੀ ਨਹੀਂ, ਸਗੋਂ ਦੁਨੀਆਂ ਦੇ ਅੰਬਰ 'ਤੇ ਧਰੂ ਤਾਰੇ ਵਾਂਗ ਚਮਕਿਆ ਅਤੇ ਚਮਕ ਵੀ ਰਿਹਾ ਹੈ। ਅਜਿਹੀ ਸ਼ਖ਼ਸੀਅਤ ਦੇ ਜੀਵਨ ਦੀਆਂ ਦੁਖਦ ਅਤੇ ਅਲੋਕਾਰੀ ਘਟਨਾਵਾਂ ਬਾਰੇ ਪੜ੍ਹ-ਸੁਣ ਕੇ ਕਈ ਵਾਰ ਤਾਂ ਮਨ ਭਰ ਆਉਂਦਾ ਹੈ ਅਤੇ ਉਸੇ ਸਮੇਂ ਹੀ ਉਨ੍ਹਾਂ ਵੱਲੋਂ ਪਿੰਡੇ 'ਤੇ ਹੰਢਾਏ ਅਕਹਿ ਸਰੀਰਕ, ਮਾਨਸਿਕ ਦਰਦਾਂ, ਤਸੀਹਿਆਂ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਲਈ ਕੀਤੇ ਨਿਰਸਵਾਰਥ, ਭੇਦ-ਭਾਵ ਰਹਿਤ ਕਾਰਜਾਂ ਨੂੰ ਯਾਦ ਕਰਦਿਆਂ ਸਿਰ ਫ਼ਖ਼ਰ ਨਾਲ ਉਚਾ ਵੀ ਹੋ ਜਾਂਦਾ ਹੈ।

ਇਸ ਮਹਾਨ ਰਹਿਬਰ ਦੀ 14 ਅਪ੍ਰੈਲ 1891 ਨੂੰ ਮਹਾਰਾਸ਼ਟਰ ਦੇ ਜ਼ਿਲ੍ਹਾ ਪੂਨਾ ਦੀ ਮਹੂ ਛਾਉਣੀ ਵਿਖੇ ਸੂਬੇਦਾਰ ਰਾਮ ਜੀ ਸਕਪਾਲ ਦੇ ਘਰ ਮਾਤਾ ਭੀਮਾ ਬਾਈ ਦੀ ਕੁੱਖੋਂ ਪੈਦਾਇਸ਼ ਹੋਈ। ਜੀਵਨ ਦੇ ਅਨਮੋਲ ਅਤੇ ਕੰਡਿਆਲੇ ਸਫ਼ਰ ਦੌਰਾਨ ਇਸ ਸੁਹਿਰਦ ਅਤੇ ਮਹਾਨ ਸ਼ਖਸੀਅਤ ਨੇ ਮਜ਼ਲੂਮਾਂ, ਲਿਤਾੜਿਆਂ ਅਤੇ ਹਾਸ਼ੀਏ 'ਤੇ ਧੱਕੀ ਹੋਈ ਮਨੁੱਖਤਾ ਦੀ ਬਿਹਤਰੀ ਲਈ ਆਪਣੇ ਸੰਘਰਸ਼ਾਂ ਅਤੇ ਲਿਖਤਾਂ ਰਾਹੀਂ ਜ਼ਿਕਰਯੋਗ ਸੇਧਾਂ/ਸਿਧਾਂਤ ਸਮਾਜਿਕ ਮੰਚ 'ਤੇ ਪੇਸ਼ ਕੀਤੇ। 6 ਦਸੰਬਰ 1956 ਦੀ ਉਹ ਮਨਹੂਸ ਘੜੀ ਸਾਡੇ ਚੇਤਿਆਂ 'ਚੋਂ ਪਲ ਭਰ ਲਈ ਵੀ ਇੱਧਰ-ਉੱਧਰ ਨਹੀਂ ਹੁੰਦੀ ਜਦੋਂ ਬਦਤਰ ਹਾਲਤਾਂ 'ਚੋਂ ਗੁਜ਼ਰਦਿਆਂ ਮਨੁੱਖਤਾ ਦਾ ਇਹ ਮਸੀਹਾ ਇਸ ਫਾਨੀ ਸੰਸਾਰ ਤੋਂ ਪਸ਼ੂਆਂ ਵਾਂਗ ਜੀਵਨ ਬਸਰ ਕਰ ਰਹੇ ਅਤੇ ਨੀਚ ਸਮਝੇ ਜਾਣ ਵਾਲੇ ਸਮਾਜ ਨੂੰ ਰੋਂਦਿਆਂ, ਕੁਰਲਾਂਦਿਆਂ ਛੱਡ ਕੇ ਸਦਾ ਲਈ ਰੁਖ਼ਸਤ ਹੋ ਗਿਆ। ਅੱਜ ਉਨ੍ਹਾ ਦੇ 135ਵੇਂ ਆਗਮਨ ਦਿਵਸ ਮੌਕੇ ਉਨ੍ਹਾਂ ਨੂੰ ਸਿਜਦਾ ਅਤੇ ਨਮਨ ਕਰਦਿਆਂ ਸਮਾਜ ਦੇ ਅਛੂਤ ਕਹੇ ਜਾਣ ਵਾਲੇ, ਲਿੰਗ ਅਧਾਰਿਤ ਵਿਤਕਰੇ ਦੀਆਂ ਸ਼ਿਕਾਰ ਔਰਤਾਂ, ਮਜ਼ਦੂਰਾਂ ਅਤੇ ਹੋਰ ਵਰਗਾਂ ਲਈ ਕੀਤੇ ਲਾਸਾਨੀ ਕਾਰਜਾਂ ਤੋਂ ਇਲਾਵਾ ਭਾਰਤੀ ਸੰਵਿਧਾਨ ਦੀ ਸਰੰਚਨਾ ਵਰਗੇ ਅਹਿਮ ਅਤੇ ਇਤਿਹਾਸਿਕ ਮੀਲ ਪੱਥਰ ਗੱਡਣ ਵਰਗੇ ਉੱਚ ਪਾਏ ਦੇ ਦਿਸਹਿੱਦਿਆਂ ਦਾ ਵਿਸ਼ੇਸ਼ ਜ਼ਿਕਰ ਕਰਨਾ ਬੇਹੱਦ ਜ਼ਰੂਰੀ ਹੋ ਜਾਂਦਾ ਹੈ।

ਬਾਬਾ ਸਾਹਿਬ ਉੱਚ ਕੋਟੀ ਦੇ ਲੇਖਕ, ਫਿਲਾਸਫਰ, ਕਾਨੂੰਨਦਾਨ ਅਤੇ ਕੁਸ਼ਲ ਪ੍ਰਸ਼ਾਸਕ ਸਨ, ਪ੍ਰੰਤੂ ਅਜੋਕੇ ਸਮਾਜ ਦੇ ਇੱਕ ਵੱਡੇ ਹਿੱਸੇ ਦੇ ਮਨਾਂ 'ਚ ਇਹ ਧਾਰਨਾ ਦਾ ਆਉਣਾ ਸਮਝ ਨਹੀਂ ਆਉਂਦਾ ਕਿ ਬਾਬਾ ਸਾਹਿਬ ਸਿਰਫ ਅਛੂਤਾਂ ਅਤੇ ਦਲਿਤਾਂ ਦੇ ਹੀ ਰਹਿਬਰ ਹਨ।ਜਦੋਂ ਕਿ ਅਜਿਹੀਆਂ ਸ਼ੰਕਾਵਾਂ ਅਤੇ ਤੌਖਲੇ ਬਿਲਕੁਲ ਹੀ ਨਿਰਆਧਾਰ ਅਤੇ ਨਿਰਮੂਲ ਹਨ, ਕਿਉਂਕਿ ਜਦੋਂ ਅਸੀਂ ਉਹਨਾਂ ਦੇ ਸਮੁੱਚੇ ਜੀਵਨ ਅਤੇ ਫਲਸਫੇ ਦਾ ਬਰੀਕੀ ਅਤੇ ਫਿਰਾਖਦਿਲੀ ਅਤੇ ਨਿਰਪੱਖ ਹੋ ਕੇ ਅਧਿਐਨ ਕਰਦੇ ਹਾਂ ਤਾਂ ਉਕਤ ਧਾਰਨਾਵਾਂ ਦੀ ਪ੍ਰਸੰਗਕਿਤਾ/ ਸਾਰਥਕਿਤਾ ਕਿਧਰੇ ਵੀ ਨਜ਼ਰੀਂ ਨਹੀਂ ਪੈਂਦੀ। ਡਾ. ਸਾਹਿਬ ਦਾ ਸਮੁੱਚਾ ਜੀਵਨ ਇਸ ਗੱਲ ਦਾ ਸਾਖਸ਼ੀ ਹੈ ਕਿ ਉਨ੍ਹਾ ਨੇ ਖ਼ੁਦ ਆਪਣੇ ਪਿੰਡੇ, ਮਨ ਮਸਤਕ ਅਤੇ ਪਰਵਾਰ 'ਤੇ ਵੀ ਮੁਸੀਬਤਾਂ ਸਹਿੰਦਿਆਂ ਹਾਸ਼ੀਏ 'ਤੇ ਧੱਕੇ, ਲਿਤਾੜੇ ਅਤੇ ਅੱਤਿਆਚਾਰਾਂ ਦੇ ਸ਼ਿਕਾਰ ਤਮਾਮ ਵਰਗਾਂ ਨਾਲ ਚਟਾਨ ਵਾਂਗ ਖੜ੍ਹ ਕੇ ਸਿਰਫ਼ ਸਿਧਾਂਤਕ ਹੀ ਨਹੀਂ, ਸਗੋਂ ਅਮਲੀ ਰੂਪ 'ਚ ਦਮ ਭਰਿਆ। ਭਾਵੇਂ ਸਮੇਂ-ਸਮੇਂ 'ਤੇ ਚੱਲੀਆਂ ਸਮਾਜ ਸੁਧਾਰ ਲਹਿਰਾਂ ਅਤੇ ਉਨ੍ਹਾਂ ਦੇ ਸੰਚਾਲਕ, ਮਹਾਨ ਗੁਰੂ ਸਾਹਿਬਾਨਾਂ ਅਤੇ ਹੋਰ ਸਮਾਜ ਸੁਧਾਰਕ ਆਗੂਆਂ ਨੇ ਜਾਤਪਾਤ, ਅਮੀਰੀ-ਗਰੀਬੀ ਅਤੇ ਵਿਸ਼ੇਸ਼ ਤੌਰ 'ਤੇ ਔਰਤ ਜਾਤੀ 'ਤੇ ਹੁੰਦੇ ਜਬਰ ਅਤੇ ਅੱਤਿਆਚਾਰਾਂ ਅਤੇ ਉਨ੍ਹਾਂ ਨੂੰ ਸਮਾਜ 'ਚ ਅਸਮਾਨਤਾ ਦੇ ਰੁਤਬੇ ਦਾ ਆਪਣੀਆਂ ਲਿਖਤਾਂ, ਤਰਕਾਂ ਅਤੇ ਗੋਸ਼ਟੀਆਂ ਰਾਹੀਂ ਡਟ ਕੇ ਖੰਡਨ ਅਤੇ ਵਿਰੋਧ ਵੀ ਕੀਤਾ, ਪ੍ਰੰਤੂ ਬਾਬਾ ਸਾਹਿਬ ਨੂੰ ਜਿਉਂ ਹੀ ਭਾਰਤੀ ਸੰਵਿਧਾਨ ਦੀ ਖਰੜਾ ਕਮੇਟੀ ਦੇ ਚੇਅਰਮੈਨ ਵਜੋਂ ਜ਼ਿੰਮੇਵਾਰੀ ਮਿਲੀ ਤਾਂ ਉਹਨਾ ਬਗੈਰ ਕਿਸੇ ਪੱਖਪਾਤ ਊਚ ਨੀਚ ਤੋਂ ਸਮੁੱਚੀ ਔਰਤ ਜਾਤੀ ਨੂੰ ਕਾਨੂੰਨੀ ਤੌਰ 'ਤੇ ਬਰਾਬਰਤਾ, ਮਜ਼ਦੂਰਾਂ ਲਈ ਕੰਮ ਦੇ ਅੱਠ ਘੰਟੇ ਨਿਸਚਤ ਕਰਨ, ਮੁਜ਼ਾਰਿਆਂ ਨੂੰ ਜਾਇਦਾਦ ਦਾ ਹੱਕ ਦੇਣ, ਔਰਤਾਂ ਲਈ ਵੀ ਬਰਾਬਰ ਕੰਮ-ਬਰਾਬਰ ਤਨਖ਼ਾਹ ਦੀ ਵਿਵਸਥਾ, ਮਾਪਿਆਂ ਦੀ ਜਾਇਦਾਦ 'ਚੋਂ ਬਰਾਬਰ ਹਿੱਸੇਦਾਰੀ ਆਦਿ ਅਸਮਾਨਤਾ ਭਰਪੂਰ ਵਰਤਾਰਿਆਂ,ਤਰਕਹੀਣ ਅਤੇ ਗੈਰ-ਮਾਨਵੀ ਵਿਹਾਰ ਵਰਗੇ ਭਖਦੇ ਮਸਲਿਆਂ ਨੂੰ ਸੰਵਿਧਾਨ 'ਚ ਅੰਕਿਤ ਕਰਨਾ ਸਿਰਫ 'ਤੇ ਸਿਰਫ ਬਾਬਾ ਸਾਹਿਬ ਡਾ.ਅੰਬੇਡਕਰ ਦੇ ਹਿੱਸੇ ਹੀ ਆਇਆ ਹੈ। ਜਿਨ੍ਹਾਂ ਲੋਕਾਂ ਨੂੰ ਸਕੂਲਾਂ, ਕਾਲਜਾਂ ਅਤੇ ਹੋਰ ਸਿੱਖਿਆ ਸੰਸਥਾਵਾਂ ਅੱਗੋਂ ਲੰਘਣ ਦੀ ਵੀ ਮਨਾਹੀ ਸੀ ,ਉਹ ਲੋਕ ਉਨ੍ਹਾਂ ਸੰਸਥਾਵਾਂ ਦੇ ਹੀ ਨਿਰਦੇਸ਼ਕ, ਮੁਖੀ, ਪ੍ਰੋਫੈਸਰ , ਅਧਿਆਪਕ ਅਤੇ ਹੋਰ ਵਕਾਰੀ ਅਹੁਦਿਆਂ 'ਤੇ ਵੀ ਸੁਸ਼ੋਭਿਤ ਹੋ ਸਕੇ। ਉੱਧਰ ਦੂਜੇ ਪਾਸੇ ਰਾਜਨੀਤਿਕ ਖੇਤਰ 'ਚ ਵੀ ਸੂਬਿਆਂ ਅਤੇ ਕੇਂਦਰੀ ਸਰਕਾਰਾਂ 'ਚ ਹੇਠਲੇ ਅਹੁਦਿਆਂ ਤੋਂ ਲੈ ਕੇ ਉੱਚ ਅਹੁਦਿਆਂ ਤੱਕ ਦਾ ਅਨੰਦ ਮਾਣਿਆ ਅਤੇ ਮੌਜੂਦਾ ਦੌਰ 'ਚ ਵੀ ਸੰਵਿਧਾਨ ਦੀ ਕਾਨੂੰਨੀ ਸ਼ਕਤੀ ਤਹਿਤ ਮਾਣ ਰਹੇ ਹਨ।ਹਰ ਵਰਗ ਦੀਆਂ ਔਰਤਾਂ, ਜਿਨ੍ਹਾਂ ਨੂੰ ਮੰਨੂਵਾਦੀ ਵਿਵਸਥਾ ਅਧੀਨ ਪੈਰ ਦੀ ਜੁੱਤੀ ਵਜੋਂ ਨਿਵਾਜਿਆ ਜਾਂਦਾ ਸੀ, ਵੀ ਲਿੰਗਕ ਸਮਾਨਤਾ ਦੇ ਕਾਨੂੰਨ ਤਹਿਤ ਉੱਚ ਪ੍ਰਸ਼ਾਸਨਿਕ ਅਤੇ ਰਾਜਨੀਤਕ ਉੱਚ ਪਦਵੀਆਂ ਜਿਵੇਂ ਪ੍ਰਧਾਨ ਮੰਤਰੀ, ਰਾਸ਼ਟਰਪਤੀ, ਕੈਬਨਿਟ ਮੰਤਰੀ, ਲੋਕ ਸਭਾ ਮੈਂਬਰ ਅਤੇ ਵਿਧਾਇਕਾਂ ਆਦਿ ਤੱਕ ਪਹੁੰਚਣ ਦਾ ਮਾਣ ਹਾਸਲ ਕਰਨ ਦੇ ਵੀ ਕਾਬਲ ਹੋ ਸਕੀਆਂ, ਪ੍ਰੰਤੂ ਬੜੇ ਹੀ ਦੁੱਖ ਅਤੇ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਸਮੇਂ-ਸਮੇਂ 'ਤੇ ਸੂਬਿਆਂ ਅਤੇ ਕੇਂਦਰੀ ਸੱਤਾ 'ਤੇ ਕਾਬਜ਼ ਸਰਕਾਰਾਂ ਵੱਲੋਂ ਹਰ ਪੱਖੋਂ ਕਾਬਲ ਇਸ ਮਹਾਨ ਸ਼ਖਸੀਅਤ ਨੂੰ ਉਹਨਾ ਦੇ ਕੱਦ-ਬੁੱਤ ਅਨੁਸਾਰ ਬਣਦਾ ਮਾਣ-ਸਤਿਕਾਰ ਦੇਣ ਤੋਂ ਹਮੇਸ਼ਾ ਹੀ ਟਾਲਾ ਵੱਟਿਆ ਜਾਂਦਾ ਰਿਹਾ ਹੈ। ਭਾਰਤ ਰਤਨ ਵਰਗਾ ਉੱਚ ਵਕਾਰੀ ਸਨਮਾਨ ਵੀ ਭਾਰਤੀ ਆਜ਼ਾਦੀ ਤੋਂ ਬਹੁਤ ਦੇਰ ਬਾਅਦ ਉਨ੍ਹਾ ਦੀ ਰੁਖਸਤੀ ਉਪਰੰਤ 31 ਮਾਰਚ 1990 ਨੂੰ ਤੱਤਕਾਲੀ ਵਿਸ਼ਵਨਾਥ ਪ੍ਰਤਾਪ ਸਿੰਘ ਸਰਕਾਰ ਵੱਲੋਂ ਕਿਸੇ ਰਾਜਨੀਤਕ ਮਜਬੂਰੀ ਤਹਿਤ ਹੀ ਦਿੱਤਾ ਗਿਆ ਜਾਪਦਾ ਹੈ।ਭਾਰਤੀ ਸੰਵਿਧਾਨ 26 ਜਨਵਰੀ 1950 ਨੂੰ ਬਕਾਇਦਾ ਰੂਪ 'ਚ ਲਾਗੂ ਹੋਇਆ ਅਤੇ ਭਾਰਤ ਨੂੰ ਪ੍ਰਭੁਸੱਤਾ ਸੰਪੰਨ ਦੇਸ਼ ਹੋਣ ਦਾ ਮਾਣ ਪ੍ਰਾਪਤ ਹੋਇਆ। ਇਸ ਦਿਨ ਨੂੰ ਗਣਤੰਤਰ ਦਿਵਸ ਵਜੋਂ ਮਨਾਉਦਿਆਂ ਰਾਜਨੀਤਕ ਤੌਰ 'ਤੇ ਜ਼ਿੰਮੇਵਾਰ ਲੋਕਾਂ ਵਲੋਂ ਡਾ. ਸਾਹਿਬ ਦੇ ਜੀਵਨ ਅਤੇ ਫਲਸਫੇ ਤੋਂ ਇਲਾਵਾ ਇਸ ਦਿਨ ਦੀ ਇਤਿਹਾਸਿਕ ਮਹੱਤਤਾ ਬਾਰੇ ਵਿਸਥਾਰਿਤ ਚਰਚਾ ਵੀ ਨਹੀ ਕਰਵਾਈ ਜਾਂਦੀ, ਜਿਸ ਨੂੰ ਦੇਸ਼, ਕੌਮ ਲਈ ਘਾਲਣਾ ਘਾਲਣ ਵਾਲੀ ਸਤਿਕਾਰਤ ਹਸਤੀ ਨਾਲ ਬੇਇਨਸਾਫੀ ਹੀ ਕਿਹਾ ਜਾ ਸਕਦਾ ਹੈ।

ਇਸ ਤੋਂ ਇਲਾਵਾ ਭਾਰਤ ਅਤੇ ਪੰਜਾਬ 'ਚ ਡਾਕਟਰ ਸਾਹਿਬ ਦੇ ਬੁੱਤਾਂ ਨਾਲ ਛੇੜ-ਛਾੜ ਦੇ ਮਾਮਲੇ ਵੀ ਦਿਨ ਪ੍ਰਤੀ ਦਿਨ ਵਧਦੇ ਹੀ ਜਾ ਰਹੇ ਹਨ। ਇਸ ਲਈ ਕੇਂਦਰੀ ਅਤੇ ਸੂਬਾ ਸਰਕਾਰਾਂ ਨੂੰ ਪੁਰਜ਼ੋਰ ਗੁਜ਼ਾਰਿਸ਼ ਹੈ ਕਿ ਦੇਸ਼ ਦੀ ਇਸ ਅਤਿ-ਸਤਿਕਾਰਤ ਹਸਤੀ ਦਾ ਮਾਣ-ਸਨਮਾਨ ਅਤੇ ਗਰਿਮਾ ਦੀ ਬਰਕਰਾਰੀ ਲਈ ਅਜਿਹੇ ਗੈਰ-ਸਮਾਜੀ ਅਨਸਰਾਂ ਨੂੰ ਸਖ਼ਤੀ ਨਾਲ ਨੱਥ ਪਾਈ ਜਾਵੇ, ਤਾਂ ਜੋ ਭਵਿੱਖ 'ਚ ਅਜਿਹੀਆਂ ਭਾਈਚਾਰਕ ਸਾਂਝ 'ਚ ਤਰੇੜਾਂ ਪਾਉਣ ਵਾਲੀਆਂ ਘਟਨਾਵਾਂ ਨੂੰ ਵਾਪਰਨ ਤੋਂ ਰੋਕਿਆ ਜਾ ਸਕੇ । ਇਸ ਲਈ ਉਸ ਮਹਾਨ ਹਸਤੀ ਦੇ ਜੀਵਨ ਅਤੇ ਵਿਚਾਰਧਾਰਾ ਤੋਂ ਸੇਧ ਲੈ ਕੇ ਉਨ੍ਹਾ ਦੇ ਸੁਪਨਿਆਂ ਦਾ ਸਮਾਨਤਾ ਅਤੇ ਇਨਸਾਫ਼ ਵਾਲਾ ਬੇਗਮਪੁਰਾ ਸ਼ਹਿਰ ਵਸਾਉਣ 'ਚ ਆਪਣੀ ਸਮਰੱਥਾ ਅਨੁਸਾਰ ਯੋਗਦਾਨ ਪਾਉਂਦੇ ਹੋਏ ਉਨ੍ਹਾ ਨੂੰ ਸਜਿਦਾ ਕਰੀਏ। ਬਾਬਾ ਸਾਹਿਬ ਨੂੰ ਇਹੋ ਸੱਚੀ ਸ਼ਰਧਾਂਜਲੀ ਹੋਵੇਗੀ।

*# ਸੰਪਰਕ : 89680-56200*

# ਇਤਿਹਾਸ ਅਤੇ ਸੱਭਿਆਚਾਰ ਦੀ ਸਾਖੀ ਹੈ 'ਵਿਸਾਖੀ'

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਵਿਸਾਖੀ ਅਸਲ ਵਿੱਚ ਗੁਰੂ ਗੋਬਿੰਦ ਸਿੰਘ ਸਾਹਿਬ ਦੁਆਰਾ ਮੁਸ਼ਕਲਾਂ ਦੇ ਤੂਫ਼ਾਨਾਂ ਤੇ ਮੁਸੀਬਤਾਂ ਦੇ ਪਰਬਤਾਂ ਨਾਲ ਟਕਰਾਉਣ ਹਿੱਤ ਤਿਆਰ ਕਰਨ ਵਾਲੀ 'ਅੰਮ੍ਰਿਤ' ਰੂਪੀ ਗੁੜ੍ਹਤੀ ਤਿਆਰ ਕਰਨ ਵਾਲਾ ਦਿਨ ਹੈ। ਇਹ ਉਹ ਦਿਨ ਹੈ, ਜਦੋਂ ਸੇਵਾ, ਸਿਮਰਨ ਅਤੇ ਸੂਰਬੀਰਤਾ ਦਾ ਲੜਫੜ ਕੇ ਹਰੇਕ ਸਿੱਖ ਜ਼ੁਲਮ ਖ਼ਿਲਾਫ਼ ਜੰਗ ਲੜਨ ਲਈ ਤਿਆਰ ਹੋ ਗਿਆ ਸੀ ਤੇ ਸੰਨ 1699 ਦੀ ਵਿਸਾਖੀ ਨੂੰ ਦਸਮ ਪਾਤਸ਼ਾਹ ਨੇ ਖੰਡੇ ਦੀ ਪਾਹੁਲ ਦੇ ਕੇ ਚਿੜੀਆਂ ਨੂੰ ਬਾਜ਼ਾਂ ਨਾਲ ਟਕਰਾਉਣ ਦੇ ਹੌਸਲੇ ਬਖ਼ਸ਼ ਦਿੱਤੇ ਸਨ। ਗੁਰੂ ਜੀ ਨੇ ਧਰਮਾਂ, ਜਾਤਾਂ, ਨਸਲਾਂ ਤੇ ਫ਼ਿਰਕਿਆਂ 'ਤੇ ਇੱਕ ਵੱਢਿਉਂ ਕਿਰਪਾਨ ਫੇਰ ਕੇ 'ਭਾਈ ਦਇਆ ਸਿੰਘ , ਭਾਈ ਮੋਹਕਮ , ਭਾਈ ਧਰਮ, ਭਾਈ ਸਾਹਿਬ ਅਤੇ ਭਾਈ ਹਿੰਮਤ ਨੂੰ 'ਸਿੰਘ' ਦਾ ਦਰਜਾ ਦੇ ਕੇ 'ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ' ਦੇ ਗੁਰੂ ਸੰਕਲਪ ਨੂੰ ਅਮਲੀ ਜਾਮਾ ਪਹਿਨਾਇਆ ਸੀ। ਉਨ੍ਹਾ ਤਾਂ ਖ਼ਾਲਸਾ ਅਸਲ ਵਿੱਚ ਗ਼ਰੀਬ ਤੇ ਮਜ਼ਲੂਮ ਦੀ ਰਾਖੀ ਲਈ ਸਾਜਿਆ ਸੀ ਤੇ ਖ਼ਾਲਸੇ ਨੂੰ ਭਗਤੀ ਤੇ ਸ਼ਕਤੀ ਦਾ ਸੁਮੇਲ ਬਣਾ ਕੇ ਔਗੁਣਾਂ, ਪਾਪਾਂ, ਨਫ਼ਰਤਾਂ ਤੇ ਕੁਰਹਿਤਾਂ ਤੋਂ ਨਿਰਲੇਪ ਹੋ ਕੇ ਖ਼ਾਲਸ ਰਹਿਣ ਦੀ ਤਾਕੀਦ ਕੀਤੀ ਸੀ।



ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਤੁਖ਼ਾਰੀ ਰਾਗ ਵਿੱਚ ਉਚਾਰਨ ਕੀਤੇ 'ਬਾਰਹਮਾਹ' ਤੋਂ ਇਲਾਵਾ ਪੰਜਵੀਂ ਪਾਤਸ਼ਾਹੀ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਮੁਖ਼ਾਰਬਿੰਦ 'ਚੋਂ ਨਿਕਲਿਆ ਬਾਰਹਮਾਹ ਵੀ ਦਰਜ ਹੈ, ਜਿਸ ਵਿੱਚ ਵੈਸਾਖ ਮਹੀਨੇ ਸੰਬੰਧੀ ਫ਼ੁਰਮਾਨ ਹੈ-

ਵੈਸਾਖ ਧੀਰਨਿ ਕਿਉ ਵਾਢੀਆ ਜਿਨਾ ਪਰੇਮ ਬਿਛੋਹ॥
ਹਰਿ ਸਾਜਨ ਪੁਰਖ ਵਿਸਾਰ ਕੈ ਲਗੀ ਮਾਇਆ ਧੋਹ॥

ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਇਸ ਮਹੀਨੇ ਦਾ ਮਹੱਤਵ ਦੱਸਦਿਆਂ ਫ਼ੁਰਮਾਨ ਕਰਦੇ ਹਨ ਕਿ ਵੈਸਾਖ ਦਾ ਇਹ ਮਹੀਨਾ ਆਪਣੇ ਪ੍ਰਭੂ-ਪ੍ਰੀਤਮ ਤੋਂ ਵਿੱਛੜੀ ਤੇ ਉਸ ਨੂੰ ਭੁਲਾ ਚੁੱਕੀ ਰੂਹ ਨੂੰ ਮੁੜ ਉਸ ਪਰਮੇਸ਼ਰ ਨਾਲ ਇਕਮਿਕ ਕਰਨ ਦਾ ਮਹੀਨਾ ਹੈ। ਗੁਰੂ ਸਾਹਿਬ ਆਖ਼ਦੇ ਹਨ ਕਿ ਮਨੁੱਖ ਮਾਇਆ ਦੇ ਲੋਭ ਤੇ ਧੀਆਂ-ਪੁੱਤਾਂ ਦੇ ਮੋਹ ਵੱਸ ਹੋ ਕੇ ਆਪਣੇ ਅਸਲ ਮਾਲਕ ਤੋਂ ਦੂਰ ਹੋ ਗਿਆ ਹੈ, ਪਰ ਪ੍ਰਭੂ ਦੇ ਸੱਚੇ ਨਾਮ ਦਾ ਜਾਪ ਤੇ ਉਸ ਦੇ ਗੁਣਾਂ ਦਾ ਗਾਨ ਕਰਕੇ ਉਹ ਮੁੜ ਤੋਂ ਆਪਣੇ ਮਾਲਕ ਦਾ ਪਿਆਰ ਹਾਸਿਲ ਕਰ ਸਕਦਾ ਹੈ। ਗੁਰੂ ਸਾਹਿਬ ਉਸ ਸਰਬਸ਼ਕਤੀਮਾਨ ਪਰਮਾਤਮਾ ਦੇ ਚਰਨਾਂ ਵਿੱਚ ਜੋਦੜੀ ਕਰਦੇ ਹਨ ਕਿ ਇਸ ਪਾਵਨ ਮਹੀਨੇ ਵਿੱਚ ਉਹ ਸਭ ਮਨੁੱਖਾਂ 'ਤੇ ਆਪਣੀਆਂ ਬਖ਼ਸ਼ਿਸ਼ਾਂ ਦਾ ਮੀਂਹ ਵਰ੍ਹਾ ਕੇ ਉਨ੍ਹਾਂ ਨੂੰ ਆਪਣੇ ਵਿੱਚ ਅਭੇਦ ਕਰ ਲਵੇ। ਸਿੱਖ ਪੰਥ ਵਿੱਚ ਚਲਦਾ ਨਾਨਕਸ਼ਾਹੀ ਕੈਲੰਡਰ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ ਦੇ ਦੇਸੀ ਮਹੀਨੇ ਚੇਤ ਤੋਂ ਸ਼ੁਰੂ ਹੁੰਦਾ ਹੈ ਤੇ ਵੈਸਾਖ ਇਸ ਦੇਸੀ ਸਾਲ ਦਾ ਦੂਜਾ ਤੇ ਅਤਿ ਮਹੱਤਵਪੂਰਨ ਮਹੀਨਾ ਹੈ।

ਸਿੱਖ ਇਤਿਹਾਸ ਅਨੁਸਾਰ ਤੀਜੀ ਪਾਤਸ਼ਾਹੀ ਸ੍ਰੀ ਗੁਰੂ ਅਮਰਦਾਸ ਜੀ ਦੇ ਸਮੇਂ ਵੀ ਸਿੱਖ ਪੰਥ ਵਿੱਚ ਤਿੰਨ ਅਜਿਹੇ ਦਿਵਸ ਮਨਾਏ ਜਾਂਦੇ ਸਨ, ਜਦੋਂ ਨਾਨਕ ਨਾਮਲੇਵਾ ਸੰਗਤਾਂ ਦੇ ਵਿਸ਼ਾਲ ਇਕੱਠ ਹੋਇਆ ਕਰਦੇ ਸਨ ਤੇ ਉਹ ਦਿਵਸ ਸਨ-'ਵਿਸਾਖੀ', 'ਦੀਵਾਲੀ' ਅਤੇ 'ਮਾਘੀ'। 12 ਅਪ੍ਰੈਲ, 1801 ਨੂੰ ਮਹਾਰਾਜਾ ਰਣਜੀਤ ਸਿੰਘ ਨੂੰ ਤਖ਼ਤ ਦਾ ਮਾਲਕ ਐਲਾਨਿਆ ਗਿਆ ਸੀ ਤੇ ਅਗਲੇ ਦਿਨ 13 ਅਪ੍ਰੈਲ ਨੂੰ ਭਾਵ ਵਿਸਾਖੀ ਦੇ ਪਾਵਨ ਦਿਹਾੜੇ 'ਤੇ ਇਸ ਮਹਾਨ ਮਹਾਰਾਜਾ ਤੇ ਸਿੱਖ ਜਰਨੈਲ ਨੂੰ ਤਖ਼ਤ 'ਤੇ ਸੁਭਾਇਮਾਨ ਕੀਤਾ ਗਿਆ ਸੀ। ਗੁਰੂ ਨਾਨਕ ਪਾਤਸ਼ਾਹ ਜੀ ਦੇ ਵੰਸ਼ਜ਼ ਬਾਬਾ ਸਾਹਿਬ ਸਿੰਘ ਬੇਦੀ ਨੇ ਮਹਾਰਾਜੇ ਦਾ ਰਾਜ-ਤਿਲਕ ਕਰਨ ਦੀ ਰਸਮ ਅਦਾ ਕੀਤੀ ਸੀ।

13 ਅਪ੍ਰੈਲ ਦਾ ਦਿਹਾੜਾ ਪੰਜਾਬ ਦੇ ਅਤੇ ਭਾਰਤ ਦੇ ਇਤਿਹਾਸ ਵਿੱਚ ਅੰਗਰੇਜ਼ ਹਾਕਮਾਂ ਦੇ ਜ਼ੁਲਮੋ-ਸਿਤਮ ਦੀ ਇੰਤਹਾ ਨੂੰ ਬਿਆਨ ਕਰਨ ਵਾਲਾ ਦਿਹਾੜਾ ਵੀ ਹੈ। ਇਸ ਦਿਨ ਪਾਵਨ ਨਗਰੀ ਅੰਮ੍ਰਿਤਸਰ ਸਾਹਿਬ ਵਿਖੇ ਸਥਿਤ ਜਲ੍ਹਿਆਂਵਾਲਾ ਬਾਗ ਵਿਖੇ ਇਕੱਤਰ ਹੋਏ ਨਿਹੱਥੇ, ਨਿਰਦੋਸ਼ ਅਤੇ ਮਾਸੂਮ ਦੇਸ਼ ਭਗਤਾਂ ਨੂੰ ਚਾਰੇ ਪਾਸਿਉਂ ਘੇਰ ਕੇ ਅੰਗਰੇਜ਼ ਅਫ਼ਸਰ ਮਾਈਕਲ ਓ' ਡਾਇਰ ਨੇ ਅੰਨ੍ਹੇਵਾਹ ਗੋਲੀ ਚਲਾਉਣ ਦਾ ਹੁਕਮ ਦੇ ਦਿੱਤਾ ਸੀ ਤੇ ਇਸ ਹੱਤਿਆਕਾਂਡ ਨੇ ਭਗਤ ਸਿੰਘ ਅਤੇ ਊਧਮ ਸਿੰਘ ਜਿਹੇ ਸੂਰਮਿਆਂ ਦੇ ਅੰਦਰ ਅੰਗਰੇਜ਼ ਹਾਕਮਾਂ ਖ਼ਿਲਾਫ਼ ਖ਼ੌਲ੍ਹਦੇ ਖ਼ੂਨ ਨੂੰ ਹੋਰ ਗਰਮਾ ਦਿੱਤਾ ਸੀ ਇਹ ਸੂਰਮੇ ਜਾਨ ਤਲੀ 'ਤੇ ਧਰ ਕੇ ਦੇਸ਼ ਦੇ ਦੁਸ਼ਮਣਾਂ ਤੋਂ ਬਦਲਾ ਲੈਣ ਲਈ ਮੈਦਾਨੇ-ਜੰਗ ਵਿਚ ਕੁੱਦ ਪਏ ਸਨ ਤੇ ਅੰਗਰੇਜ਼ ਅਫ਼ਸਰਾਂ ਤੋਂ ਇਸ ਜ਼ੁਲਮ ਦਾ ਬਦਲਾ ਲੈ ਕੇ ਹੀ ਪਰਤੇ ਸਨ।

ਹਿੰਦੂ ਧਰਮ ਦੀਆਂ ਮਾਨਤਾਵਾਂ ਅਨੁਸਾਰ ਵੈਸਾਖ ਦਾ ਇਹ ਮਹੀਨਾ ਸੂਰਜੀ ਕੈਲੰਡਰ ਦਾ ਪਹਿਲਾ ਮਹੀਨਾ ਭਾਵ ਨਵੇਂ ਸਾਲ ਦਾ ਮਹੂਰਤ ਹੈ। ਸਾਡੇ ਦੇਸ਼ ਵਿੱਚ ਅਸਾਮ, ਬਿਹਾਰ, ਬੰਗਾਲ,ਉੜੀਸਾ, ਹਰਿਆਣਾ, ਹਿਮਾਚਲ ਪ੍ਰਦੇਸ਼, ਕੇਰਲਾ, ਤਾਮਿਲਨਾਡੂ, ਉੱਤਰ ਪ੍ਰਦੇਸ਼ ਅਤੇ ਉੱਤਰਾਖੰਡ ਆਦਿ ਰਾਜਾਂ ਅਤੇ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਪਹਿਲੀ ਵੈਸਾਖ ਨੂੰ ਨਵੇਂ ਸਾਲ ਦਾ ਸ਼ੁਭ ਅਰੰਭ ਮੰਨਿਆ ਜਾਂਦਾ ਹੈ, ਪਰ ਗੁਜਰਾਤ ਵਿਖੇ ਦੀਵਾਲੀ ਮੌਕੇ ਨਵੇਂ ਸਾਲ ਦੀ ਅਰੰਭਤਾ ਮੰਨੀ ਜਾਦੀ ਹੈ। ਕੇਰਲਾ ਵਿੱਚ ਇਸ ਦਿਹਾੜੇ ਨੂੰ 'ਵਿਸ਼ੂ' ਜਾਂ 'ਵਿਸ਼ੂ ਕਨੀ' ਦੇ ਨਾਂਅ ਹੇਠ ਮਨਾਇਆ ਜਾਂਦਾ ਹੈ। ਇਸ ਦਿਨ ਲੋਕ ਪਾਵਨ ਸਰੋਵਰਾਂ ਵਿੱਚ ਇਸ਼ਨਾਨ ਕਰਦੇ ਹਨ, ਨਵੇਂ ਕੱਪੜੇ ਪਹਿਨਦੇ ਹਨ, ਮਠਿਆਈਆਂ ਖਾਂਦੇ ਤੇ ਵੰਡਦੇ ਹਨ ਅਤੇ ਆਯੋਜਿਤ ਕੀਤੇ ਗਏ ਮੇਲਿਆਂ ਵਿੱਚ ਸ਼ਰੀਕ ਹੁੰਦੇ ਹਨ। ਅਸਾਮ ਪ੍ਰਾਂਤ ਵਿੱਚ ਇਹ ਦਿਵਸ 'ਬੋਹਾਗ ਬਿਹੂ ' ਅਤੇ ਬੰਗਾਲ ਵਿੱਚ 'ਪੋਹਿਲਾ ਬੈਸ਼ਾਖ਼' ਦੇ ਨਾਂਅ ਹੇਠ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਉੜੀਸਾ ਵਿੱਚ ਇਸ ਦਿਹਾੜੇ ਨੂੰ 'ਮਹਾਂ ਵਿਸ਼ੂ ਸੰਕ੍ਰਾਂਤੀ' ਆਖ਼ਿਆ ਜਾਂਦਾ ਹੈ। ਪਾਕਿਸਤਾਨ ਵਿਖੇ ਸੰਨ 1970 ਵਿੱਚ ਫ਼ੌਜੀ ਅਧਿਕਾਰੀ ਜਨਰਲ ਜ਼ਿਆ-ਉਲ-ਹੱਕ ਦੇ ਸੱਤਾ 'ਤੇ ਕਾਬਜ਼ ਹੋਣ ਤੋਂ ਪਹਿਲਾਂ ਸਿੱਖਾਂ ਤੇ ਮੁਸਲਮਾਨਾਂ ਵੱਲੋਂ ਵਿਸਾਖੀ ਦਾ ਤਿਉਹਾਰ ਮਿਲਜੁਲ ਕੇ ਤੇ ਪੂਰੇ ਜੋਸ਼ੋ-ਖ਼ਰੋਸ਼ ਨਾਲ ਮਨਾਇਆ ਜਾਂਦਾ ਸੀ ਪਰ ਜ਼ਿਆ-ਉਲ-ਹੱਕ ਦੇ ਪ੍ਰਭਾਵ ਕਰਕੇ ਇਸ ਦਿਵਸ ਨੂੰ ਸਾਂਝੇ ਤਿਉਹਾਰ ਵਜੋਂ ਵੱਡੇ ਪੱਧਰ 'ਤੇ ਮਨਾਏ ਜਾਣ ਦੀ ਪ੍ਰੰਪਰਾ ਖ਼ਤਮ ਹੋ ਗਈ ਸੀ, ਪਰ ਅੱਜ ਵੀ ਪਾਕਿਸਤਾਨ ਸਮੇਤ ਕੈਨੇਡਾ, ਇੰਗਲੈਂਡ,ਅਮਰੀਕਾ, ਇਟਲੀ, ਫ਼ਰਾਂਸ ਅਤੇ ਦੁਨੀਆ ਦੇ ਹੋਰ ਮੁਲਕਾਂ ਵਿਚ ਜਿੱਥੇ ਪੰਜਾਬੀ ਵੱਸਦੇ ਹਨ, ਵਿਸਾਖੀ ਦਾ ਦਿਹਾੜਾ ਇੱਕ ਤਿਉਹਾਰ ਵਜੋਂ ਪੂਰੀ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਕਿੰਨੇ ਮਾਣ ਦੀ ਗੱਲ ਹੈ ਕਿ ਸੰਨ 2018 ਦੀ 13 ਅਪ੍ਰੈਲ ਨੂੰ ਕੈਨੇਡਾ ਵਿੱਚ ਸਵਾ ਪੰਜ ਲੱਖ ਭਾਰਤੀਆਂ ਦਾ ਇਕੱਠ ਵਿਸਾਖੀ ਮਨਾਉਣ ਲਈ ਹੋਇਆ ਸੀ। ਸੋ ਵਿਸਾਖੀ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਭਾਰਤੀਆਂ ਤੇ ਖ਼ਾਸ ਕਰਕੇ ਪੰਜਾਬੀਆਂ ਲਈ ਵਿਸ਼ੇਸ਼ ਮਹੱਤਵ ਵਾਲਾ ਦਿਨ ਹੈ, ਜੋ ਸਾਡੇ ਇਤਿਹਾਸ, ਵਿਰਸੇ ਅਤੇ ਸੱਭਿਆਚਾਰ ਵਿੱਚ ਇੱਕ ਬਹੁਤ ਹੀ ਮਹੱਤਵਪੂਰਨ ਸਥਾਨ ਰੱਖਦਾ ਹੈ।

*# ਸੰਪਰਕ : 97816-46008*

# ਯੁੱਗ ਪੁਰਸ਼ ਡਾ. ਭੀਮ ਰਾਓ ਅੰਬੇਡਕਰ

**ਹਰਭਿੰਦਰ ਸਿੰਘ ਮੁੱਲਾਂਪੁਰ**

ਡਾਕਟਰ ਭੀਮ ਰਾਓ ਅੰਬੇਡਕਰ ਨੂੰ ਦਲਿਤ ਲੋਕਾਂ ਦੇ ਮਸੀਹਾ ਵਜੋਂ ਜਾਣਿਆ ਜਾਂਦਾ ਹੈ। ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾਕਟਰ ਅੰਬੇਡਕਰ ਨੇ ਸਮਾਜਿਕ ,ਆਰਥਿਕ,ਧਾਰਮਿਕ,ਰਾਜਨਿਤਕ ਪੱਧਰਾਂ ਤੇ ਸਦੀਆਂ ਤੋਂ ਹੰਢਾ ਰਹੇ ਅਣਮਨੁੱਖੀ ਭੇਦ ਭਾਵ ਦੇ ਵਿਰੋਧ ਵਿੱਚ ਦਲਿਤ ਪੱਖੀ ਅਵਾਜ਼ ਉਠਾਈ। ਹਿੰਦੂ ਧਰਮ ਅਤੇ ਇਸ ਦੀਆਂ ਰਹੁ-ਰੀਤਾਂ ਸਦਕਾ ਅਛੂਤਾਂ ਨਾਲ ਅਣਮਨੁੱਖੀ ਵਿਹਾਰ ਕੀਤਾ ਜਾਂਦਾ ਸੀ। ਡਾਕਟਰ ਅੰਬੇਡਕਰ ਅਨੁਸਾਰ ਭਾਰਤੀ ਸਮਾਜ ਪੂਰੀ ਤਰ੍ਹਾਂ ਗੈਰ-ਲੋਕਤੰਤਰੀ ਸੀ, ਜਿਸ ਵਿੱਚ ਜਿੱਥੇ ਕਿ ਲੋਕਾਂ ਨੂੰ ਜਮਾਤਾਂ ਅਤੇ ਜਾਤਾਂ ਵਿੱਚ ਉਨ੍ਹਾਂ ਦੀਆਂ ਯੋਗਤਾਵਾਂ, ਬੁੱਧੀ ਜਾਂ ਕੰਮਾਂ ਦੇ ਅਧਾਰ 'ਤੇ ਨਹੀਂ ਵੰਡਿਆਂ ਗਿਆ, ਬਲਕਿ ਜਨਮ ਦੇ ਅਧਾਰ 'ਤੇ ਵੰਡਿਆ ਗਿਆ ਹੈ। ਇਹ ਵਿਤਕਰਾ ਸਦੀਆਂ ਤੋਂ ਪੀੜ੍ਹੀ ਦਰ ਪੀੜ੍ਹੀ ਚਲਦਾ ਆ ਰਿਹਾ ਹੈ।

ਡਾਕਟਰ ਅੰਬੇਡਕਰ ਦਾ ਮੁੱਖ ਮਿਸ਼ਨ ਦੱਬੇ-ਕੁਚਲੇ ਲੋਕਾਂ ਨੂੰ ਉੱਚ ਸਮਾਜਿਕ, ਰਾਜਨੀਤਕ ਪੱਧਰ 'ਤੇ ਲੈ ਕੇ ਆਉਣਾ ਸੀ, ਤਾਂ ਜੋ ਕਿ ਉਨ੍ਹਾ ਦੇ ਮੱਥੇ 'ਤੇ ਲੱਗਿਆ ਅਛੂਤਾਂ ਵਾਲਾ ਕਲੰਕ ਧੋਇਆ ਜਾ ਸਕੇ। ਉਹ ਦਲਿਤਾ ਨੂੰ ਹਿੰਦੂਆਂ ਦੇ ਬਰਾਬਰ ਸਮਾਨਤਾ ਦਿਵਾਉਣ ਦਾ ਹਾਮੀ ਸੀ, ਭਾਵੇਂ ਕਿ ਅੰਬੇਡਕਰ ਨੂੰ ਇਹ ਅਹਿਸਾਸ ਸੀ ਕਿ ਅਜਿਹਾ ਮਿਸ਼ਨ ਪੂਰਾ ਕਰਨਾ ਅਤੀ ਕਠਿਨ ਕੰਮ ਸੀ, ਪਰ ਫਿਰ ਵੀ ਆਪ ਨੇ ਹਿੰਦੂ ਸਮਾਜ ਵਿੱਚ ਪ੍ਰਬਲ ਜਾਤੀਵਾਦ ਦੇ ਬੀਜ ਦਾ ਨਾਸ਼ ਕਰਨ ਦਾ ਤਹੱਈਆ ਕਰ ਲਿਆ ਸੀ। ਉਸ ਨੇ ਸਮਾਜ ਵਿੱਚ ਪ੍ਰਬਲ ਜਾਤੀਵਾਦ ਅਤੇ ਇਸ ਦੇ ਭਿਆਨਕ ਸਿੱਟਿਆ ਉੱਪਰ ਲਿਖਣਾ ਸ਼ੁਰੂ ਕੀਤਾ। ਆਪਣੀਆਂ ਕਿਤਾਬਾਂ ਦੀ ਰੌਸ਼ਨੀ ਨਾਲ ਉਸ ਨੇ ਦੱਬੇ-ਕੁਚਲੇ ਅਛੂਤਾਂ ਵਿੱਚ ਨਵੀਂ ਰੂਹ ਭਰੀ ਅਤੇ ਉਨ੍ਹਾਂ ਨੂੰ ਗੁਲਾਮੀ ਦਾ ਅਹਿਸਾਸ ਕਰਵਾਇਆ। ਦਲਿਤਾਂ ਨੂੰ ਆਪਣੇ ਹੱਕਾਂ ਵਾਸਤੇ ਲਾਮਬੰਦ ਕਰਨਾ ਆਰੰਭਿਆ।

ਅਛੂਤਾਂ ਵਿੱਚ ਸਵੈਮਾਣ ਦੀ ਮੂਵਮੈਂਟ ਚਲਾਈ। ਦਲਿਤਾਂ ਵਿੱਚ ਏਕੇ ਦੀ ਭਾਵਨਾ ਅਤੇ ਵੋਟ ਦੀ ਸ਼ਕਤੀ ਦਾ ਅਹਿਸਾਸ ਭਰਿਆ। ਦਲਿਤਾਂ ਨੂੰ ਇਕੱਠੇ ਕਰਨ ਉਪਰੰਤ ਆਪਣੇ ਹੱਕਾਂ ਦੀ ਪ੍ਰਾਪਤੀ ਵਾਸਤੇ ਆਪ ਨੇ 'ਪੜ੍ਹੋ, ਜੁੜੋ ਸੰਘਰਸ਼ ਕਰੋ' ਦਾ ਨਾਹਰਾ ਦਿੱਤਾ। ਦਲਿਤਾਂ ਵਿੱਚ ਸਵੈ-ਮਾਣ ਸਵੈ ਨਿਰਭਰਤਾ, ਸਵੈ ਸੁਧਾਰ, ਆਤਮ ਵਿਸ਼ਵਾਸ ਪੈਦਾ ਕਰਨ 'ਤੇ ਜ਼ੋਰ ਦਿੱਤਾ। ਦਲਿਤਾਂ ਵਿੱਚੋਂ ਸਦੀਆਂ ਦੀ ਗੁਲਾਮੀ ਸਦਕਾ ਪੈਦਾ ਹੋਈ ਹੀਣ ਭਾਵਨਾ ਨੂੰ ਖਤਮ ਕਰਨ ਦੇ ਉਪਰਾਲੇ ਡਾਕਟਰ ਅੰਬੇਡਕਰ ਨੇ ਕੀਤੇ।

ਸ਼ਮਾਜ ਸੁਧਾਰ ਦੇ ਕੰਮਾਂ ਤਹਿਤ ਆਪਨੇ ਸ਼ੋਸਿਤ ਲੋਕਾਂ ਵਿੱਚ ਚੇਤਨਾ ਪੈਦਾ ਕਰਨ ਦੇ ਮਨੋਰਥ ਨਾਲ ਉਨ੍ਹਾਂ ਵਾਸਤੇ ਸਕੂਲ, ਹੋਸਟਲ, ਲਾਇਬਰ੍ਰੇਰੀਆਂ, ਸ਼ਟੇਸ਼ਨਰੀ ਦੀਆਂ ਸਹੂਲਤਾਂ ਪੈਦਾ ਕਰਨ 'ਤੇ ਜ਼ੋਰ ਦਿੱਤਾ। ਆਪਨੇ ਖੁਦ ਕਈ ਸਕੂਲ ਖੁਲਵਾਏ। ਇਸ ਤੋਂ ਇਲਾਵਾ ਡਾਕਟਰ ਅੰਬੇਡਕਰ ਨੇ ਦਲਿਤ ਲੋਕਾਂ ਨੂੰ ਸੁਨੇਹਾ ਦਿੱਤਾ ਕਿ ਉਹ ਆਪਣੇ ਮਨਾਂ ਵਿੱਚੋਂ ਅਛੂਤ ਹੋਣ ਦਾ ਡਰ ਖਤਮ ਕਰਕੇ ਅੰਤਰ ਜਾਤੀ ਸਮਾਰੋਹਾਂ ਵਿੱਚ ਸ਼ਾਮਿਲ ਹੋਣ, ਅੰਤਰ ਜਾਤੀ ਵਿਆਹਾਂ ਦਾ ਸਮਰਥਨ ਕਰਨ ਅਤੇ ਜੇਕਰ ਉਹ ਅਜਿਹਾ ਨਹੀਂ ਕਰ ਸਕਦੇ ਤਾਂ ਉਹ ਹਿੰਦੂ ਸਮਾਜ ਵਿੱਚ ਜਾਤੀਵਾਦ ਦਾ ਟਾਕਰਾ ਨਹੀਂ ਕਰ ਸਕਣਗੇ।

ਇਸ ਤੋਂ ਇਲਾਵਾ ਡਾਕਟਰ ਅੰਬੇਡਕਰ ਨੇ ਦਲਿਤ ਲੋਕਾਂ ਨੂੰ ਸੱਤਿਆਗ੍ਰਹਿ ਕਰਨ ਵਾਸਤੇ ਪ੍ਰੇਰਿਤ ਕੀਤਾ ਅਤੇ ਕਈ ਸਾਂਝੀਆਂ ਮਨਾਹੀ ਵਾਲੀਆਂ ਥਾਵਾਂ (ਜਿੱਥੇ ਕਿ ਅਛੂਤਾਂ ਨੂੰ ਜਾਣ ਦੀ ਮਨਾਹੀ ਹੁੰਦੀ ਸੀ)ਤੇ ਜਾ ਕੇ ਸੱਤਿਆਗ੍ਰਹਿ ਚਲਾਏ। ਸੱਤਾ ਪ੍ਰਾਪਤੀ ਰਾਹੀਂ ਦਲਿਤਾਂ ਨੇ ਰਾਜ ਭਾਗ 'ਤੇ ਕਾਬਿਜ਼ ਹੋਣ ਦੀ ਪ੍ਰੇਰਣਾ ਵੀ ਡਾਕਟਰ ਅੰਬੇਡਕਰ ਨੂੰ ਦਿੱਤੀ। ਦੂਜੇ ਸ਼ਬਦਾਂ ਵਿੱਚ ਡਾਕਟਰ ਅੰਬੇਡਕਰ ਨੇ ਦਲਿਤ ਲੋਕਾਂ ਦੇ ਜੀਵਨ, ਸੋਝੀ ਅਤੇ ਵਿਹਾਰ ਵਿੱਚ ਕਾਫੀ ਤਬਦੀਲੀ ਲਿਆਂਦੀ

ਪਰੰਤੂ ਅਜੇ ਵੀ ਇਨ੍ਹਾਂ ਲੋਕਾਂ ਦੇ ਸੁਧਾਰ ਵਿੱਚ ਬਹੁਤ ਕੁਝ ਕਰਨਾ ਬਾਕੀ ਪਿਆ ਸੀ, ਜਦ ਕਿ ਡਾਕਟਰ ਅੰਬੇਡਕਰ ਨੇ ਆਪਣੇ ਸਮਾਜ ਸੁਧਾਰਕ ਯਤਨਾਂ ਰਾਹੀਂ ਹਿੰਦੂ ਸਮਾਜ ਦੀ ਅੰਤਰ ਆਤਮਾ ਨੂੰ ਝੰਜੋੜਨ ਦਾ ਕੰਮ ਕੀਤਾ ਕਿ ਕਿਸ ਪ੍ਰਕਾਰ ਦਲਿਤ ਵਿਰੋਧੀ ਅਣਮਨੁੱਖੀ ਭੇਦ ਭਾਵ ਇਸ ਸਮਾਜ ਦੇ ਮੱਥੇ 'ਤੇ ਕਲੰਕ ਹੈ। ਜਾਤੀਵਾਦੀ ਸਮਾਜਿਕ ਕੁਰੀਤੀਆਂ ਖਿਲਾਫ ਦਲਿਤ ਲੋਕਾਂ ਵਿੱਚ ਚੇਤਨਾ ਲਹਿਰ ਨੂੰ ਬਾਬਾ ਸਾਹਿਬ ਨੇ ਜਾਰੀ ਰੱਖਿਆ।

ਡਾਕਟਰ ਅੰਬੇਡਕਰ ਇਸ ਗੱਲ ਤੋਂ ਵਾਕਿਫ ਸਨ ਕਿ ਦਲਿਤ ਸਮਾਜ ਦੇ ਲੋਕਾਂ ਵਿੱਚ ਚੇਤਨਾ ਪੈਦਾ ਕਰਨਾ ਇੱਕ ਲੰਮੇ ਸਮੇਂ ਦਾ ਕਾਰਜ ਹੈ, ਜਦੋਂ ਤੱਕ ਕਿ ਸਮਾਜਿਕ ਸਮਾਨਤਾ ਨਹੀਂ ਆ ਜਾਂਦੀ, ਤਦ ਤੱਕ ਅਜਿਹੇ ਕਮਜ਼ੋਰ ਦਲਿਤ ਸਮਾਜ ਦੀ ਰੱਖਿਆ ਜ਼ਰੂਰੀ ਹੈ। ਦਲਿਤ ਸਮਾਜ ਵਾਸਤੇ ਡਾਕਟਰ ਅੰਬੇਡਕਰ ਵਿੱਚ ਅਥਾਹ ਪਿਆਰ ਸੀ। ਨਿਰਸੰਦੇਹ ਡਾਕਟਰ ਭੀਮ ਰਾਓ ਅੰਬੇਡਕਰ ਇੱਕ ਉੱਘੇ ਸਮਾਜ ਸੁਧਾਰਕ ਸਨ, ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਦਲਿਤ ਲੋਕਾਂ ਦੀ ਭਲਾਈ ਉੱਤੇ ਲਗਾ ਦਿੱਤਾ।

**ਸੰਪਰਕ: 94646-01001**



# ਖਜ਼ਾਨਾ ਮੰਤਰੀ ਵੱਲੋਂ ਬਾਬਾ ਸਾਹਿਬ ਅੰਬੇਡਕਰ ਦੇ ਜਨਮ ਦਿਹਾੜੇ 'ਤੇ ਸ਼ਰਧਾਂਜਲੀ

- ਸਿੱਖਿਆ ਤੇ ਸੰਵਿਧਾਨਕ ਅਧਿਕਾਰਾਂ ਨਾਲ ਹੀ ਸਮਾਜਕ ਤਰੱਕੀ ਸੰਭਵ : ਚੀਮਾ
- ਮੁੱਖ ਮੰਤਰੀ ਅੱਜ ਬਾਬਾ ਸਾਹਿਬ ਅੰਬੇਡਕਰ ਦੇ ਜਨਮ ਦਿਹਾੜੇ ਮੌਕੇ ਕਰਨਗੇ ਵੱਡਾ ਐਲਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਡਾਕਟਰ ਬੀ. ਆਰ. ਅੰਬੇਡਕਰ ਅਵੇਰਨੈੱਸ ਸੋਸਾਇਟੀ ਮਾਲੇਰਕੋਟਲਾ ਵੱਲੋਂ ਰਾਏਕੋਟ ਰੋਡ ਸਥਿਤ ਰੋਇਲ ਜੋਰਡਨ ਪੈਲੇਸ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਮਾਗਮ ਵਿੱਚ ਖਾਸ ਤੌਰ 'ਤੇ ਪੰਜਾਬ ਦੇ ਖਜ਼ਾਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਵਿਧਾਇਕ ਡਾ. ਜਮੀਲ ਉਰ ਰਹਿਮਾਨ ਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸਾਕਿਬ ਅਲੀ ਰਾਜਾ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜੀਵਨ ਤੇ ਵਿਚਾਰਧਾਰਾ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਦਿੱਤਾ ਗਿਆ ਸੰਵਿਧਾਨ ਤੇ ਸਿੱਖਿਆ 'ਤੇ ਦਿੱਤਾ ਗਿਆ ਜ਼ੋਰ ਅੱਜ ਵੀ ਸਮਾਜ ਲਈ ਪ੍ਰੇਰਨਾ ਦਾ ਸਰੋਤ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਸ਼ੇਰਨੀ ਦੇ ਦੁੱਧ ਵਰਗੀ ਹੈ, ਜੋ ਇਸ ਨੂੰ ਪੀਂਦਾ ਹੈ ਉਹ ਦਹਾੜਦਾ ਹੈ, ਇਸ ਲਈ ਹਰ ਵਰਗ ਦੇ ਲੋਕਾਂ ਨੂੰ ਸਿੱਖਿਆ ਹਾਸਲ ਕਰਕੇ ਅੱਗੇ ਵੱਧਣਾ ਚਾਹੀਦਾ ਹੈ।ਇਸ ਮੌਕੇ ਉਨ੍ਹਾਂ ਖ਼ਾਸ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਵੱਲੋਂ 14 ਅਪ੍ਰੈਲ ਨੂੰ ਬਾਬਾ ਸਾਹਿਬ ਦੇ ਜਨਮ ਦਿਹਾੜੇ ਮੌਕੇ ਵੱਡਾ ਐਲਾਨ ਕੀਤਾ ਜਾ ਰਿਹਾ ਹੈ, ਜਿਸ ਤਹਿਤ ਗਰੀਬ ਤੇ ਦਲਿਤ ਵਰਗ ਨਾਲ ਸੰਬੰਧਤ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਆਰਥਿਕ ਸਹਾਇਤਾ ਦਿੱਤੀ ਜਾਵੇਗੀ, ਤਾਂ ਜੋ ਉਨ੍ਹਾਂ ਦੀ ਆਰਥਿਕ ਸਥਿਤੀ ਮਜ਼ਬੂਤ ਹੋ ਸਕੇ ਤੇ ਸਮਾਜਿਕ ਸਸ਼ਕਤੀਕਰਣ ਨੂੰ ਬਲ ਮਿਲੇ।ਚੀਮਾ ਨੇ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਪੰਜਾਬ ਦੇ ਹਰ ਸਰਕਾਰੀ ਦਫ਼ਤਰ ਵਿੱਚ ਬਾਬਾ ਸਾਹਿਬ ਅੰਬੇਡਕਰ ਦੀ ਤਸਵੀਰ ਲਗਾਈ ਗਈ ਹੈ, ਜੋ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਤੇ ਸਨਮਾਨ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਾਬਾ ਸਾਹਿਬ ਦੀ ਵਿਚਾਰਧਾਰਾ 'ਤੇ ਚੱਲਦਿਆਂ ਸਮਾਜ ਦੇ ਹਰ ਵਰਗ ਦੇ ਹੱਕਾਂ ਦੀ ਰੱਖਿਆ ਲਈ ਵਚਨਬੱਧ ਹੈ।ਉਨ੍ਹਾਂ ਆਪਣੇ ਜੀਵਨ ਦਾ ਉਦਾਹਰਨ ਦਿੰਦਿਆਂ ਕਿਹਾ ਕਿ ਬਾਬਾ ਸਾਹਿਬ ਵੱਲੋਂ ਦਿੱਤੇ ਅਧਿਕਾਰਾਂ ਤੇ ਸਿੱਖਿਆ ਦੇ ਮੌਕਿਆਂ ਦੇ ਕਾਰਨ ਹੀ ਉਹ ਉੱਚੀ ਪੜ੍ਹਾਈ ਕਰਕੇ ਵਕੀਲ ਬਣੇ ਤੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ, ਸਿਹਤ ਤੇ ਸਮਾਜਿਕ ਨਿਆਂ ਦੇ ਖੇਤਰ ਵਿੱਚ ਲਗਾਤਾਰ ਸੁਧਾਰ ਕੀਤੇ ਜਾ ਰਹੇ ਹਨ।ਇਸ ਦੇ ਨਾਲ ਹੀ ਉਨ੍ਹਾਂ ਮਾਲੇਰਕੋਟਲਾ ਵਿਖੇ ਬਾਬਾ ਸਾਹਿਬ ਦਾ ਬੁੱਤ ਸਥਾਪਤ ਕਰਨ, ਕਮਿਊਨਿਟੀ ਸੈਂਟਰ ਬਣਾਉਣ ਤੇ ਕੱਚੇ ਸਫਾਈ ਸੇਵਕਾਂ ਤੇ ਹੋਰ ਮੁਲਾਜ਼ਮਾਂ ਨੂੰ ਪੱਕਾ ਕਰਨ ਵਰਗੀਆਂ ਮੰਗਾਂ ਨੂੰ ਵੀ ਜਲਦ ਪੂਰਾ ਕਰਨ ਦਾ ਭਰੋਸਾ ਦਿੱਤਾ।ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਬਾਬਾ ਸਾਹਿਬ ਅੰਬੇਦਕਰ ਇੱਕ ਮਹਾਨ ਵਿਦਵਾਨ, ਸੰਵਿਧਾਨ ਨਿਰਮਾਤਾ ਤੇ ਕਾਨੂੰਨਦਾਨ ਸਨ, ਜਿਨ੍ਹਾਂ ਦੀ ਸੋਚ ਤੇ ਵਿਜ਼ਨ ਅੱਜ ਵੀ ਸਾਡੇ ਲਈ ਮਾਰਗਦਰਸ਼ਕ ਹੈ।

ਇਸ ਮੌਕੇ ਵੱਖ-ਵੱਖ ਸਮਾਜਿਕ ਤੇ ਰਾਜਨੀਤਕ ਆਗੂਆਂ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਮੌਜੂਦ ਸਨ।

# ਮੰਡੀਆਂ 'ਚ ਖਰੀਦ ਨਾ ਹੋਣ ਕਾਰਨ ਕਣਕ ਦੇ ਲੱਗੇ ਅੰਬਾਰ

- ਕਿਸਾਨਾਂ ਤੇ ਆੜ੍ਹਤੀਆਂ ਦੀਆਂ ਮੁਸ਼ਕਲਾਂ ਵਧੀਆਂ
- ਕੇਂਦਰ ਕਣਕ ਦੇ ਖਰੀਦ ਮਾਪਦੰਡਾਂ 'ਚ ਤੁਰੰਤ ਢਿੱਲ ਦੇਵੇ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**- ਪੰਜਾਬ ਸਰਕਾਰ ਵੱਲੋਂ ਪੰਜਾਬ ਦੀਆਂ ਸਾਰੀਆਂ ਮੰਡੀਆਂ ਵਿਚੋਂ ਕਣਕ ਦੀ ਖਰੀਦ 1 ਅਪ੍ਰੈਲ ਤੋਂ ਕਰਨ ਦੇ ਦਾਅਵੇ ਤਾਂ ਕੀਤੇ ਗਏ ਪ੍ਰੰਤੂ 13 ਅਪ੍ਰੈਲ ਤੱਕ ਬੇਸ਼ੱਕ ਮੰਡੀਆਂ ਵਿੱਚ ਹਜ਼ਾਰਾਂ ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ, ਪ੍ਰੰਤੂ 13 ਦਿਨਾਂ ਬਾਅਦ ਮੰਡੀਆਂ ਵਿੱਚ ਕਣਕ ਦੀ ਖਰੀਦ ਸ਼ੁਰੂ ਨਾ ਹੋਣ ਕਾਰਨ ਮੰਡੀਆਂ ਵਿੱਚ ਕਣਕ ਦੇ ਅੰਬਾਰ ਲੱਗ ਗਏ ਹਨ, ਜਿਸ ਕਾਰਨ ਕਿਸਾਨਾਂ ਤੇ ਆੜ੍ਹਤੀਆਂ ਦੀਆਂ ਮੁਸ਼ਕਲਾਂ ਵਧਦੀਆਂ ਜਾ ਰਹੀਆਂ ਹਨ। ਪਿਛਲੇ ਦਿਨੀਂ ਹੋਈ ਬੇਮੌਸਮੀ ਬਰਸਾਤ ਤੇ ਗੜੇਮਾਰੀ ਹੋਣ ਕਾਰਨ ਕਣਕ ਦੇ ਭਿਜੜ ਤੇ ਲਸਟਰ ਲਾਸਟ ਹੋ ਜਾਣ ਕਾਰਨ ਉਹ ਨਿਰਧਾਰਤ ਖਰੀਦ ਮਾਪ ਦੰਡਾਂ 'ਤੇ ਖਰਾ ਨਹੀਂ ਉੱਤਰ ਰਹੀ। ਪ੍ਰਾਪਤ ਸੂਚਨਾ ਅਨੁਸਾਰ ਕੇਂਦਰ ਦੀਆਂ ਟੀਮਾਂ ਵੱਲੋਂ ਪੰਜਾਬ ਦੀਆਂ ਮੰਡੀਆਂ ਦਾ ਦੌਰਾ ਕਰ ਕੇ ਕਣਕ ਦੇ ਸੈਂਪਲ ਲਏ ਜਾ ਰਹੇ ਹਨ। ਕੇਂਦਰ ਵੱਲੋਂ ਖਰੀਦ ਮਾਪ ਦੰਡਾਂ 'ਚ ਛੋਟ ਦੇਣ ਤੋਂ ਬਾਅਦ ਕਣਕ ਦੀ ਖਰੀਦ ਸ਼ੁਰੂ ਹੋ ਸਕੇਗੀ।

ਵਿਸਾਖੀ ਵਾਲੇ ਦਿਨ ਪਟਿਆਲ਼ਾ ਜ਼ਿਲ੍ਹੇ ਤੇ ਪੂਰੇ ਪੰਜਾਬ ਦੀਆਂ ਅਨਾਜ ਮੰਡੀਆਂ ਵਿੱਚ ਕਣਕ ਦੀ ਫਸਲ ਦੇ ਅੰਬਾਰ ਲੱਗ ਚੁੱਕੇ ਹਨ, ਪਰ ਖਰੀਦ ਏਜੰਸੀਆਂ ਕਿਧਰੇ ਨਜ਼ਰ ਨਹੀਂ ਆ ਰਹੀਆਂ।ਪੰਜਾਬ ਸਰਕਾਰ ਨੇ ਇੱਕ ਅਪ੍ਰੈਲ ਤੋਂ ਸਰਕਾਰੀ ਖਰੀਦ ਸ਼ੁਰੂ ਕਰਨ ਦਾ ਦਾਅਵਾ ਕੀਤਾ ਸੀ, ਪਰ ਅੱਜ ਵਿਸਾਖੀ ਵਾਲੇ ਦਿਨ ਪੰਜਾਬ ਦੀਆਂ ਅਨਾਜ ਮੰਡੀਆਂ ਵਿੱਚ ਕਣਕ ਦੀ ਫਸਲ ਦੇ ਅੰਬਾਰ ਲੱਗ ਚੁੱਕੇ ਹਨ, ਪਰ ਖਰੀਦ ਏਜੰਸੀਆਂ ਕਿਧਰੇ ਨਜ਼ਰ ਨਹੀਂ ਆ ਰਹੀਆਂ।ਸਨੌਰ ਦੀ ਅਨਾਜ ਮੰਡੀ ਵਿੱਚ 1 ਲੱਖ ਤੋਂ ਵੱਧ ਬੋਰੀ ਕਣਕ ਦੀ ਆਮਦ ਹੋ ਚੁੱਕੀ ਹੈ, ਪ੍ਰੰਤੂ ਅਜੇ ਤੱਕ ਪਨਗ੍ਰੇਨ ਵੱਲੋਂ ਸਿਰਫ਼ 6 ਹਜ਼ਾਰ ਗੱਟੇ ਹੀ ਖਰੀਦ ਕੀਤੇ ਹਨ, ਜਦੋਂ ਕਿ ਪਨਸਪ ਤੇ ਵੇਅਰ ਹਾਊਸ ਵੱਲੋਂ ਅਜੇ ਆਪਣਾ ਖਾਤਾ ਨਹੀਂ ਖੋਲ੍ਹਿਆ ਗਿਆ। ਆੜ੍ਹਤੀਆਂ ਨੂੰ ਮਜਬੂਰਨ ਕਿਸਾਨਾਂ ਦੀ ਫ਼ਸਲ ਨੂੰ ਬਿਨਾਂ ਖਰੀਦ ਤੋਂ ਹੀ ਬੋਰੀਆਂ ਵਿੱਚ ਪਾਉਣਾ ਪੈ ਰਿਹਾ ਹੈ। ਆਪਣੀ ਫਸਲ ਲੈ ਕੇ ਮੰਡੀਆਂ ਵਿੱਚ ਬੈਠੇ ਹਫ਼ਤੇ ਭਰ ਤੋਂ ਕਿਸਾਨ ਖੱਜਲ ਖੁਆਰ ਹੋ ਰਹੇ ਹਨ।ਇਸ ਸਬੰਧੀ ਜਦੋਂ ਖਰੀਦ ਏਜੰਸੀਆਂ ਦੇ ਇੰਸਪੈਕਟਰਾਂ ਨਾਲ ਗੱਲ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਜਿਹੜੀ ਕਣਕ ਆ ਰਹੀ ਹੈ, ਉਹ ਸਰਕਾਰੀ ਮਾਪਦੰਡਾਂ ਅਨੁਸਾਰ ਖਰੀ ਨਹੀਂ ਉੱਤਰ ਰਹੀ ਹੈ, ਜਿਸ ਨੂੰ ਐੱਫ.ਏ.ਕਿਊ. ਮਿਆਰਾਂ ਤਹਿਤ ਖਰੀਦਣਾ ਅਸੰਭਵ ਹੈ।ਸਰਕਾਰ ਵੱਲੋਂ ਜਾਰੀ ਕੀਤੇ ਪੱਤਰ ਵਿੱਚ ਲਿਖਿਆ ਹੋਇਆ ਹੈ ਕਿ ਜੋ ਕਣਕ ਸਰਕਾਰੀ ਮਾਪਦੰਡਾਂ ਵਿੱਚ ਨਹੀਂ ਆਉਂਦੀ ਉਸ ਦੀ ਖਰੀਦ ਨਾ ਕੀਤਾ ਜਾਵੇ।ਜੇਕਰ ਕਿਸੇ ਵੱਲੋਂ ਖਰੀਦ ਕੀਤੀ ਗਈ ਤਾਂ ਉਸ ਵਿਰੁੱਧ ਪ੍ਰਸ਼ਾਸਨਕ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਜਦੋਂ ਤੱਕ ਕੇਂਦਰ ਸਰਕਾਰ ਵੱਲੋਂ ਮਾਪਦੰਡਾਂ ਵਿੱਚ ਢਿੱਲ ਨਹੀਂ ਦਿੱਤੀ ਜਾਂਦੀ, ਉਦੋਂ ਤੱਕ ਕਣਕ ਦੀ ਖਰੀਦ ਕਰਨੀ ਸੰਭਵ ਨਹੀਂ ਹੈ।

ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨੇ ਕੇਂਦਰ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਕਣਕ ਦੀ ਖਰੀਦ ਦੇ ਮਾਪ ਦੰਡਾਂ 'ਚ ਤੁਰੰਤ ਛੋਟ ਦਿੱਤੀ ਜਾਵੇ ਤਾਂ ਜੋ ਕਿਸਾਨਾਂ ਦੀ ਸੋਨੇ ਰੰਗੀ ਫਸਲ ਖਰੀਦੀ ਜਾ ਸਕੇ।

# ਧੂੰਮਾਂ ਦੇ ਦਰਜਨਾਂ ਪਰਵਾਰਾਂ ਨੇ ਹਰਦਿਆਲ ਕੰਬੋਜ ਦੀ ਰਹਿਨੁਮਾਈ 'ਚ ਕਾਂਗਰਸ ਦਾ ਪੱਲਾ ਫੜਿਆ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਰਾਜਪੁਰਾ ਵਿਧਾਨ ਸਭਾ ਹਲਕੇ ਦੇ ਪਿੰਡ ਧੂੰਮਾਂ ਵਿੱਚ ਸ. ਹਰਦਿਆਲ ਸਿੰਘ ਕੰਬੋਜ ਜੀ ਦੀ ਅਗਵਾਈ ਵਿੱਚ ਵੱਖ ਵੱਖ।ਦੂਸਰੀਆਂ ਰਾਜਨੀਤਕ ਪਾਰਟੀਆਂ ਆਪ, ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਸ਼ਾਮਲ ਹੋਏ ਸ੍. ਵਰਿੰਦਰ ਸਿੰਘ, ਗੁਰਵਿੰਦਰ ਸਿੰਘ, ਹਰਪ੍ਰੀਤ ਸਿੰਘ, ਮਨਜੀਤ ਸਿੰਘ, ਦਲਜੀਤ ਸਿੰਘ, ਗੁਰਸਿਮਰਨ ਸਿੰਘ, ਸੂਬਾ ਸਿੰਘ, ਭੁਰੂ ਸਿੰਘ, ਹਰਦਿਆਲ ਸਿੰਘ. ਕਰਮ ਸਿੰਘ, ਜਸਦੇਵ ਸਿੰਘ (ਲੰਬੜਦਾਰ), ਬਲਜਿੰਦਰ ਸਿੰਘ, ਅਵਤਾਰ ਸਿੰਘ, ਮੁਖਤਿਆਰ ਸਿੰਘ, ਜਤਿੰਦਰ ਸਿੰਘ, ਵਿੱਕੀ ਸਿੰਘ (ਫ਼ੌਜੀ), ਹਰਸਿਮਰਨ ਸਿੰਘ, ਦੀਪ ਸਿੰਘ, ਸਾਉਣ ਸਿੰਘ, ਜਸਵੀਰ ਸਿੰਘ, ਮਨਵਿੰਦਰ ਸਿੰਘ, ਰਾਜਿੰਦਰ ਸਿੰਘ, ਸੁਖਦੀਪ ਸਿੰਘ, ਹਰਵਿੰਦਰ ਸਿੰਘ, ਗੁਰਜੀਤ ਸਿੰਘ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਹਰਦਿਆਲ ਸਿੰਘ ਕੰਬੋਜ ਸਾਬਕਾ ਵਿਧਾਇਕ ਨੇ ਦਿਲੋਂ ਸਵਾਗਤ ਕਰਦੇ ਯਕੀਨ ਦਿਵਾਇਆ ਕਿ ਕਾਂਗਰਸ ਪਾਰਟੀ ਹਮੇਸ਼ਾ ਤੁਹਾਡੇ ਹੱਕਾਂ ਤੇ ਇਲਾਕੇ ਦੀ ਤਰੱਕੀ ਲਈ ਵਚਨਬੱਧ ਰਹੇਗੀ।

# ਸਪਰਿੰਗ ਡਿਊ ਪਬਲਿਕ ਸਕੂਲ 'ਚ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ

**ਵਰਿੰਦਾਵਨ ਹਾਦਸੇ 'ਚ ਵਿੱਛੜੀਆਂ ਰੂਹਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਦਿੱਤੀ ਸ਼ਰਧਾਂਜਲੀ**



**ਜਗਰਾਉਂ (ਅਮਿਤ ਖੰਨਾ)**-ਇਲਾਕੇ ਦੀ ਪ੍ਰਸਿੱਧ ਸੰਸਥਾ ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਵਿਖੇ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਰਿੰਦਾਵਨ ਵਿਖੇ ਹੋਏ ਹਾਦਸੇ ਵਿੱਚ ਵਿੱਛੜੀਆਂ ਰੂਹਾਂ ਲਈ ਦੋ ਮਿੰਟ ਦਾ ਮੌਨ ਰੱਖਿਆ ਗਿਆ।ਸਕੂਲ ਕੈਂਪਸ ਦੇ ਅੰਦਰ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਅਰਦਾਸ ਕਰਵਾਈ ਗਈ, ਜਿਸ ਵਿੱਚ ਤਕਰੀਬਨ 150 ਵਿਦਿਆਰਥੀਆਂ ਨੇ ਪਾਠ ਕੀਤੇ।ਸਕੂਲ ਮੈਨੇਜਮੈਂਟ ਮੈਂਬਰਜ਼ ਨੇ ਸ਼ਾਮਲ ਹੁੰਦਿਆਂ ਵਿੱਛੜੀਆਂ ਰੂਹਾਂ ਦੀ ਆਤਮਾ ਦੀ ਸ਼ਾਂਤੀ, ਪਰਵਾਰ ਨੂੰ ਬੇਹੱਦ ਦੁਖਦਾਈ ਸਮੇਂ ਵਿੱਚ ਭਾਣਾ ਮੰਨਣ ਦਾ ਬਲ ਬਖਸ਼ਣ ਲਈ ਤੇ ਜ਼ਖਮੀਆਂ ਦੀ ਸਿਹਤਯਾਬੀ ਲਈ ਅਰਦਾਸ ਕੀਤੀ।ਸ਼ੋਕ ਦੇ ਚੱਲਦਿਆਂ ਵਿਸਾਖੀ ਦੇ ਸਾਰੇ ਪ੍ਰੋਗਰਾਮ ਰੱਦ ਕਰ ਦਿੱਤੇ ਗਏ ਤੇ ਮੈਨੇਜਮੈਂਟ ਮੈਂਬਰਜ਼, ਸਕੂਲ਼ ਦੇ ਸਟਾਫ ਤੇ ਬੱਚਿਆਂ ਵੱਲੋਂ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ।

## ਕਾਤਰਾਂ

### ਵਿਸਾਖੀ ਦਿਹਾੜਾ ਸ਼ਰਧਾ ਨਾਲ ਮਨਾਇਆ ਜਾਵੇਗਾ : ਮੰਗਲੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ 14 ਅਪ੍ਰੈਲ ਨੂੰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਦੱਸਿਆ ਕਿ 14 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਕਥਾਵਾਚਕ, ਰਾਗੀ, ਢਾਡੀ ਤੇ ਕਵੀਸ਼ਰੀ ਜੱਥੇ ਸੰਗਤਾਂ ਨੂੰ ਬਾਣੀ ਨਾਲ ਜੋੜਨਗੇ। ਇਸ ਦਿਨ ਵਿਸ਼ੇਸ਼ ਤੌਰ 'ਤੇ ਅੰਮ੍ਰਿਤ ਸੰਚਾਰ ਵੀ ਹੋਵੇਗਾ ਤੇ ਗੁਰੂ ਵਾਲੇ ਪ੍ਰਾਣੀ ਬਣਨ ਲਈ ਸੰਗਤ ਵੱਧ ਤੋਂ ਵੱਧ ਸ਼ਮੂਲੀਅਤ ਕਰੇ। ਸੰਗਤਾਂ ਲਈ ਅਤੁੱਟ ਲੰਗਰ ਵਰਤਾਏ ਜਾਣਗੇ।

### ਘਰ 'ਚੋਂ ਗਹਿਣੇ ਚੋਰੀ ਕਰਨ ਦੇ ਮਾਮਲੇ 'ਚ ਦੋ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਦੀ ਹਰਗੋਬਿੰਦ ਕਲੋਨੀ 'ਚ ਇੱਕ ਘਰ 'ਚ ਹੋਈ ਚੋਰੀ ਦੇ ਮਾਮਲੇ ਵਿੱਚ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਨੀਰਜ ਕੁਮਾਰ ਵਾਸੀ ਹਰਗੋਬਿੰਦ ਕਲੋਨੀ ਨੇ ਦੱਸਿਆ ਕਿ ਬੀਤੀ 3 ਅਪ੍ਰੈਲ ਦੀ ਸ਼ਾਮ ਨੂੰ ਉਹ ਆਪਣੇ ਲੜਕੇ ਦੇ ਮੁੰਡਨ ਕਰਵਾਉਣ ਲਈ ਵੈਸ਼ਨੋ ਦੇਵੀ, ਕਟੜਾ ਵਿਖੇ ਗਏ ਸਨ, ਜਿੱਥੋਂ 6 ਅਪ੍ਰੈਲ ਨੂੰ ਜਦੋਂ ਉਹ ਘਰ ਵਾਪਸ ਪਰਤੇ ਤਾਂ ਘਰ ਦਾ ਤਾਲਾ ਟੁੱਟਿਆ ਹੋਇਆ ਸੀ ਤੇ ਅਲਮਾਰੀ 'ਚ ਰੱਖੇ ਤਿੰਨ ਤੋਲੇ ਸੋਨੇ ਦੇ ਗਹਿਣੇ ਤੇ ਕਰੀਬ ਢਾਈ ਕਿੱਲੋ ਚਾਂਦੀ ਚੋਰੀ ਹੋ ਚੁੱਕੇ ਸਨ।ਇਸ ਚੋਰੀ ਸਬੰਧੀ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਦਰਜ ਕੀਤੇ ਗਏ ਮੁਕੱਦਮੇ ਵਿੱਚ ਸਾਹਿਲ ਕਪਲਿਸ਼ ਤੇ ਸੁਮਨਦੀਪ ਸ਼ਰਮਾ ਉਰਫ ਬੋਨੀ ਨੂੰ ਗ੍ਰਿਫ਼ਤਾਰ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਅੱਜ ਬਿਜਲੀ ਬੰਦ ਰਹੇਗੀ

**ਭੀਖੀ (ਗੁਰਿੰਦਰ ਸਿੰਘ ਔਲਖ)**-66 ਕੇ ਵੀ ਗ੍ਰਿੱਡ ਮੱਤੀ ਤੋਂ ਚੱਲਦੇ 11 ਕੇ ਵੀ ਮੱਤੀ ਅਰਬਨ ਫੀਡਰ ਦੀ ਜ਼ਰੂਰੀ ਮੁਰੰਮਤ ਦੇ ਚਲਦਿਆਂ ਬਿਜਲੀ ਸਪਲਾਈ ਪ੍ਰਭਾਵਿਤ ਰਹੇਗੀ, ਜਿਸ ਕਾਰਨ 14 ਅਪ੍ਰੈਲ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।ਇਹ ਜਾਣਕਾਰੀ ਐੱਸ ਡੀ ਓ ਜੋਗਾ ਜਗਜੀਵਨ ਸਿੰਘ ਤੇ ਜੇ ਈ ਮੱਖਣ ਲਾਲ ਨੇ ਦਿੱਤੀ।

### ਹੈਰੋਇਨ ਦਾ ਸੇਵਨ ਕਰਦਾ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ ਨਸ਼ੇ ਦਾ ਸੇਵਨ ਕਰਨ ਦੇ ਦੋਸ਼ ਵਿੱਚ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਨੀਲ ਕੁਮਾਰ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਸੋਸਾਇਟੀ ਬੈਕ ਸਾਇਡ ਪਿੰਡ ਟਿਵਾਣਾ ਕਲਾਂ ਕੋਲ ਪੁੱਜੀ ਤਾਂ ਹਰਪ੍ਰੀਤ ਸਿੰਘ ਉਰਫ ਰਿੰਕੂ ਪੁੱਤਰ ਸੁਰਿੰਦਰ ਸਿੰਘ ਵਾਸੀ ਬਸਤੀ ਗੁਰੂ ਨਾਨਕ ਨਗਰੀ ਨੇੜੇ ਮੰਨੇਵਾਲਾ ਰੇਲਵੇ ਫਾਟਕ ਜਲਾਲਾਬਾਦ, ਜੋਕਿ ਹੈਰੋਇਨ ਦਾ ਨਸ਼ਾ ਕਰਦਾ ਹੋਇਆ ਕਾਬੂ ਕੀਤਾ, ਪਾਸੋਂ ਇਕ ਲਾਇਟਰ, ਸਿਲਵਰ ਪੰਨੀ, ਉਪਰ ਹੈਰੋਇਨ ਚਿਪਕੀ ਤੇ ਕੁਝ ਸੜੀ ਹੋਈ, ਪਾਇਪ ਨੁਮਾ 20 ਰੁਪਏ ਦਾ ਨੋਟ ਬਰਾਮਦ ਕੀਤਾ ਗਿਆ ਹੈ। ਪੁਲਸ ਨੇ ਹਰਪ੍ਰੀਤ ਸਿੰਘ ਉਰਫ ਰਿੰਕੂ ਨੂੰ ਕਾਬੂ ਕਰਨ ਉਪਰੰਤ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਹੈ।

# ਪਿੰਗਲਵਾੜਾ ਭਗਤ ਪੂਰਨ ਸਿੰਘ ਵੱਲੋਂ ਬੀ ਕੇ ਯੂ ਕਾਦੀਆਂ ਟੀਮ ਦਾ ਸਨਮਾਨ



**ਜ਼ੀਰਾ (ਨਰਿੰਦਰ ਅਨੇਜਾ)**-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਟੀਮ ਸੁਖਦੇਵ ਸਿੰਘ ਸਨੇਰ ਬਲਾਕ ਪ੍ਰਧਾਨ ਜ਼ੀਰਾ ਦੀ ਅਗਵਾਈ ਹੇਠ ਲਗਾਤਾਰ ਲੋਕ ਪੱਖੀ ਕਾਰਜਾਂ ਲਈ ਸੰਘਰਸ਼ਸ਼ੀਲ ਰਹੀ ਹੈ। ਪਿਛਲੇ ਅਰਸੇ ਦੌਰਾਨ ਜਥੇਬੰਦੀ ਨੇ ਵੱਖ ਵੱਖ ਖੇਤਰਾਂ ਵਿੱਚ ਲੋਕ ਭਲਾਈ ਦੇ ਕੰਮ ਕਰਕੇ ਚੰਗਾ ਨਾਮਣਾ ਖੱਟਿਆ ਹੈ।ਇਨ੍ਹਾਂ ਲੋਕ ਪੱਖੀ ਕਾਰਜਾਂ ਕਰਕੇ ਭਾਰਤ ਦੀ ਪ੍ਰਸਿੱਧ ਸੰਸਥਾ ਪਿੰਗਲਵਾੜਾ ਭਗਤ ਪੂਰਨ ਸਿੰਘ ਵੱਲੋਂ ਜਥੇਬੰਦੀ ਨੂੰ ਵਿਸ਼ੇਸ਼ ਤੌਰ 'ਤੇ ਸ੍ਰੀ ਅੰਮ੍ਰਿਤਸਰ ਬੁਲਾਇਆ ਗਿਆ।ਸ੍. ਦਰਸ਼ਨ ਸਿੰਘ ਮੀਹਾ ਸਿੰਘ ਵਾਲਾ ਐਗਜ਼ੈਕਟਿਵ ਮੈਂਬਰ ਪੰਜਾਬ, ਪ੍ਰੀਤਮ ਸਿੰਘ ਮੀਹਾਂ ਸਿੰਘ ਵਾਲਾ ਜ਼ਿਲ੍ਹਾ ਮੀਤ ਪ੍ਰਧਾਨ ਫਿਰੋਜ਼ਪੁਰ, ਹਰਪ੍ਰੀਤ ਸਿੰਘ ਲੌਂਗੋਦੇਵਾ ਜ਼ਿਲ੍ਹਾ ਮੀਤ ਜਰਨਲ ਸਕੱਤਰ, ਸੁਖਪਾਲ ਸਿੰਘ ਰਾਣਾ, ਮੁਖਤਿਆਰ ਸਿੰਘ ਸਨੇਰ ਤੇ ਪੰਜਾਬੀ ਦੇ ਪ੍ਰਸਿੱਧ ਲੇਖਕ ਗੁਰਚਰਨ ਸਿੰਘ ਨੂਰਪੁਰ ਇਸ ਬਲਾਵੇ ਤਹਿਤ ਪਿੰਗਲਵਾੜਾ ਸੰਸਥਾ ਪਹੁੰਚੇ। ਟੀਮ ਨੇ ਪਿੰਗਲਵਾੜਾ ਸੰਸਥਾ ਨੂੰ ਕੁਝ ਕੱਪੜੇ ਤੇ ਆਪਣੇ ਵੱਲੋਂ ਕੁਝ ਸੇਵਾ ਭੇਟ ਕੀਤੀ।ਪਿੰਗਲਵਾੜਾ ਸੰਸਥਾ ਦੀ ਮੁੱਖ ਸੇਵਾਦਾਰ ਬੀਬੀ ਡਾ. ਇੰਦਰਜੀਤ ਕੌਰ ਨਾਲ ਪੰਜਾਬ ਤੇ ਪੰਜਾਬੀ ਸਮਾਜ ਦੇ ਭਖਦੇ ਮਸਲੇ ਖਾਸ ਕਰਕੇ ਵਾਤਾਵਰਨ ਸਬੰਧੀ ਵਿਚਾਰਾਂ ਹੋਈਆਂ।ਜਥੇਬੰਦੀ ਵੱਲੋਂ ਪਿੰਗਲਵਾੜਾ ਸੰਸਥਾ ਦੇ ਕੁਦਰਤੀ ਖੇਤੀ ਮਾਡਲ ਦਾ ਵੀ ਦੌਰਾ ਕੀਤਾ ਗਿਆ। ਪਿੰਗਲਵਾੜਾ ਸੰਸਥਾ ਦੇ ਸੇਵਾਦਾਰ ਮਾ. ਰਾਜਵੀਰ ਸਿੰਘ ਵੱਲੋਂ ਜਥੇਬੰਦੀ ਦੇ ਆਗੂਆਂ ਨੂੰ ਕੁਦਰਤੀ ਖੇਤੀ ਮਾਡਲ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮਗਰੋਂ ਬੀਬੀ ਡਾਕਟਰ ਇੰਦਰਜੀਤ ਕੌਰ ਵੱਲੋਂ ਬੀਕੇਯੂ ਕਾਦੀਆਂ ਦੀ ਟੀਮ ਨੂੰ ਭਗਤ ਪੂਰਨ ਸਿੰਘ ਜੀ ਦੀ ਕਿਰਤ ਦਾ ਸੁਨੇਹਾ ਦਿੰਦੀ ਇੱਕ ਇੱਕ ਤਸਵੀਰ, ਸਿਰੋਪਾ ਤੇ ਕੁਝ ਕਿਤਾਬਾਂ ਭੇਟ ਕਰਕੇ ਕਿਸਾਨ ਆਗੂਆਂ ਦਾ ਸਨਮਾਨ ਕੀਤਾ ਗਿਆ।ਇਸ ਸਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂਆਂ ਨੇ ਪਿੰਗਲਵਾੜਾ ਸੰਸਥਾ ਤੇ ਡਾਕਟਰ ਬੀਬੀ ਇੰਦਰਜੀਤ ਕੌਰ ਦਾ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸੇਵਾ ਭਾਵਨਾ ਦੇ ਖੇਤਰ ਵਿੱਚ ਨਾਮਣਾ ਖੱਟਣ ਵਾਲੀ ਭਾਰਤ ਦੀ ਇਸ ਸੰਸਥਾ ਵੱਲੋਂ ਮਾਣ ਦਿੱਤੇ ਜਾਣਾ ਉਨ੍ਹਾਂ ਲਈ ਬਹੁਤ ਵੱਡੀ ਗੱਲ ਹੈ, ਇਸ ਲਈ ਉਹ ਹਮੇਸ਼ਾ ਇਸ ਸੰਸਥਾ ਦੇ ਰਿਣੀ ਰਹਿਣਗੇ।ਕਿਸਾਨ ਆਗੂਆਂ ਨੇ ਕਿਹਾ ਕਿ ਉਹ ਕੁਦਰਤੀ ਖੇਤੀ ਕਰਨ, ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਤੋਂ ਗਰੇਜ਼ ਕਰਨ ਤੇ ਵੱਧ ਤੋਂ ਵੱਧ ਰੁੱਖ ਲਾਉਣ, ਰੁੱਖਾਂ ਨੂੰ ਬਚਾਉਣ ਤੇ ਵਾਤਾਵਰਨ ਨੂੰ ਸਾਜ਼ਗਾਰ ਬਣਾਉਣ ਲਈ ਵੀ ਯਤਨਸ਼ੀਲ ਰਹਿਣਗੇ।

# ਦੋਰਾਹਾ ਦੇ ਨੌਜਵਾਨ ਦੀ ਅਰਮੀਨੀਆ 'ਚ ਮੌਤ

## ਮਾਪਿਆਂ ਵੱਲੋਂ ਮ੍ਰਿਤਕ ਦੇਹ ਨੂੰ ਪੰਜਾਬ ਲਿਆਉਣ ਲਈ ਸਰਕਾਰ ਤੇ ਸੰਸਥਾਵਾਂ ਨੂੰ ਮਦਦ ਦੀ ਪੁਕਾਰ

**ਦੋਰਾਹਾ (ਹਰਮਿੰਦਰ ਸੇਠ)**-ਇੱਛਰ ਕੁਮਾਰ (31) ਪੁੱਤਰ ਮਲਕੀਤ ਸਿੰਘ ਵਾਸੀ ਵਾਰਡ ਨੰਬਰ 1 ਮਛਾਲ ਨਗਰ ਨੇੜੇ ਰੇਲਵੇ ਸਟੇਸ਼ਨ ਦੋਰਾਹਾ 15 ਅਕਤੂਬਰ 2025 ਨੂੰ ਕੰਮਕਾਰ ਲਈ ਵਿਦੇਸ਼ ਅਰਮੀਨੀਆ ਵਿੱਚ ਗਿਆ ਸੀ, ਪਰ ਕੁੱਝ ਸਮਾਂ ਕੰਮ ਕਰਨ ਉਪਰੰਤ 27 ਮਾਰਚ 2026 ਬਿਮਾਰ ਹੋਣ ਕਾਰਨ ਚੱਕਰ ਆਉਣ ਲੱਗ ਪਏ ਤੇ ਨਾਲ ਰਹਿਣ ਵਾਲੇ ਲੋਕਾਂ ਨੇ ਇੱਛਰ ਕੁਮਾਰ ਨੂੰ ਹਸਪਤਾਲ ਵਿੱਚ ਦਾਖਲ ਕਰਵਾ ਦਿੱਤਾ ਗਿਆ ਤੇ ਡਾਕਟਰਾਂ ਨੇ ਚੈੱਕਅਪ ਕਰਨ ਉਪਰੰਤ ਦੱਸਿਆ ਕਿ ਖ਼ੂਨ ਦੀ ਕਮੀਂ ਹੈ, ਬਿਮਾਰ ਵਿਅਕਤੀ ਦੇ ਨਾਲ ਗਏ ਲੋਕਾਂ ਨੂੰ ਡਾਕਟਰਾਂ ਨੇ ਬਲੱਡ ਦਾ ਪ੍ਰਬੰਧ ਕਰਨ ਲਈ ਕਿਹਾ, ਜਦੋਂ ਬਲੱਡ ਦਾ ਪ੍ਰਬੰਧ ਕਰਕੇ 28 ਮਾਰਚ ਦੀ ਸਵੇਰ ਕਰੀਬ 2 ਵਜੇ ਹਸਪਤਾਲ ਵਿੱਚ ਪੁੱਜੇ ਤਾਂ ਕੁੱਝ ਸਮੇਂ ਬਾਅਦ ਡਾਕਟਰਾਂ ਨੇ ਬਿਮਾਰ ਨੌਜਵਾਨ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ।ਜਦੋਂ ਇਹ ਖ਼ਬਰ ਪਰਿਵਾਰ ਕੋਲ ਪੁੱਜੀ ਤਾਂ ਪਰਵਾਰ ਦੇ ਹੋਸ਼ ਉੱਡ ਗਏ ਤੇ ਪਰਵਾਰ ਦਾ ਰੋ-ਰੋ ਬੁਰਾ ਹਾਲ ਹੈ।ਉਸੇ ਹੀ ਦਿਨ 28 ਮਾਰਚ ਤੋਂ ਪਰਵਾਰ ਵੱਲੋਂ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਤੇ ਡਾਕਟਰ ਅਮਰ ਸਿੰਘ ਮੈਂਬਰ ਪਾਰਲੀਮੈਂਟ ਹਲਕਾ ਫਤਿਹਗੜ੍ਹ ਸਾਹਿਬ ਤੇ ਭਾਰਤੀ ਅੰਬੈਸੀ ਤੇ ਅਰਮੀਨੀਆ ਵਿੱਚ ਅੰਬੈਸੀ ਨਾਲ ਸੰਪਰਕ ਕੀਤਾ, ਪਰ ਅੱਜ ਤੱਕ ਮ੍ਰਿਤਕ ਇੱਛਰ ਕੁਮਾਰ ਦੀ ਦੇਹ ਵਾਪਸ ਲਿਆਉਣ ਲਈ ਕੋਈ ਹੱਲ ਨਹੀਂ ਮਿਲ ਰਿਹਾ।ਸਵਰਗੀ ਇੱਛਰ ਕੁਮਾਰ ਆਪਣੇ ਪਿੱਛੇ ਪਤਨੀ ਲਕਸ਼ਮੀ ਦੇਵੀ, ਪੁੱਤਰ ਗੁਰਨੂਰ ਸਿੰਘ 8 ਸਾਲ, ਪੁੱਤਰੀ ਹਰਲੀਨ ਕੌਰ 5 ਸਾਲ ਛੱਡ ਗਿਆ ਹੈ।ਮ੍ਰਿਤਕ ਇੱਛਰ ਕੁਮਾਰ ਦੇ ਪਿਤਾ ਮਲਕੀਤ ਸਿੰਘ ਤੇ ਮਾਤਾ ਸਵਰਨ ਕੌਰ ਨੇ ਦੱਸਿਆ ਕਿ ਸਾਡੇ ਬੱਚੇ ਦੀ ਮ੍ਰਿਤਕ ਦੇਹ ਨੂੰ ਪੰਜਾਬ ਲਿਆਉਣ ਲਈ ਕੋਈ ਸਾਡੀ ਸਰਕਾਰ ਜਾਂ ਸੰਸਥਾ ਮਦਦ ਕਰੇ ਤਾਂ ਕਿ ਅਸੀਂ ਆਪਣੇ ਪੁੱਤਰ ਦਾ ਆਪਣੇ ਰੀਤੀ ਰਿਵਾਜਾਂ ਨਾਲ ਸਸਕਾਰ ਕਰ ਸਕੀਏ।



# ਰਵਿੰਦਰ ਕੌਰ ਦਾ ਥਾਣਾ ਸਿਟੀ ਇੰਚਾਰਜ ਵਜੋਂ ਚਾਰਜ ਸੰਭਾਲਣ 'ਤੇ ਸਵਾਗਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਖੂਨਦਾਨ ਨੂੰ ਸਮਰਪਤ ਸੰਸਥਾ ਜੈ ਬਾਬੇ ਦੀ ਬਲੱਡ ਸੇਵਾ ਸੁਸਾਇਟੀ ਨੇ ਰਵਿੰਦਰ ਕੌਰ ਦੇ ਥਾਣਾ ਸਿਟੀ ਇੰਚਾਰਜ ਵਜੋਂ ਚਾਰਜ ਸੰਭਾਲਣ 'ਤੇ ਸਵਾਗਤ ਕੀਤਾ।ਸੁਸਾਇਟੀ ਦੀ ਟੀਮ ਨੇ ਥਾਣਾ ਸਿਟੀ ਪਹੁੰਚ ਕੇ ਰਵਿੰਦਰ ਕੌਰ ਨੂੰ ਗੁਲਦਸਤਾ ਭੇਟ ਕਰਦਿਆਂ ਵਧਾਈ ਦਿੱਤੀ ਤੇ ਉਮੀਦ ਜ਼ਾਹਰ ਕੀਤੀ ਕਿ ਉਨ੍ਹਾਂ ਦੇ ਚਾਰਜ ਸਾਂਭਣ ਮਗਰੋਂ ਹੁਣ ਸ਼ਹਿਰ 'ਚ ਲੋਕਾਂ ਨੂੰ ਸਮੱਸਿਆਵਾਂ ਤੋਂ ਨਿਜਾਤ ਮਿਲੇਗੀ। ਇਸ ਸਮੇਂ ਬਲਜਿੰਦਰ ਕੌਰ ਤੇ ਰੋਬਿਨ ਦੀਪ ਕੌਰ ਨੇ ਕਿਹਾ ਕਿ ਹੁਣ ਨਸ਼ੇ 'ਤੇ ਰੋਕ ਲੱਗੇਗੀ, ਕਿਉਂਕਿ ਅਜਿਹੇ ਚੰਗੇ ਅਫਸਰ ਦੀ ਨਿਯੁਕਤੀ ਹੋਣੀ ਸ਼ਹਿਰ ਲਈ ਮਾਨ ਵਾਲੀ ਗੱਲ ਹੈ।ਪ੍ਰਵੀਨ ਮਦਾਨ ਤੇ ਗਗਨ ਅਹੂਜਾ ਨੇ ਜੈ ਬਾਬੇ ਦੀ ਬਲੱਡ ਸੇਵਾ ਸੋਸਾਇਟੀ ਵੱਲੋਂ ਮੈਡਮ ਨੂੰ ਜੀ ਆਇਆਂ ਨੂੰ ਆਖਿਆ।ਨਵ ਨਿਯੁਕਤ ਥਾਣਾ ਪ੍ਰਭਾਰੀ ਰਵਿੰਦਰ ਕੌਰ ਨੇ ਕਿਹਾ ਕਿ ਜੇਕਰ ਕੋਈ ਨਸ਼ੇ ਵੇਚਣ ਵਾਲੇ ਬਾਰੇ ਜਾਣਕਾਰੀ ਦਿੰਦਾ ਤਾਂ ਉਸ ਦੀ ਜਾਣਕਾਰੀ ਸਿੱਧੀ ਮੈਨੂੰ ਦਿੱਤੀ ਜਾਵੇ।ਇਸ ਮੌਕੇ ਕਮਲਦੀਪ ਅਹੂਜਾ, ਪ੍ਰਵੀਨ ਮਦਾਨ, ਸੁਖਮਨੀ ਪੀਜੀ ਵਾਲੇ ਬਲਜਿੰਦਰ ਕੌਰ, ਰੋਬਿਨ ਦੀਪ ਕੌਰ, ਦੀਪਕ ਗਰਗ ਜੈ ਬਾਬੇ ਦੀ ਬਲੱਡ ਸੇਵਾ ਸੁਸਾਇਟੀ ਦੇ ਹੋਰ ਸੇਵਾਦਾਰ ਹਾਜ਼ਰ ਸਨ।

# 8ਵੀਂ 'ਚੋਂ ਟਾਪਰ ਰਹਿਣ ਵਾਲੀਆਂ ਵਿਦਿਆਰਥਣਾਂ ਦਾ ਮੁੱਖ ਮੰਤਰੀ ਵੱਲੋਂ ਸਨਮਾਨ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੀਤੇ ਦਿਨੀਂ ਐਲਾਨੇ ਗਏ 8ਵੀਂ ਜਮਾਤ ਦੇ ਨਤੀਜਿਆਂ ਵਿੱਚ ਫਰੀਦਕੋਟ ਜ਼ਿਲ੍ਹੇ ਦੀ ਝੰਡੀ ਰਹੀ ਹੈ।ਜ਼ਿਲ੍ਹੇ ਦੀਆਂ ਧੀਆਂ ਨੇ ਪਹਿਲੇ ਤਿੰਨਾਂ ਵਿੱਚੋਂ 2 ਸਥਾਨ ਹਾਸਲ ਕਰਕੇ ਪੂਰੇ ਜ਼ਿਲ੍ਹੇ ਦਾ ਨਾਮ ਸੂਬੇ ਭਰ ਵਿੱਚ ਉੱਚਾ ਕੀਤਾ ਹੈ।ਸਰਸਵਤੀ ਸੀਨੀਅਰ ਸੈਕੰਡਰੀ ਸਕੂਲ ਜੈਤੋ ਦੀ ਵਿਦਿਆਰਥਣ ਤਮੰਨਾ ਪ੍ਰਜਾਪਤੀ ਨੇ 600 ਵਿੱਚੋਂ 600 ਅੰਕ ਹਾਸਲ ਕਰਕੇ ਪੰਜਾਬ ਭਰ ਵਿੱਚੋਂ ਪਹਿਲਾ, ਜਦਕਿ ਸੰਤ ਮੋਹਨ ਦਾਸ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਕੋਟਸੁਖੀਆ ਫਰੀਦਕੋਟ ਨੇ 600 'ਚੋਂ 598 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ ਹੈ।ਇਨ੍ਹਾਂ ਨਤੀਜਿਆਂ ਵਿੱਚ ਫਰੀਦਕੋਟ ਜ਼ਿਲ੍ਹੇ ਦੇ ਹਿੱਸੇ ਇੱਕ ਹੋਰ ਵੱਕਾਰੀ ਸਨਮਾਨ ਆਇਆ ਹੈ, ਕਿਉਂਕਿ ਜ਼ਿਲ੍ਹੇ ਦੇ ਵਿਦਿਆਰਥੀਆਂ ਨੇ ਬੋਰਡ ਵਿੱਚ ਜਾਰੀ ਮੈਰਿਟ ਵਿੱਚ ਸਭ ਤੋਂ ਵੱਧ 19 ਸਥਾਨ ਪ੍ਰਾਪਤ ਕੀਤੇ ਹਨ, ਜੋ ਕਿ ਪੰਜਾਬ ਦੇ ਕਿਸੇ ਵੀ ਜ਼ਿਲ੍ਹੇ ਤੋਂ ਵੱਧ ਹਨ।ਫਰੀਦਕੋਟ ਦੀਆਂ ਵਿਦਿਆਰਥਣਾਂ ਦੀ ਹੌਸਲਾ ਅਫਜ਼ਾਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਉਨ੍ਹਾਂ ਦੀ ਸੁਪਤਨੀ ਡਾ. ਗੁਰਪ੍ਰੀਤ ਕੌਰ ਮਾਨ ਵੱਲੋਂ ਕੀਤੀ ਗਈ। ਮੁੱਖ ਮੰਤਰੀ ਵੱਲੋਂ ਨਾ ਸਿਰਫ ਇਨ੍ਹਾਂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਗਿਆ, ਸਗੋਂ ਚੰਗੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ।ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਵੀ ਇਨ੍ਹਾਂ ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਮੁਬਾਰਕਬਾਦ ਦਿੰਦਿਆਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਨੂੰ ਭਵਿੱਖ ਦੀ ਪੜ੍ਹਾਈ ਲਈ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਅੰਜਨਾ ਕੌਸ਼ਲ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

# ਤੇਜਾ ਸਿੰਘ ਸੁਤੰਤਰ ਦੀ ਬਰਸੀ 'ਤੇ ਮੁਫਤ ਮੈਡੀਕਲ ਚੈੱਕਅੱਪ ਕੈਂਪ

**ਲੋਕਾਂ ਲਈ ਫ੍ਰੀ ਕੈਂਪ ਲਗਾਉਣੇ ਚੰਗੀ ਗੱਲ, ਪਰ ਸਿਹਤ ਸੇਵਾਵਾਂ ਦੀ ਜ਼ਿੰਮੇਵਾਰੀ ਸਰਕਾਰ ਦੀ : ਡਾ. ਮਿੱਤਰਾ**



**ਲੁਧਿਆਣਾ (ਰੈਕਟਰ ਕਥੂਰੀਆ)**
ਸਾਥੀ ਤੇਜਾ ਸਿੰਘ ਸੁਤੰਤਰ ਲੋਕ ਚੇਤਨਾ ਮੰਚ ਲੁਧਿਆਣਾ ਵੱਲੋਂ ਇੱਥੇ ਵਾਰਡ ਨੰਬਰ 64, ਰਿਸ਼ੀ ਨਗਰ ਵਿਖੇ ਫ੍ਰੀ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਵਿੱਚ ਨੱਕ, ਕੰਨ, ਗਲੇ ਦੇ ਮਾਹਰ ਡਾਕਟਰ ਅਰੁਣ ਮਿੱਤਰਾ ਤੇ ਡਾਕਟਰ ਰੁਬਲਦੀਪ ਕੌਰ ਅਤੇ ਜਨਰਲ ਪ੍ਰੈਕਟੀਸ਼ਨਰ ਡਾਕਟਰ ਰਮਨਦੀਪ ਨੇ ਕੈਂਪ ਵਿੱਚ ਆਏ 126 ਮਰੀਜ਼ਾਂ ਦਾ ਚੈੱਕਅਪ ਕੀਤਾ। ਇਹ ਕੈਂਪ ਸਾਥੀ ਤੇਜਾ ਸਿੰਘ ਸੁਤੰਤਰ ਦੀ 53ਵੀਂ ਬਰਸੀ 'ਤੇ ਉਨ੍ਹਾਂ ਨੂੰ ਯਾਦ ਕਰਦਿਆਂ ਤੇ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਹਾੜੇ ਨੂੰ ਸਮਰਪਤ ਵਾਰਡ ਨੰਬਰ 62 ਤੇ 64 ਦੇ ਲੋਕਾਂ ਦੇ ਸਹਿਯੋਗ ਨਾਲ ਲਗਾਇਆ ਗਿਆ।

ਕੈਂਪ ਸ਼ੁਰੂ ਕਰਨ ਤੋਂ ਪਹਿਲਾਂ ਡਾਕਟਰ ਅਰੁਣ ਮਿੱਤਰਾ ਨੇ ਫੈਲ ਰਹੀਆਂ ਬਿਮਾਰੀਆਂ ਦੇ ਮਾਹੌਲ ਵਿੱਚ ਆਪਣੀ ਸਿਹਤ ਨੂੰ ਠੀਕ ਰੱਖਣ ਦੇ ਕੁਝ ਉਪਾਅ ਦੱਸੇ ਤੇ ਇਹ ਵੀ ਦੱਸਿਆ ਕਿ ਬਹੁਤ ਸਾਰੇ ਦੇਸ਼ਾਂ ਵਿੱਚ ਸਿਹਤ ਸੇਵਾਵਾਂ ਉੱਥੋਂ ਦੇ ਨਾਗਰਿਕਾਂ ਲਈ ਮੁਫ਼ਤ ਦਿੱਤੀਆਂ ਜਾਂਦੀਆਂ ਹਨ।ਉਨ੍ਹਾਂ ਕਿਹਾ ਕਿ ਬਹੁਤ ਸਾਰੇ ਲੋਕ ਬਿਮਾਰੀਆਂ ਦੇ ਇਲਾਜ ਦੇ ਖਰਚੇ ਕਾਰਨ ਹੀ ਗਰੀਬੀ ਰੇਖਾ ਤੋਂ ਹੇਠਾਂ ਧੱਕੇ ਜਾ ਰਹੇ ਹਨ। ਇਸ ਕਰਕੇ ਸੂਬਾ ਸਰਕਾਰ ਤੇ ਕੇਂਦਰ ਸਰਕਾਰ ਨੂੰ ਆਪਣੇ ਬਜਟ ਵਿੱਚ ਸਿਹਤ ਸੇਵਾਵਾਂ ਲਈ ਵੱਧ ਫੰਡ ਰੱਖਣੇ ਚਾਹੀਦੇ ਹਨ।

ਕੈਂਪ ਦਾ ਉਦਘਾਟਨ ਵਾਰਡ ਨੰਬਰ 64 ਦੇ ਕੌਂਸਲਰ ਸ੍ਰੀਮਤੀ ਇੰਦੂ ਮੁਨੀਸ਼ ਸ਼ਾਹ ਨੇ ਕੀਤਾ।ਆਪ ਆਗੂ ਮੁਨੀਸ਼ ਸ਼ਾਹ ਨੇ ਸਰਕਾਰ ਵੱਲੋਂ ਚਲਾਏ ਜਾ ਰਹੇ ਆਮ ਆਦਮੀ ਕਲੀਨਿਕ, ਜੋ ਕਪਿਲ ਪਾਰਕ ਵਿੱਚ ਖੁੱਲ੍ਹਿਆ ਹੈ, ਦਾ ਫਾਇਦਾ ਲਿਆ ਜਾਵੇ।ਸਭ ਤੋਂ ਪਹਿਲਾਂ ਇਸ ਕੈਂਪ ਦੇ ਆਯੋਜਕ ਐੱਮ ਐੱਸ ਭਾਟੀਆ ਤੇ ਰਣਧੀਰ ਸਿੰਘ ਧੀਰਾ ਨੇ ਸਾਰਿਆਂ ਨੂੰ ਜੀ ਆਇਆਂ ਕਿਹਾ।ਜਥੇਬੰਦਕ ਕਮੇਟੀ ਦੇ ਮੈਂਬਰਾਂ ਸੰਜੀਵ ਸ਼ਰਮਾ, ਸੁਰਜੀਤ ਸਿੰਘ, ਮੁੰਨਾ ਕਮਲੇਸ਼, ਅਵਤਾਰ ਛਿੱਬੜ, ਨਰੇਸ਼ ਗੌੜ, ਰੋਹਿਤ ਮੰਗੂ, ਰਜਿੰਦਰ, ਪ੍ਰਮੋਦ ਕੁਮਾਰ, ਸੁਸ਼ੀਲ ਅਗਰਵਾਲ, ਜਸਵਿੰਦਰ ਸਿੰਘ, ਜਸਰਾਮ ਜੋਸ਼ੀ, ਵਿਸ਼ਾਲ, ਸੁਰਿੰਦਰ ਕੁਮਾਰ, ਪੁਨੀਤ ਛਾਬੜਾ, ਸ਼ਿਵ ਕੁਮਾਰ, ਭਰਪੂਰ ਸਿੰਘ, ਸੁਨੀਲ ਸ਼ਰਮਾ, ਸੁਰਜੀਤ ਸਿੰਘ, ਬਿੱਟੂ ਬਲਾਕ, ਗੁਰਦੇਵ ਬਲਾਕ, ਲਾਲ ਬਾਬੂ ਪੀਏਯੂ, ਕੁਲਵੰਤ ਕੌਰ ਤੇ ਅਨਿਲ ਕੁਮਾਰ ਨੇ ਪੂਰੇ ਤਨ ਮਨ ਨਾਲ ਕੈਂਪ ਦੌਰਾਨ ਮਰੀਜ਼ਾਂ ਦੀ ਸੇਵਾ ਕੀਤੀ ਅਤੇ ਮਰੀਜ਼ਾਂ ਨੂੰ ਫਰੀ ਦਵਾਈਆਂ ਦਿੱਤੀਆਂ, ਜੋ ਜੈਨ ਪਰਿਵਾਰ ਨੇ ਕੈਂਪ ਲਈ ਦਿੱਤੀਆਂ ਸਨ।ਕੈਂਪ ਲਈ ਚਾਹ ਪਾਣੀ ਦੀ ਸੇਵਾ ਕੁਲਦੀਪ ਸਿੰਘ, ਜਸਵਿੰਦਰ ਤੇ ਬਿੱਟੂ ਨੇ ਕੀਤੀ।

# ਸਰਕਾਰ ਸਿਹਤ ਢਾਂਚੇ ਦੇ ਬੁਨਿਆਦੀ ਸੁਧਾਰ ਵੱਲ ਧਿਆਨ ਦੇਵੇ : ਡਾ. ਮਿੱਤਰਾ, ਡਾ. ਔਲਖ ਤੇ ਡਾ. ਗਿੱਲ



**ਜਲੰਧਰ (ਨ ਜ਼ ਸ)**-ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਹ ਮੁਹੱਲਾ ਕਲੀਨਿਕ ਵਰਗੀਆਂ ਠੇਕਾ ਅਧਾਰਤ, ਅਣ-ਪ੍ਰੋਫ਼ੈਸ਼ਨਲ ਤੇ ਡੰਗ ਟਪਾਊ ਨੀਤੀਆਂ ਦਾ ਖਹਿੜਾ ਛੱਡ ਕੇ ਪੰਜਾਬ ਦੇ ਸਿਹਤ ਢਾਂਚੇ ਦੇ ਬੁਨਿਆਦੀ ਸੁਧਾਰ ਵੱਲ ਧਿਆਨ ਦੇਵੇ। ਜਥੇਬੰਦੀ ਦੇ ਆਗੂਆਂ ਡਾ. ਅਰੁਣ ਮਿੱਤਰਾ, ਡਾ. ਜਸਬੀਰ ਸਿੰਘ ਔਲਖ ਤੇ ਡਾ. ਇੰਦਰਵੀਰ ਸਿੰਘ ਗਿੱਲ ਨੇ ਇੱਕ ਬਿਆਨ ਜਾਰੀ ਕਰਕੇ ਨਵੀਂ ਲਿਆਂਦੀ ਜਾ ਰਹੀ ਆਮ ਆਦਮੀ ਪਿੰਡ ਕਲੀਨਿਕ ਸਕੀਮ ਉੱਪਰ ਸਵਾਲ ਖੜ੍ਹੇ ਕੀਤੇ ਹਨ।ਸਭ ਤੋਂ ਵੱਡਾ ਸਵਾਲ ਮੁੱਢਲੇ ਸਿਹਤ ਪ੍ਰਬੰਧ, ਜਿਸ ਵਿੱਚ ਪ੍ਰੀਵੈਂਟਿਵ ਤੇ ਪਰੋਮੋਟਿਵ ਪਹਿਲੂ ਦਾ ਹੈ, ਜੋ ਪਹਿਲਾਂ ਹੀ ਆਮ ਆਦਮੀ ਕਲੀਨਿਕਾਂ ਦੀ ਓਪੀਡੀ ਅਧਾਰਤ ਸਕੀਮ ਕਰਕੇ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ, ਵਿੱਚ ਸੁਧਾਰ ਦੀ ਕੋਈ ਵੀ ਗੰਭੀਰ ਕੋਸ਼ਿਸ਼ ਨਹੀਂ ਹੈ।ਪਿੰਡ ਕਲੀਨਿਕਾਂ ਵਿੱਚ ਵੀ ਪ੍ਰਾਇਮਰੀ ਹੈਲਥ ਕੇਅਰ ਦਾ ਕੋਈ ਬੁਨਿਆਦੀ ਸਵਾਲ ਹੱਲ ਨਹੀਂ ਹੋਣਾ ਹੈ।ਟੈਲੀਕੰਸਲਟੇਸ਼ਨ ਦੀਆਂ ਸਕੀਮਾਂ ਪਹਿਲਾਂ ਹੀ ਜ਼ਿਲ੍ਹਾ ਹਸਪਤਾਲਾਂ ਤੇ ਸੀ ਐੱਚ ਓ ਪੱਧਰ 'ਤੇ ਨਾਕਾਮ ਰਹੀਆਂ ਹਨ ਅਤੇ ਸਰਕਾਰ ਨੇ ਇਨ੍ਹਾਂ ਦਾ ਕੋਈ ਰੀਵਿਊ ਕਰਨ ਦੀ ਜਹਿਮਤ ਵੀ ਨਹੀਂ ਕੀਤੀ।ਆਗੂਆਂ ਅਨੁਸਾਰ ਸਰਕਾਰ ਠੇਕਾ ਅਧਾਰਤ ਭਰਤੀ ਕਰਕੇ ਰੈਗੂਲਰ ਪੋਸਟਾਂ ਦਾ ਭੋਗ ਪਾਉਣ ਦੀ ਤਿਆਰੀ ਕਰ ਰਹੀ ਹੈ, ਜਿਵੇਂ ਪ੍ਰਾਇਮਰੀ ਹੈਲਥ ਸੈਂਟਰਾਂ 'ਚ ਮੌਜੂਦ ਡਾਕਟਰਾਂ, ਫਾਰਮਾਸਿਸਟਾਂ, ਲੈਬ ਤਕਨੀਸ਼ੀਅਨਾਂ ਤੇ ਦਰਜਾ ਚਾਰ ਕਰਮਚਾਰੀਆਂ ਦੀਆਂ ਰੈਗੂਲਰ ਪੋਸਟਾਂ ਉੱਪਰ ਭਰਤੀ ਕਰਨ ਦੀ ਥਾਂ ਠੇਕਾ ਅਧਾਰਤ ਸਟਾਫ਼ ਲਗਾਇਆ ਗਿਆ ਹੈ, ਜਿਸ ਨੂੰ ਇੱਕ ਹਫ਼ਤੇ ਦੇ ਨੋਟਿਸ 'ਤੇ ਬਿਨਾਂ ਕਾਰਨ ਦੱਸਿਆਂ ਨੌਕਰੀ ਤੋਂ ਬਰਖਾਸਤ ਕੀਤਾ ਜਾ ਸਕਦਾ ਹੈ।ਔਰਤ ਕਰਮਚਾਰੀਆਂ ਨੂੰ ਪ੍ਰਸੂਤਾ ਛੁੱਟੀ ਵਰਗੇ ਮੁੱਢਲੇ ਹੱਕਾਂ ਤੋਂ ਵੀ ਵੰਚਿਤ ਕਰ ਦਿੱਤਾ ਗਿਆ ਹੈ।ਪਿੰਡ ਕਲੀਨਿਕ ਵਿੱਚ ਸੈਨੀਟੇਸ਼ਨ ਦਾ ਬਜਟ ਪੰਜ ਹਜ਼ਾਰ ਰੁਪਏ ਹੈ, ਜਿਸ ਵਿੱਚ ਸਫ਼ਾਈ ਕਰਮਚਾਰੀਆਂ ਦੀ ਤਨਖਾਹ ਵੀ ਸ਼ਾਮਲ ਹੈ।ਇਹ ਪ੍ਰਬੰਧ ਕਿਰਤ ਕਾਨੂੰਨਾਂ ਦੀ ਵੀ ਉਲੰਘਣਾ ਹੈ।

ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ ਦੇ ਆਗੂਆਂ ਨੇ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਸਿਹਤ ਮਾਹਰਾਂ ਤੇ ਸਿਹਤ ਵਿਭਾਗ ਵਿੱਚ ਕੰਮ ਕਰਦੀਆਂ ਜਥੇਬੰਦੀਆਂ ਨਾਲ ਵਿਚਾਰ ਵਟਾਂਦਰਾ ਕਰਕੇ ਸਮੁੱਚੇ ਸਿਹਤ ਢਾਂਚੇ ਦਾ ਰੀਵਿਊ ਕਰੇ, ਰੈਗੂਲਰ ਪੋਸਟਾਂ ਤੇ ਭਰਤੀ ਕਰੇ ਤੇ ਡੰਗ ਟਪਾਊ ਨੀਤੀਆਂ ਦਾ ਖਹਿੜਾ ਛੱਡੇ।

# ਲਾਲ ਸਿੰਘ ਦੇ ਦਰਸਾਏ ਮਾਰਗ 'ਤੇ ਲੋਕਾਂ ਦੀ ਸੇਵਾ ਕਰਾਂਗੇ : ਰਾਜਿੰਦਰ ਸਿੰਘ

**ਜੱਦੀ ਪਿੰਡ ਅਸਰਪੁਰ ਵਿਖੇ ਪਿੰਡ ਵਾਸੀਆਂ ਵੱਲੋਂ ਸ਼ਰਧਾਂਜਲੀ ਸਮਾ.ਗਮ**



**ਸਨੌਰ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਸਵ: ਸਰਦਾਰ ਲਾਲ ਸਿੰਘ, ਜਿਨ੍ਹਾਂ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਸੀ, ਦੀ ਯਾਦ ਵਿੱਚ ਉਨ੍ਹਾਂ ਦੇ ਜੱਦੀ ਪਿੰਡ ਅਸਰਪੁਰ ਵਿਖੇ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਇਕ ਧਾਰਮਿਕ ਤੇ ਸ਼ਰਧਾਂਜਲੀ ਸਮਾ.ਗਮ ਕਰਵਾਇਆ ਗਿਆ। ਸਮੂਹ ਪਿੰਡ ਵਾਸੀਆਂ ਨੇ ਪਾਰਟੀ ਬਾਜ਼ੀ ਤੋਂ ਉਪਰ ਉੱਠ ਕੇ ਅਸਰਪੁਰ ਦੇ ਗੁਰਦਵਾਰਾ ਸਹਿਬ ਸਹਿਬ ਵਿਖੇ ਇਸ ਸਮਾਗਮ 'ਚ ਵਿੱਛੜੇ ਮਰਹੂਮ ਆਗੂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਸਮਾਗਮ ਦੌਰਾਨ ਸ੍. ਲਾਲ ਸਿੰਘ ਦਾ ਸਮੂਹ ਪਰਵਾਰ ਸ਼ਾਮਲ ਹੋਇਆ। ਇਸ ਮੌਕੇ ਸ੍. ਲਾਲ ਸਿੰਘ ਦੇ ਸਪੁੱਤਰ ਸਾਬਕਾ ਐੱਮ ਐੱਲ ਏ ਰਾਜਿੰਦਰ ਸਿੰਘ ਨੇ ਆਪਣੇ ਪਿਤਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਕਿਹਾ ਕਿ ਸਨੌਰ ਹਲਕੇ ਦੇ ਸਾਡੇ ਜੱਦੀ ਪਿੰਡ ਅਸਰਪੁਰ ਦੇ ਲੋਕਾਂ ਨੇ ਮੇਰੇ ਸਵਰਗੀ ਪਿਤਾ ਲਾਲ ਸਿੰਘ ਜੀ ਦੀ ਆਤਮਿਕ ਸ਼ਾਂਤੀ ਲਈ ਅੰਤਿਮ ਅਰਦਾਸ ਕੀਤੀ ਹੈ, ਜਿਸ ਤੋਂ ਪਤਾ ਚਲਦਾ ਕਿ ਪਿੰਡ ਵਾਸੀਆਂ ਨਾਲ ਉਨ੍ਹਾਂ ਦਾ ਕਿੰਨਾ ਪਿਆਰ ਸੀ। ਰਾਜਿੰਦਰ ਸਿੰਘ ਨੇ ਕਿਹਾ ਕਿ ਇਹ ਉਹ ਥਾਂ ਹੈ, ਜਿੱਥੋਂ ਉਨ੍ਹਾਂ ਦੇ ਪਿਤਾ ਸਵ: ਲਾਲ ਸਿੰਘ ਨੇ ਆਪਣੀ ਰਾਜਨੀਤਕ ਯਾਤਰਾ ਸ਼ੁਰੂ ਕੀਤੀ ਸੀ ਤੇ ਇਸੇ ਹਲਕੇ ਤੋਂ ਲਗਾਤਾਰ ਅੱਠ ਚੋਣਾਂ ਲੜੀਆਂ ਸਨ।ਮੈਂ ਉਨ੍ਹਾਂ ਦੀ ਯਾਦ ਵਿੱਚ ਅਖੰਡ ਪਾਠ ਦਾ ਆਯੋਜਨ ਕਰਨ ਤੇ ਪ੍ਰਾਰਥਨਾ ਸਭਾ ਦਾ ਹਿੱਸਾ ਬਣਨ ਲਈ ਸਾਰਿਆਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ। ਉਨ੍ਹਾਂ ਕਿਹਾ ਕਿ ਆਪਣੇ ਪਿਤਾ ਵੱਲੋਂ ਦਰਸਾਏ ਮਾਰਗ 'ਤੇ ਚਲਦੇ ਹੋਏ ਲੋਕ ਸੇਵਾ ਕਰਦੇ ਰਹਿਣਗੇ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਸ੍. ਲਾਲ ਸਿੰਘ ਦੇ ਪਰਵਾਰ ਦਾ ਸਨਮਾਨ ਵੀ ਕੀਤਾ ਗਿਆ। ਇਸ ਸਮਾਗਮ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਕ੍ਰਿਸ਼ਨ ਸਿੰਘ ਸਨੌਰ, ਜਥੇਦਾਰ ਹਰਨਾਥ ਸਿੰਘ ਜਲਾਲਪੁਰ ਨੇ ਵੀ ਸਵ; ਲਾਲ ਸਿੰਘ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸਾਬਕਾ ਏ ਡੀ ਜੀ ਪੀ ਜਸਕਰਨ ਸਿੰਘ, ਪੰਜਾਬ ਪਬਲਿਕ ਸਰਵਿਸ ਕਮਿਸ਼ਨ ਦੇ ਸਾਬਕਾ ਮੈਂਬਰ ਬੀਬਾ ਰਵਿੰਦਰ ਕੌਰ ਰਵੀ, ਗੋਪਾਲ ਸਿੰਘ, ਦਮੋਦਰ ਸਿੰਘ, ਸੋਮਪਾਲ ਸਿੰਘ, ਰਣਜੀਤ ਸਿੰਘ ਸਨੌਰ, ਤਮਨ ਰਾਜ ਸਿੰਘ, ਨਵਕਰਨ ਸਿੰਘ, ਜਤਿੰਦਰ ਕੰਬੋਜ, ਸਤਬੀਰ ਸਿੰਘ, ਸੰਦੀਪ ਸੋਨੀ, ਰਮਨਜੋਤ ਸਿੰਘ ਰੋਮੀ, ਮੇਜ਼ਰ ਕੰਬੋਜ ਤੇ ਸਚਿਨ ਕੰਬੋਜ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਰਾਗੀ ਸਿੰਘਾਂ ਵੱਲੋਂ ਵਿਰਾਗਮਈ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ।

# ਚੇਅਰਮੈਨ ਬਰਸਟ ਵੱਲੋਂ ਵੱਖ-ਵੱਖ ਖਰੀਦ ਕੇਂਦਰਾਂ ਦਾ ਦੌਰਾ, ਕਣਕ ਦੀ ਖਰੀਦ ਸ਼ੁਰੂ ਕਰਵਾਈ

**ਮੰਡੀਆਂ 'ਚ ਪੁਖਤਾ ਪ੍ਰਬੰਧ, ਨਹੀਂ ਆਉਣ ਦਿੱਤੀ ਜਾਵੇਗੀ ਕੋਈ ਸਮੱਸਿਆ : ਬਰਸਟ**



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍. ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਅਧੀਨ ਪੈਂਦੇ ਵੱਖ-ਵੱਖ ਖਰੀਦ ਕੇਂਦਰਾਂ ਦਾ ਦੌਰਾ ਕੀਤਾ ਗਿਆ ਤੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਗਈ।ਇਸ ਦੌਰਾਨ ਸ੍. ਬਰਸਟ ਨੇ ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ ਤੇ ਤਸੱਲੀ ਪ੍ਰਗਟ ਕੀਤੀ। ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਵੱਲੋਂ ਖਰੀਦ ਕੇਂਦਰ ਕਰਹਾਲੀ ਸਾਹਿਬ, ਡਰੋਲਾ ਤੇ ਡਰੋਲੀ ਦਾ ਦੌਰਾ ਕੀਤਾ ਗਿਆ ਤੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਗਈ।ਸ੍. ਬਰਸਟ ਨੇ ਕਣਕ ਦੀ ਖਰੀਦ ਲਈ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਤੇ ਪੁਖਤਾ ਪ੍ਰਬੰਧ ਹੋਣ 'ਤੇ ਤਸੱਲੀ ਪ੍ਰਗਟ ਕੀਤੀ।ਇਸ ਦੌਰਾਨ ਚੇਅਰਮੈਨ ਵੱਲੋਂ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਵੀ ਗੱਲਬਾਤ ਕੀਤੀ ਗਈ।ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਪੰਜਾਬ ਦੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀਆਂ ਸਮੂਹ ਮੰਡੀਆਂ ਤੇ ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ।ਪੰਜਾਬ ਮੰਡੀ ਬੋਰਡ ਵੱਲੋਂ ਕਣਕ ਦੀ ਸਰਕਾਰੀ ਖਰੀਦ ਕਰਵਾਉਣ ਲਈ ਕੁੱਲ 1896 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ।ਇਸ ਦੇ ਨਾਲ ਹੀ ਸੀਜ਼ਨ ਦੌਰਾਨ ਫਸਲ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਆਰਜ਼ੀ ਖਰੀਦ ਕੇਂਦਰ ਘੋਸ਼ਿਤ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ। ਉਨ੍ਹਾਂ ਸਾਰੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਕਿਹਾ ਕਿ ਉਹ ਪੂਰੀ ਤਨਦੇਹੀ ਨਾਲ ਕਣਕ ਦੇ ਖਰੀਦ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ, ਤਾਂ ਜੋ ਕਿਸਾਨ ਬਿਨਾਂ ਕਿਸੇ ਔਕੜ ਤੋਂ ਖੁਸ਼ੀ-ਖੁਸ਼ੀ ਆਪਣੀ ਫਸਲ ਨੂੰ ਵੇਚ ਕੇ ਘਰ ਜਾ ਸਕਣ।ਇਸ ਮੌਕੇ ਜਸਬੀਰ ਸਿੰਘ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਦਰਬਾਰਾ ਸਿੰਘ ਮੈਂਬਰ ਬਲਾਕ ਸਮੰਤੀ, ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਤੇਜਿੰਦਰ ਕੁਮਾਰ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਸਮਾਣਾ, ਤੇਜਿੰਦਰ ਸਿੰਘ ਘੁਮਾਣ, ਹਰਪਾਲ ਸਿੰਘ, ਹਰਸੇਵਕ ਸਿੰਘ, ਗੁਰਮੀਤ ਨੰਬਰਦਾਰ, ਮਹਿੰਦਰ ਸਿੰਘ ਨੰਬਰਦਾਰ, ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

# ਬੁਢਲਾਡਾ 'ਚ ਬਣੇਗਾ ਸ੍ਰੀ ਨਵ ਦੁਰਗਾ ਨੇਕੀ ਚੈਰੀਟੇਬਲ ਹਸਪਤਾਲ

- ਜ਼ਮੀਨ ਦਾਨ ਕਰਕੇ ਨੇਕੀ ਫਾਊਂਡੇਸ਼ਨ ਨੂੰ ਸੌਂਪੀ ਜ਼ਿੰਮੇਵਾਰੀ



**ਬੁਢਲਾਡਾ (ਅਸ਼ੋਕ ਲਾਕੜਾ)**-ਬੁਢਲਾਡਾ ਸ਼ਹਿਰ ਲਈ ਇੱਕ ਇਤਿਹਾਸਕ ਪਲ ਦੇ ਤੌਰ 'ਤੇ ਅੱਜ ਇੱਕ ਵੱਡੀ ਸਿਹਤ ਸੇਵਾ ਪ੍ਰੋਜੈਕਟ ਦੀ ਨੀਂਹ ਰੱਖੀ ਗਈ।ਸ਼ਹਿਰ ਵਿੱਚ ਰੇਲਵੇ ਸਟੇਸ਼ਨ ਦੇ ਸਾਹਮਣੇ ਜਲਦੀ ਹੀ ਸ੍ਰੀ ਨਵ ਦੁਰਗਾ ਨੇਕੀ ਚੈਰੀਟੇਬਲ ਹਸਪਤਾਲ ਦਾ ਨਿਰਮਾਣ ਕੀਤਾ ਜਾਣਾ ਹੈ, ਜੋ ਇਲਾਕੇ ਦੇ ਲੋਕਾਂ ਨੂੰ ਮੁਫ਼ਤ ਤੇ ਸਸਤੀਆਂ ਸਿਹਤ ਸੇਵਾਵਾਂ ਪ੍ਰਦਾਨ ਕਰੇਗਾ।ਅੱਜ ਕਰਵਾਏ ਗਏ ਜ਼ਿੰਮੇਵਾਰੀ ਸੰਭਾਲ ਸਮਾਰੋਹ ਦੌਰਾਨ ਸ੍ਰੀ ਨਵ ਦੁਰਗਾ ਚੈਰੀਟੇਬਲ ਸੋਸਾਇਟੀ ਬੁਢਲਾਡਾ ਵੱਲੋਂ ਇਸ ਮਹੱਤਵਪੂਰਨ ਪ੍ਰੋਜੈਕਟ ਲਈ ਜ਼ਮੀਨ ਨੇਕੀ ਫਾਊਂਡੇਸ਼ਨ ਬੁਢਲਾਡਾ ਨੂੰ ਦਾਨ ਕੀਤੀ ਗਈ।ਇਸ ਸਮਾਰੋਹ ਵਿੱਚ ਸ਼ਹਿਰ ਦੇ ਕਈ ਪ੍ਰਮੁੱਖ ਵਿਅਕਤੀ, ਸਮਾਜ ਸੇਵੀ ਤੇ ਸੰਸਥਾਵਾਂ ਦੇ ਮੈਂਬਰ ਮੌਜੂਦ ਸਨ।ਇਸ ਮੌਕੇ ਸੋਸਾਇਟੀ ਦੇ ਸਰਪ੍ਰਸਤ ਸ੍ਰੀ ਲਕਸ਼ਮੀ ਨਾਰਾਇਣ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਹਸਪਤਾਲ ਸਮਾਜ ਦੀ ਸੇਵਾ ਲਈ ਸਮਰਪਤ ਹੋਵੇਗਾ ਤੇ ਹਰ ਵਰਗ ਦੇ ਲੋਕਾਂ ਨੂੰ ਉੱਚ ਕੋਟਿ ਦੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਏਗਾ।ਉਨ੍ਹਾਂ ਨੇਕੀ ਫਾਊਂਡੇਸ਼ਨ ਉੱਤੇ ਪੂਰਾ ਭਰੋਸਾ ਜਤਾਉਂਦਿਆਂ ਕਿਹਾ ਕਿ ਇਹ ਸੰਸਥਾ ਇਸ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਨਿਸ਼ਠਾ ਨਾਲ ਨਿਭਾਏਗੀ।ਸਮਾਰੋਹ ਦੌਰਾਨ ਜਗ੍ਹਾ ਦੀਆਂ ਚਾਬੀਆਂ ਤੇ ਸੰਬੰਧਤ ਕਾਗਜ਼ਾਤ ਨੇਕੀ ਫਾਊਂਡੇਸ਼ਨ ਦੀ ਟੀਮ ਨੂੰ ਸੌਂਪੇ ਗਏ।ਇਸ ਮੌਕੇ ਨੇਕੀ ਫਾਊਂਡੇਸ਼ਨ ਦੇ ਪ੍ਰਤੀਨਿਧੀਆਂ ਨੇ ਭਰੋਸਾ ਦਿਵਾਇਆ ਕਿ ਹਸਪਤਾਲ ਦਾ ਨਿਰਮਾਣ ਜਲਦੀ ਪੂਰਾ ਕਰਕੇ ਲੋਕਾਂ ਦੀ ਸੇਵਾ ਲਈ ਸਮਰਪਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਹਸਪਤਾਲ ਬਣਨ ਤੱਕ, ਇਸ ਜਗ੍ਹਾ ਉੱਤੇ ਹਰ ਮਹੀਨੇ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਅਪ੍ਰੇਸ਼ਨ ਕੈਂਪ ਲਗਾਇਆ ਜਾਵੇਗਾ।

ਇਸ ਸ਼ੁਭ ਮੌਕੇ ਦੀ ਸ਼ੁਰੂਆਤ ਅੱਖਾਂ ਦੇ ਮੁਫ਼ਤ ਚੈੱਕਅਪ ਤੇ ਅਪ੍ਰੇਸ਼ਨ ਕੈਂਪ ਨਾਲ ਕੀਤੀ ਗਈ।ਕੈਂਪ ਦੌਰਾਨ ਲਗਭਗ 400 ਮਰੀਜ਼ਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ।ਇਸ ਤੋਂ ਇਲਾਵਾ 80 ਮਰੀਜ਼ਾਂ ਨੂੰ ਅੱਖਾਂ ਦੇ ਮੁਫ਼ਤ ਆਪ੍ਰੇਸ਼ਨ ਲਈ ਚੁਣਿਆ ਗਿਆ ਤੇ ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ ਰਾਮਪੁਰਾ ਫੂਲ ਵਿਖੇ ਭੇਜਿਆ ਗਿਆ।

## ਮਾਊਂਟ ਲਿਟਰਾ ਦੇ ਬੱਚਿਆਂ ਵੱਲੋਂ ਚੇਤਕ ਪਾਰਕ ਦੀ ਯਾਤਰਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜ਼ੀ ਸਕੂਲ, ਰਾਮਪੁਰਾ, ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕਰਦਾ ਰਹਿੰਦਾ ਹੈ, ਜੋ ਉਨ੍ਹਾਂ ਨੂੰ ਪੜ੍ਹਾਈ ਦੇ ਵੱਖ-ਵੱਖ ਵਿਸ਼ਿਆਂ ਨੂੰ ਸਮਝਣ ਵਿੱਚ ਮਦਦ ਕਰਦੀਆਂ ਹਨ।ਇਸ ਦੇ ਚੱਲਦਿਆਂ ਜੂਨੀਅਰ ਕੇਜੀ, ਸੀਨੀਅਰ ਕੇਜੀ ਤੇ ਗ੍ਰੇਡ ਪਹਿਲੀ ਤੋਂ ਤੀਜੀ ਜਮਾਤ ਦੇ ਵਿਦਿਆਰਥੀਆਂ ਨੂੰ ਚੇਤਕ ਪਾਰਕ ਦੀ ਇੱਕ ਵਿਦਿਅਕ ਯਾਤਰਾ 'ਤੇ ਲਿਜਾਇਆ ਗਿਆ।ਬੱਚੇ ਯਾਤਰਾ ਪ੍ਰਤੀ ਬਹੁਤ ਉਤਸ਼ਾਹਤ ਸਨ।ਸਾਰੇ ਬੱਚੇ ਬਹੁਤ ਹੀ ਸੱਭਿਅਕ ਢੰਗ ਨਾਲ ਪਹੁੰਚੇ ਤੇ ਆਪਣੇ ਅਧਿਆਪਕਾਂ ਨਾਲ ਘੁੰਮ ਕੇ ਪਾਰਕ ਦਾ ਆਨੰਦ ਮਾਣਿਆ।ਫਿਰ ਉਨ੍ਹਾਂ ਨੇ ਖਾਣਾ ਸਾਂਝਾ ਕੀਤਾ ਤੇ ਵੱਖ-ਵੱਖ ਖੇਡਾਂ ਖੇਡੀਆਂ।ਇਸ ਯਾਤਰਾ ਦੌਰਾਨ, ਬੱਚਿਆਂ ਨੇ ਸਮਾਜ ਵਿੱਚ ਇੱਕ ਦੂਜੇ ਨਾਲ ਕਿਵੇਂ ਰਹਿਣਾ ਹੈ ਤੇ ਗੱਲਬਾਤ ਕਿਵੇਂ ਕਰਨੀ ਹੈ ਅਤੇ ਦੂਜਿਆਂ ਦੀ ਦੇਖਭਾਲ ਕਿਵੇਂ ਕਰਨੀ ਹੈ, ਇਸ ਬਾਰੇ ਚੰਗੀ ਤਰ੍ਹਾਂ ਸਿੱਖਿਆ।ਉਨ੍ਹਾਂ ਕੁਦਰਤੀ ਸੁੰਦਰਤਾ ਦਾ ਆਨੰਦ ਮਾਣਿਆ ਤੇ ਖੇਡਾਂ ਵਿੱਚ ਹਿੱਸਾ ਲਿਆ।ਇਸ ਮੌਕੇ ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਸਕੂਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲ ਨੇ ਕਿਹਾ ਕਿ ਭਵਿੱਖ ਵਿੱਚ ਵੀ ਬੱਚਿਆਂ ਨੂੰ ਉਨ੍ਹਾਂ ਦੇ ਵਿਸ਼ਿਆਂ ਬਾਰੇ ਵਿਹਾਰਕ ਗਿਆਨ ਪ੍ਰਦਾਨ ਕਰਨ ਲਈ ਇਸੇ ਤਰ੍ਹਾਂ ਦੀਆਂ ਵਿੱਦਿਅਕ ਯਾਤਰਾਵਾਂ ਦਾ ਆਯੋਜਨ ਕੀਤਾ ਜਾਵੇਗਾ ਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।

## ਛਾਜਲੀ ਨੂੰ ਅਕਾਲੀ ਦਲ ਮੁੜ (ਪੁਨਰ-ਸੁਰਜੀਤੀ) ਦਾ ਕੌਮੀ ਜਥੇਬੰਦਕ ਸਕੱਤਰ ਨਿਯੁਕਤ ਕਰਨ 'ਤੇ ਇਲਾਕੇ 'ਚ ਖੁਸ਼ੀ ਦਾ ਮਾਹੌਲ



**ਦਿੜ੍ਹਬਾ (ਜਸਵੀਰ ਲਾਡੀ)**-ਵਿਧਾਨ ਸਭਾ ਹਲਕਾ ਦਿੜ੍ਹਬਾ ਦੇ ਸਭ ਤੋਂ ਵੱਡੇ ਪਿੰਡ ਛਾਜਲੀ ਦੇ ਜਥੇ. ਭਰਪੂਰ ਸਿੰਘ ਛਾਜਲੀ ਨੂੰ ਸ਼੍ਰੋਮਣੀ ਅਕਾਲੀ ਦਲ ਮੁੜ ਪੁਨਰ ਸੁਰਜੀਤੀ ਦਾ ਕੌਮੀ ਜਥੇਬੰਦਕ ਸਕੱਤਰ ਨਿਯੁਕਤ ਕਰਨ 'ਤੇ ਇਲਾਕੇ ਵਿੱਚ ਖੁਸ਼ੀ ਦਾ ਮਾਹੌਲ ਹੈ।ਪਾਰਟੀ ਵਰਕਰਾਂ ਤੇ ਸਮਰਥਕਾਂ ਨੇ ਇਸ ਫੈਸਲੇ ਦਾ ਭਰਵਾਂ ਸਵਾਗਤ ਕੀਤਾ ਹੈ।ਇਸ ਮੌਕੇ ਪਾਰਟੀ ਦੇ ਸਥਾਨਕ ਆਗੂਆਂ ਨੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਇਹ ਜ਼ਿੰਮੇਵਾਰੀ ਜਥੇਬੰਦੀ ਨੂੰ ਹੋਰ ਮਜ਼ਬੂਤ ਕਰੇਗੀ।ਨਵ-ਨਿਯੁਕਤ ਜਥੇਬੰਦਕ ਸਕੱਤਰ ਭਰਪੂਰ ਸਿੰਘ ਛਾਜਲੀ ਨੇ ਪਾਰਟੀ ਪ੍ਰਧਾਨ ਤੇ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਨਿਸ਼ਠਾ ਤੇ ਇਮਾਨਦਾਰੀ ਨਾਲ ਨਿਭਾਉਣਗੇ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਕੰਮ ਕਰਨਗੇ।ਇਸ ਮੌਕੇ ਜਥੇਦਾਰ ਅਮਰਜੀਤ ਸਿੰਘ ਕਨੇਡਾ, ਬਿਕਰਮ ਸਿੰਘ ਵਿੱਕੀ, ਸਹਿਕਾਰੀ ਸਭਾ ਦੇ ਪ੍ਰਧਾਨ ਮੁਖਤਿਆਰ ਸਿੰਘ ਸਿੱਧੂ, ਗੁਰਸੇਵਕ ਸਿੰਘ ਧਾਲੀਵਾਲ ਪੰਚ, ਕਰਮਾ ਸਿੰਘ ਪੰਚ, ਭੋਲਾ ਸਿੰਘ ਸਮਰਾਓਂ, ਦਲਵਿੰਦਰ ਸਿੰਘ ਕਾਹਲ, ਸੁਪਿੰਦਰ ਸਿੰਘ ਕਾਲ, ਮਿੱਠੂ ਸਿੰਘ ਸਮਰਾਓਂ, ਮਹਿੰਦਰ ਪਾਲ ਸੂਚ, ਅਜੈਬ ਸਿੰਘ ਘੁਮਾਣ, ਰਾਜਵੀਰ ਸਿੰਘ ਧਾਲੀਵਾਲ, ਹਰਪ੍ਰੀਤ ਸਿੰਘ ਨੰਬਰਦਾਰ, ਸਤਨਾਮ ਸਿੰਘ ਨੰਬਰਦਾਰ ਤੇ ਜਸਵੀਰ ਸਿੰਘ ਕਾਹਲ ਆਦਿ ਨੇ ਵੀ ਖੁਸ਼ੀ ਜਤਾਈ ਤੇ ਭਰਪੂਰ ਸਿੰਘ ਛਾਜਲੀ ਨੂੰ ਵਧਾਈ ਦਿੱਤੀ।

## ਆੜ੍ਹਤੀਆ ਐਸੋਸੀਏਸ਼ਨ ਵੱਲੋਂ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਬਬਲੂ ਦਾ ਸਨਮਾਨ



**ਧੂਰੀ (ਮੋਹਿਤ ਗਰਗ, ਬਿਨੀ ਗਰਗ)**-ਆੜ੍ਹਤੀਆ ਐਸੋਸੀਏਸ਼ਨ ਪੰਜਾਬ ਵੱਲੋਂ ਪਿਛਲੇ ਦਿਨੀਂ ਜਥੇਬੰਦਕ ਢਾਂਚੇ ਵਿੱਚ ਕੀਤੇ ਗਏ ਵਾਧੇ ਦੌਰਾਨ ਮਿਹਨਤੀ ਆਗੂ ਬਲਵਿੰਦਰ ਕੁਮਾਰ ਬਬਲੂ ਨੂੰ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਸ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਅੱਜ ਆੜ੍ਹਤੀਆ ਐਸੋਸੀਏਸ਼ਨ ਧੂਰੀ ਵੱਲੋਂ ਸਥਾਨਕ ਦਾਣਾ ਮੰਡੀ ਵਿਖੇ ਇੱਕ ਵਿਸ਼ੇਸ਼ ਸਮਾਗਮ ਉਲੀਕਿਆ ਗਿਆ।ਇਸ ਮੌਕੇ ਐਸੋਸੀਏਸ਼ਨ ਦੇ ਸਥਾਨਕ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ ਦੀ ਅਗਵਾਈ ਹੇਠ ਸਮੁੱਚੀ ਟੀਮ ਵੱਲੋਂ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਦਾ ਨਿੱਘਾ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ ਨੇ ਕਿਹਾ ਕਿ ਬਲਵਿੰਦਰ ਕੁਮਾਰ ਬਬਲੂ ਦੀ ਨਿਯੁਕਤੀ ਨਾਲ ਜ਼ਿਲ੍ਹੇ ਭਰ ਦੇ ਆੜ੍ਹਤੀਆਂ ਵਿੱਚ ਖੁਸ਼ੀ ਦੀ ਲਹਿਰ ਹੈ।ਉਨ੍ਹਾਂ ਕਿਹਾ ਕਿ ਬਬਲੂ ਪਿਛਲੇ ਲੰਮੇ ਸਮੇਂ ਤੋਂ ਆੜ੍ਹਤੀਆ ਵਰਗ ਦੀਆਂ ਮੁਸ਼ਕਲਾਂ ਨੂੰ ਹੱਲ ਕਰਵਾਉਣ ਲਈ ਹਮੇਸ਼ਾ ਮੋਹਰੀ ਹੋ ਕੇ ਕੰਮ ਕਰਦੇ ਆ ਰਹੇ ਹਨ।ਉਨ੍ਹਾਂ ਉਮੀਦ ਪ੍ਰਗਟਾਈ ਕਿ ਹੁਣ ਜ਼ਿਲ੍ਹਾ ਪ੍ਰਧਾਨ ਵਜੋਂ ਉਹ ਆਪਣੀ ਜ਼ਿੰਮੇਵਾਰੀ ਨੂੰ ਹੋਰ ਵੀ ਤਨਦੇਹੀ ਨਾਲ ਨਿਭਾਉਣਗੇ ਅਤੇ ਸਰਕਾਰ ਤੇ ਪ੍ਰਸ਼ਾਸਨ ਕੋਲ ਆੜ੍ਹਤੀਆਂ ਦੀਆਂ ਲਟਕਦੀਆਂ ਮੰਗਾਂ ਨੂੰ ਮਜ਼ਬੂਤੀ ਨਾਲ ਪੇਸ਼ ਕਰਨਗੇ।ਇਸ ਮੌਕੇ ਆਪਣੀ ਨਿਯੁਕਤੀ ਤੇ ਸਨਮਾਨ ਲਈ ਧੰਨਵਾਦ ਕਰਦਿਆਂ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਕੁਮਾਰ ਬਬਲੂ ਨੇ ਕਿਹਾ ਕਿ ਉਹ ਸੂਬਾ ਲੀਡਰਸ਼ਿਪ ਤੇ ਧੂਰੀ ਇਕਾਈ ਦੇ ਰਿਣੀ ਹਨ, ਜਿਨ੍ਹਾਂ ਨੇ ਉਨ੍ਹਾਂ 'ਤੇ ਭਰੋਸਾ ਜਤਾਇਆ ਹੈ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਆੜ੍ਹਤੀਆਂ ਦੇ ਹੱਕਾਂ ਦੀ ਰਾਖੀ ਲਈ ਦਿਨ-ਰਾਤ ਇੱਕ ਕਰ ਦੇਣਗੇ ਤੇ ਜਥੇਬੰਦੀ ਨੂੰ ਜ਼ਿਲ੍ਹਾ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਪਿੰਡ-ਪਿੰਡ ਜਾ ਕੇ ਇਕਾਈਆਂ ਨੂੰ ਲਾਮਬੰਦ ਕਰਨਗੇ।ਇਸ ਮੌਕੇ ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਸੁਰੇਸ਼ ਜਿੰਦਲ, ਵਿਜੇ ਬਾਂਸਲ, ਦਲਜਿੰਦਰ ਸਿੰਘ, ਸਮੀਰ ਕੁਮਾਰ ਸ਼ੰਮੀ, ਵਿਪਨ ਕਾਂਝਲਾ ਹਾਜ਼ਰ ਸਨ।

## ਕਾਂਗਰਸ ਆਗੂ ਰਾਜ ਕੁਮਾਰ ਸਾਥੀਆਂ ਸਮੇਤ ਅਕਾਲੀ ਦਲ 'ਚ ਸ਼ਾਮਲ



**ਮਲੋਟ (ਓਮ ਪ੍ਰਕਾਸ਼ ਸੇਖੂ)**-ਜਿਉਂ ਜਿਉਂ ਨਗਰ ਕੌਂਸਲ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ, ਲੀਡਰ ਤੇ ਵਰਕਰ ਸਾਹਿਬਾਨਾਂ ਵਿੱਚ ਹਲਚਲ ਹੋਣੀ ਸ਼ੁਰੂ ਹੋ ਗਈ ਹੈ। ਇਸੇ ਲੜੀ ਤਹਿਤ ਸ਼ਹਿਰ ਦੇ 8 ਨੰਬਰ ਵਾਰਡ ਵਿੱਚ ਕਾਂਗਰਸ ਪਾਰਟੀ ਦੇ ਪੁਰਾਣੇ ਥੰਮ੍ਹ ਤੇ ਮਲੋਟ ਕਾਂਗਰਸ ਕਮੇਟੀ ਦੇ ਮੀਤ ਪ੍ਰਧਾਨ ਦੀਆਂ ਸੇਵਾਵਾਂ ਨਿਭਾ ਚੁੱਕੇ ਰਾਜ ਕੁਮਾਰ ਨੇ ਆਪਣੀ ਮਾਂ ਪਾਰਟੀ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਸ਼੍ਰੋਮਣੀ ਅਕਾਲੀ ਦਲ ਦੇ ਕਾਫਲੇ ਵਿੱਚ ਜਾ ਰਲੇ। ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸਾਬਕਾ ਐਮ ਐਲ ਏ ਹਰਪ੍ਰੀਤ ਸਿੰਘ ਕੋਟਭਾਈ ਨੇ ਰਾਜ ਕੁਮਾਰ ਦਾ ਨਿੱਘਾ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਨਮਾਨ ਦੇਣ ਦਾ ਵਾਅਦਾ ਕੀਤਾ। ਉਨ੍ਹਾਂ ਨਾਲ ਹੋਰ ਪਰਵਾਰ ਵੀ ਸ਼੍ਰੋਮਣੀ ਅਕਾਲੀ ਦਲ ਦਾ ਹਿੱਸਾ ਬਣੇ।ਇਸ ਮੌਕੇ ਸਾਬਕਾ ਵਿਧਾਇਕ ਹਰਪ੍ਰੀਤ ਸਿੰਘ ਨੇ ਸਾਰੇ ਪਰਵਾਰਾਂ ਨੂੰ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਜੀ ਆਇਆਂ ਨੂੰ ਆਖਿਆ ਤੇ ਪਾਰਟੀ ਵੱਲੋਂ ਸਭ ਨੂੰ ਬਣਦਾ ਮਾਣ ਸਤਿਕਾਰ ਦੇਣ ਦਾ ਭਰੋਸਾ ਵੀ ਦਿੱਤਾ।ਸ਼ਾਮਲ ਹੋਏ ਪਰਵਾਰਾਂ ਨੇ ਨਗਰ ਕੌਂਸਲ ਤੇ 2027 ਵਿੱਚ ਹੋਣ ਵਾਲੀਆਂ ਚੋਣਾਂ ਲਈ ਦਿਨ-ਰਾਤ ਮਿਹਨਤ ਕਰਨ ਦਾ ਵਿਸ਼ਵਾਸ ਦਿਵਾਇਆ।

## ਬਾਂਕੇ ਬਿਹਾਰੀ ਸੇਵਾ ਸਮਿਤੀ ਦੇ ਸਰਪ੍ਰਸਤ ਰੋਹਿਤ ਸ਼ਰਮਾ ਸਨਮਾਨਤ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ੍ਰੀ ਬਾਂਕੇ ਬਿਹਾਰੀ ਸੇਵਾ ਸਮਿਤੀ ਦੇ ਸਰਪ੍ਰਸਤ ਪ੍ਰਸਿੱਧ ਜੋਤਿਸ਼ ਅਚਾਰੀਆ ਰੋਹਿਤ ਸ਼ਰਮਾ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਰੋਹਿਤ ਸ਼ਰਮਾ ਨੇ ਕਿਹਾ ਕਿ ਸੇਵਾ ਸਮਿਤੀ ਵੱਲੋਂ ਕਰਵਾਇਆ ਗਿਆ ਪ੍ਰੋਗਰਾਮ ਬਹੁਤ ਹੀ ਸਫਲਤਾ ਪੂਰਵਕ ਸੰਪੰਨ ਹੋਇਆ। ਉਨ੍ਹਾਂ ਨੇ ਸੇਵਾ ਸਮਿਤੀ ਦੇ ਸਾਰੇ ਮੈਂਬਰਾਂ ਦਾ ਇਸ ਪ੍ਰੋਗਰਾਮ ਵਿੱਚ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਆਏ ਹੋਏ ਸਾਰੇ ਸ਼ਰਧਾਲੂਆਂ ਤੇ ਸਨਮਾਨਤ ਸ਼ਖ਼ਸੀਅਤਾਂ ਦਾ ਵੀ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਅਗਲੇ ਸਾਲ ਸੇਵਾ ਸਮਿਤੀ ਵੱਲੋਂ ਇੱਕ ਬਹੁਤ ਹੀ ਵਿਸ਼ਾਲ ਧਾਰਮਿਕ ਪ੍ਰੋਗਰਾਮ ਕਰਾਇਆ ਜਾਵੇਗਾ।ਇਸ ਮੌਕੇ ਸੇਵਾ ਸਮਿਤੀ ਦੇ ਪ੍ਰਧਾਨ ਅੱਛਰੂ ਗੋਇਲ, ਹੈਪੀ ਗੇਰਾ, ਅਜੇ ਜਿੰਦਲ, ਰਾਜਿੰਦਰ ਕੁਮਾਰ ਸਾਹ ਹਾਜ਼ਰ ਸਨ।

## ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਖ਼ੂਨਦਾਨ ਕੈਂਪ



ਕੋਟ ਈਸੇ ਖਾਂ (ਅਰੋੜਾ)-ਸਮਾਜਿਕ ਸੇਵਾ ਦੇ ਖੇਤਰ ਵਿੱਚ ਅਹਿਮ ਯੋਗਦਾਨ ਪਾਉਂਦਿਆਂ ਭਾਰਤ ਵਿਕਾਸ ਪ੍ਰੀਸ਼ਦ ਸ਼ਾਖਾ ਕੋਟ ਈਸੇ ਖਾਂ ਵੱਲੋਂ ਸ੍ਰੀ ਬਜਰੰਗ ਭਵਨ ਮੰਦਰ ਨੇੜੇ ਗਊਸ਼ਾਲਾ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਸਮਾਜ ਸੇਵੀ ਤੇ ਸਾਬਕਾ ਕੌਂਸਲਰ ਰਾਜਨ ਵਰਮਾ, ਪ੍ਰਦੀਪ ਪਲਤਾ, ਪੰਕਜ ਕਪੂਰ ਤੇ ਸ਼ਹਿਰ ਦੇ ਹੋਰ ਪਤਵੰਤੇ ਸੱਜਣਾਂ ਵੱਲੋਂ ਰਿਬਨ ਕੱਟ ਕੇ ਕੀਤਾ ਗਿਆ।ਕੈਂਪ ਸਵੇਰੇ 9:30 ਵਜੇ ਸ਼ੁਰੂ ਹੋ ਕੇ ਦੁਪਹਿਰ ਤੱਕ ਚੱਲਿਆ, ਜਿਸ ਵਿੱਚ ਨੌਜਵਾਨਾਂ ਤੇ ਸਮਾਜ ਸੇਵਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।ਲਗਭਗ 50 ਯੂਨਿਟ ਖੂਨ ਇਕੱਠਾ ਕੀਤਾ ਗਿਆ, ਜੋ ਲੋੜਵੰਦ ਮਰੀਜ਼ਾਂ ਦੀ ਜ਼ਿੰਦਗੀ ਬਚਾਉਣ ਵਿੱਚ ਮਹੱਤਵਪੂਰਨ ਸਾਬਿਤ ਹੋਵੇਗਾ।ਇਸ ਮੌਕੇ ਸੁਮਨ ਕਾਂਤ ਵਿਜ (ਸੰਗਠਨ ਸਚਿਵ, ਪੰਜਾਬ ਦੱਖਣ), ਰਘੁਬੀਰ ਗਰਗ (ਜ਼ਿਲ੍ਹਾ ਪ੍ਰਧਾਨ, ਮੋਗਾ), ਮਹੇਸ਼ ਕੁਮਾਰ ਗੁਪਤਾ (ਸਚਿਵ, ਮੋਗਾ ਸ਼ਾਖਾ), ਸਤਿੰਦਰ ਸਚਦੇਵਾ (ਸਟੇਟ ਕੋਆਰਡੀਨੇਟਰ), ਅਮਰਜੀਤ ਸ਼ਰਮਾ (ਪ੍ਰਧਾਨ), ਅਰੁਣ ਸ਼ਰਮਾ (ਸੈਕਟਰੀ), ਅਸ਼ੋਕ ਕੁਮਾਰ (ਕੈਸ਼ੀਅਰ), ਜਸਵੰਤ ਸਿੰਘ (ਇੰਚਾਰਜ ਬਲੱਡ ਕੈਂਪ), ਆਕਾਸ਼ਦੀਪ ਸ਼ਰਮਾ, ਸੰਦੀਪ ਕੁਮਾਰ (ਪ੍ਰਧਾਨ, ਸ੍ਰੀ ਬਜਰੰਗ ਭਵਨ ਮੰਦਰ), ਕਿਸ਼ੂ ਢੀਂਗਰਾ, ਪੰਡਿਤ ਰਾਜ ਕੁਮਾਰ, ਸੁਰਿੰਦਰਪਾਲ ਸ਼ਰਮਾ, ਹੀਰਾ ਲਾਲ ਅਰੋੜਾ ਤੇ ਕਰਨ ਸਮੇਤ ਹੋਰ ਕਈ ਗਣਮਾਨਯ ਵਿਅਕਤੀ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਵੱਲੋਂ ਪ੍ਰੋ. ਗੁਰਨਾਮ ਸਿੰਘ ਪ੍ਰਭਾਤ ਦੇ 4 ਇਕਾਂਗੀ ਸੰਗ੍ਰਹਿ ਰਿਲੀਜ਼

### ਪੰਜਾਬੀ ਸਾਹਿਤ ਤੇ ਰੰਗਮੰਚ ਇਕ-ਦੂਜੇ ਦੇ ਪੂਰਕ : ਡਾ. ਆਸ਼ਟ



**ਪਟਿਆਲਾ (ਰਾਜਿੰਦਰ ਥਿੰਦ)**-ਪੰਜਾਬੀ ਸਾਹਿਤ ਸਭਾ (ਰਜਿ.) ਪਟਿਆਲਾ ਵੱਲੋਂ ਭਾਸ਼ਾ ਵਿਭਾਗ ਪਟਿਆਲਾ ਵਿਖੇ ਨਾਟ ਤੇ ਰੰਗਮੰਚ ਦੀ ਜਾਣੀ ਪਛਾਣੀ ਸ਼ਖ਼ਸੀਅਤ ਪ੍ਰੋ. ਗੁਰਨਾਮ ਸਿੰਘ ਪ੍ਰਭਾਤ ਦੇ 4 ਇਕਾਂਗੀ ਸੰਗ੍ਰਹਿ 'ਕਰਤਾਪੁਰ ਦੇ ਰਾਹ 'ਤੇ', 'ਤੁਰੇ ਤੇਗ਼ ਦੀ ਧਾਰ 'ਤੇ', 'ਇਤਿਹਾਸ ਬੋਲਦਾ ਹੈ' ਤੇ 'ਬਲਦੀਆਂ ਨਜ਼ਰਾਂ 'ਤੇ...' ਦਾ ਲੋਕ ਅਰਪਣ ਕੀਤਾ ਗਿਆ।ਪ੍ਰਸਿੱਧ ਸਾਹਿਤਕਾਰ ਡਾ. ਅਮਰ ਕੋਮਲ ਨੂੰ ਸਮਰਪਤ ਇਸ ਸਮਾਗਮ ਦੌਰਾਨ ਸਭਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ 'ਆਸ਼ਟ' ਨੇ ਪੁੱਜੇ ਸਾਹਿਤਕਾਰਾਂ ਦਾ ਸੁਆਗਤ ਕਰਦਿਆਂ ਕਿਹਾ ਕਿ ਪੰਜਾਬੀ ਸਾਹਿਤ ਤੇ ਰੰਗਮੰਚ ਇਕ ਦੂਜੇ ਦੇ ਪੂਰਕ ਹਨ।ਉਨ੍ਹਾਂ ਇਸ ਕੇਂਦਰੀ ਨੁਕਤੇ ਨੂੰ ਉਭਾਰਿਆ ਕਿ ਵੱਖ ਵੱਖ ਸਰਕਾਰੀ ਕਾਲਜਾਂ ਵਿੱਚ ਪੰਜਾਬੀ ਭਾਸ਼ਾ ਦੇ ਦਹਾਕਿਆਂ-ਬੱਧੀ ਪ੍ਰੋਫ਼ੈਸਰ ਰਹੇ ਗੁਰਨਾਮ ਸਿੰਘ ਪ੍ਰਭਾਤ ਨੇ ਆਪਣੇ ਨਾਟਕਾਂ ਤੇ ਇਕਾਂਗੀਆਂ ਵਿੱਚ ਸਮਾਜ ਨਾਲ ਜੁੜੇ ਨਿਵੇਕਲੇ ਵਿਸ਼ਿਆਂ ਦੀ ਜੀਵੰਤ ਪੇਸ਼ਕਾਰੀ ਕੀਤੀ ਹੈ।ਪ੍ਰੋ. ਪ੍ਰਭਾਤ ਨੇ ਆਪਣੇ ਨਾਟਕੀ ਸਫ਼ਰ ਦਾ ਬ੍ਰਿਤਾਂਤ ਸਾਂਝਾ ਕਰਦਿਆਂ ਵਿਦਿਆਰਥੀ ਜੀਵਨ ਤੋਂ ਲੈ ਕੇ ਅਧਿਐਨ, ਅਧਿਆਪਨ, ਨਾਟ ਤੇ ਰੰਗਮੰਚ ਖੇਤਰਾਂ ਨਾਲ ਆਪਣੇ ਸੰਬੰਧਾਂ ਤੇ ਸਮੱਸਿਆਵਾਂ ਦਾ ਵਰਨਣ ਕੀਤਾ।ਡਾ. ਜਪਪ੍ਰੀਤ ਕੌਰ ਭੰਗੂ, ਪਰਮਿੰਦਰ ਸਿੰਘ ਤੇ ਰੰਗਕਰਮੀ ਜੋਗਾ ਸਿੰਘ ਖੀਵਾ ਨੇ ਪ੍ਰੋ. ਪ੍ਰਭਾਤ ਨੂੰ ਦੂਜੀ ਪੀੜ੍ਹੀ ਦੇ ਅਹਿਮ ਨਾਟਕਕਾਰਾਂ ਵਿੱਚ ਵਿਸ਼ੇਸ਼ ਸਥਾਨ ਨਿਸ਼ਚਿਤ ਕੀਤਾ।ਪ੍ਰਧਾਨਗੀ ਮੰਡਲ ਵਿੱਚ ਸੁਸ਼ੋਭਿਤ ਅੰਬਾਲਾ ਤੋਂ ਪੁੱਜੇ ਪ੍ਰਸਿੱਧ ਸਟੇਜੀ ਸ਼ਾਇਰ ਗੁਰਚਰਨ ਸਿੰਘ ਜੋਗੀ ਨੇ ਇਸ ਸਮਾਗਮ ਨੂੰ ਸਾਹਿਤਕ ਗੁਲਦਸਤੇ ਨਾਲ ਤੁਲਨਾ ਦਿੱਤੀ, ਜਦੋਂਕਿ ਪ੍ਰਿੰਸੀਪਲ ਚਰਨਜੀਤ ਕੌਰ ਤੇ ਗੁਰਵਿੰਦਰ ਕੌਰ ਵਿਸ਼ੇਸ਼ ਮਹਿਮਾਨਾਂ ਦਾ ਸਾਂਝਾ ਮਤ ਸੀ ਕਿ ਜਦੋਂ ਸਾਹਿਤਕਾਰ ਆਪਣੇ ਹੰਢਾਏ ਹੋਏ ਤਜਰਬਿਆਂ ਨੂੰ ਲੇਖਣੀ ਰਾਹੀਂ ਪੇਸ਼ ਕਰਦੇ ਹਨ ਤਾਂ ਉਸ ਦਾ ਪਾਠਕਾਂ ਤੇ ਸਰੋਤਿਆਂ ਉੱਪਰ ਡੂੰਘਾ ਪ੍ਰਭਾਵ ਪੈਂਦਾ ਹੈ।ਬਜ਼ੁਰਗ ਸ਼ਾਇਰ ਗਜਾਦੀਨ ਪੱਬੀ ਨੇ ਵਰਤਮਾਨ ਦੌਰ ਦੀ ਲੇਖਣੀ ਬਾਰੇ ਚਰਚਾ ਕੀਤੀ।ਸਮਾਗਮ ਵਿੱਚ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਤੇ ਪ੍ਰਸਿੱਧ ਵਿਦਵਾਨ ਡਾ. ਅਮਰ ਕੋਮਲ ਦੇ ਜੀਵਨ ਤੇ ਰਚਨਾ ਬਾਰੇ ਡਾ. ਦਰਸ਼ਨ ਸਿੰਘ ਆਸ਼ਟ, ਗੀਤਕਾਰ ਧਰਮ ਕੰਮੇਆਣਾ, ਡਾ. ਜੀ ਐੱਸ ਆਨੰਦ, ਗਲਪਕਾਰ ਬਾਬੂ ਸਿੰਘ ਰੈਹਲ, ਕਵੀ ਤ੍ਰਲੋਕ ਸਿੰਘ ਢਿੱਲੋਂ ਨੇ ਆਪਣੀਆਂ ਯਾਦਾਂ ਸਾਂਝੀਆਂ ਕਰਦਿਆਂ ਉਨ੍ਹਾਂ ਦੀ ਪੰਜਾਬੀ ਭਾਸ਼ਾ ਤੇ ਸਾਹਿਤ ਨੂੰ ਅਦੁੱਤੀ ਦੇਣ ਬਾਰੇ ਵੱਖ ਵੱਖ ਪੱਖਾਂ 'ਤੇ ਰੌਸ਼ਨੀ ਪਾਈ।

ਇਸ ਸਮਾਗਮ ਵਿੱਚ ਸ਼ਰਵਣ ਕੁਮਾਰ ਵਰਮਾ, ਐਡਵੋਕੇਟ ਗੁਰਦਰਸ਼ਨ ਸਿੰਘ ਗੁਸੀਲ, ਅਮਰ ਗਰਗ ਕਲਮਦਾਨ ਧੂਰੀ, ਸਾਬਕਾ ਡੀ ਐੱਸ ਪੀ ਨਾਹਰ ਸਿੰਘ, ਗ਼ਜ਼ਲਗੋ ਵਿਜੈ ਕੁਮਾਰ, ਗੋਪਾਲ ਸ਼ਰਮਾ ਸਮਾਣਾ, ਚਰਨ ਪੁਆਧੀ, ਜੱਗਾ ਰੰਗੂਵਾਲ, ਬਜਿੰਦਰ ਠਾਕੁਰ, ਸਤੀਸ਼ ਵਿਦਰੋਹੀ, ਸ਼ਾਮ ਸਿੰਘ ਪ੍ਰੇਮ, ਹਰੀ ਦੱਤ ਹਬੀਬ, ਗੁਰਚਰਨ ਸਿੰਘ ਗੁਣੀਕੇ, ਮਹਿੰਦਰ ਸਿੰਘ ਜੱਗੀ, ਕੁਲਦੀਪ ਪਟਿਆਲਵੀ ਆਦਿ ਨੇ ਵੰਨ ਸੁਵੰਨੀਆਂ ਰਚਨਾਵਾਂ ਸੁਣਾਈਆਂ।ਇਸ ਸਮਾਗਮ ਵਿੱਚ ਗੁਰਦੀਪ ਸਿੰਘ ਸੱਗੂ, ਸਹਿਜ ਅਲੀ, ਰਾਜੇਸ਼ ਕੋਟੀਆ, ਪਰਵੇਜ਼ ਅਲੀ, ਹਰਵਿੰਦਰ ਸਿੰਘ ਸੇਠੀ, ਕਮਲਜੀਤ ਸਿੰਘ ਕੰਗ, ਐੱਸ ਐੱਸ ਛਾਬੜਾ, ਮਸਤ ਅਲੀ ਆਦਿ ਸ਼ਾਮਲ ਸਨ।ਇਸ ਦੌਰਾਨ ਪੁੱਜੇ ਮਹਿਮਾਨਾਂ ਦਾ ਸਨਮਾਨ ਵੀ ਕੀਤਾ ਗਿਆ।

## ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਦੀਵਾਨ ਅੱਜ

### ਭਲਕੇ ਹੋਵੇਗਾ ਅੰਮ੍ਰਿਤ ਸੰਚਾਰ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸ਼ਹਿਰ ਦੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਖਾਲਸਾ ਸਾਜਨਾ ਦਿਵਸ ਵਿਸਾਖੀ ਦਾ ਦਿਹਾੜਾ ਬੜੇ ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ, ਜਿਸ ਵਿੱਚ ਕੀਰਤਨੀ ਜਥੇ ਜਿੱਥੇ ਗੁਰਬਾਣੀ ਦਾ ਕੀਰਤਨ ਕਰਨਗੇ, ਉੱਥੇ ਹੀ ਕਥਾ ਵਾਚਕ ਤੇ ਢਾਡੀ ਜਥੇ ਗੁਰੂ ਜਸ ਗਾਇਨ ਕਰਕੇ ਗੁਰੂ ਗੋਬਿੰਦ ਸਿੰਘ ਜੀ ਦਾ ਕੁਰਬਾਨੀਆਂ ਭਰਿਆ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ।ਜਾਣਕਾਰੀ ਦਿੰਦਿਆਂ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਕਰਮਜੀਤ ਸਿੰਘ ਕਾਲੇਕਾ ਨੇ ਦੱਸਿਆ ਕਿ 14 ਅਪ੍ਰੈਲ ਨੂੰ ਭੋਗਾਂ ਤੋਂ ਉਪਰੰਤ ਦੀਵਾਨ ਸਜਾਏ ਜਾਣਗੇ ਤੇ 15 ਅਪ੍ਰੈਲ ਨੂੰ ਅੰਮ੍ਰਿਤ ਸੰਚਾਰ ਹੋਵੇਗਾ।ਇਸ ਮੌਕੇ ਮੈਨੇਜਰ ਗੁਰਵਿੰਦਰ ਸਿੰਘ, ਕਮੇਟੀ ਮੈਂਬਰ ਜੋਗਿੰਦਰ ਸਿੰਘ ਭੁੱਲਰ, ਸੁਖਦੇਵ ਸਿੰਘ ਫੌਜੀ, ਗੁਰਪਿੰਦਰ ਸਿੰਘ ਕਾਲੇਕਾ, ਦਰਸ਼ਨ ਸਿੰਘ ਕਾਲੇਕਾ, ਬਲਵਿੰਦਰ ਸਿੰਘ ਭੁੱਲਰ, ਜਸਵਿੰਦਰ ਸਿਘ ਬੰਟੀ ਗਿੱਲ, ਜਰਨੈਲ ਸਿੰਘ ਆਦਿ ਮਜੂਦ ਸਨ।

# ਮਾਨ ਸਰਕਾਰ ਮੰਡੀਆਂ 'ਚੋਂ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਚਨਬੱਧ : ਡਾ. ਬਲਬੀਰ ਸਿੰਘ

- ਸਿਹਤ ਮੰਤਰੀ ਨੇ ਮੰਡੀਆਂ ਦਾ ਦੌਰਾ ਕਰਕੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਐਤਵਾਰ ਨੂੰ ਵੱਖ-ਵੱਖ ਅਨਾਜ ਮੰਡੀਆਂ ਦਾ ਦੌਰਾ ਕਰਕੇ ਰਬੀ ਮਾਰਕੀਟਿੰਗ ਸੀਜ਼ਨ ਦੌਰਾਨ ਚੱਲ ਰਹੇ ਕਣਕ ਖਰੀਦ ਕਾਰਜਾਂ ਦਾ ਜਾਇਜ਼ਾ ਲਿਆ।ਸਿਹਤ ਮੰਤਰੀ ਨੇ ਸਰਹਿੰਦ ਰੋਡ, ਪਿੰਡ ਲੰਗ, ਬਖ਼ਸ਼ੀਵਾਲ, ਲੌਟ ਤੇ ਮੰਡੌੜ ਸਥਿਤ ਅਨਾਜ ਮੰਡੀਆਂ ਦਾ ਦੌਰਾ ਕੀਤਾ ਅਤੇ ਕਣਕ ਦੀ ਫ਼ਸਲ ਮੰਡੀਆਂ ਵਿੱਚ ਲਿਆਉਣ ਵਾਲੇ ਕਿਸਾਨਾਂ ਸਮੇਤ ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਜ਼ਮੀਨੀ ਹਾਲਾਤ ਦਾ ਜਾਇਜ਼ਾ ਲਿਆ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮੰਡੀਆਂ ਵਿੱਚ ਕਿਸਾਨਾਂ ਵੱਲੋਂ ਲਿਆਂਦੇ ਗਏ ਕਣਕ ਦੇ ਇੱਕ-ਇੱਕ ਦਾਣੇ ਦੀ ਖਰੀਦ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਸਿਹਤ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਚਾਹੀਦਾ ਸੀ ਕਿ ਉਹ ਰਾਜਸਥਾਨ ਦੀ ਤਰਜ਼ 'ਤੇ ਖਰਾਬ ਮੌਸਮ ਕਰਕੇ ਨੁਕਸਾਨੀ ਪੰਜਾਬ ਦੀ ਕਣਕ ਦੀ ਫ਼ਸਲ ਲਈ ਵੀ ਤੁਰੰਤ ਰਾਹਤ ਪ੍ਰਦਾਨ ਕਰਦੀ।ਉਨ੍ਹਾਂ ਕਿਹਾ ਕਿ ਪਰ ਹੁਣ ਪੰਜਾਬ ਸਰਕਾਰ ਵੱਲੋਂ ਜ਼ੋਰ ਪਾਉਣ 'ਤੇ ਕੇਂਦਰੀ ਟੀਮ ਖਰਾਬ ਫਸਲ ਦਾ ਜਾਇਜ਼ਾ ਲੈਣ ਆਈ ਹੈ ਤੇ ਉਨ੍ਹਾਂ ਨੂੰ ਉਮੀਦ ਹੈ ਕਿ ਪੰਜਾਬ ਨੂੰ ਵੀ ਬਣਦੀ ਰਾਹਤ ਮਿਲੇਗੀ। ਡਾ. ਬਲਬੀਰ ਸਿੰਘ ਨੇ ਦੁਹਰਾਇਆ ਕਿ ਇਨ੍ਹਾਂ ਚੁਣੌਤੀਆਂ ਦੇ ਬਾਵਜੂਦ ਭਗਵੰਤ ਮਾਨ ਸਰਕਾਰ ਮੰਡੀਆਂ ਵਿੱਚ ਕਣਕ ਦੀ ਸੁਚਾਰੂ ਖਰੀਦ ਤੇ ਲਿਫਟਿੰਗ ਯਕੀਨੀ ਬਣਾਉਣ ਤੇ ਕਿਸਾਨਾਂ ਦੇ ਇੱਕ-ਇੱਕ ਦਾਣੇ ਦੀ ਖਰੀਦ ਲਈ ਦ੍ਰਿੜ੍ਹ ਸੰਕਲਪ ਹੈ।ਇਸ ਮੌਕੇ ਸੁਰੇਸ਼ ਰਾਏ, ਪਟਿਆਲਾ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਇੰਜ. ਸਤਵਿੰਦਰ ਸਿੰਘ ਸੈਣੀ, ਏਐੱਫਐੱਸਓ ਮਨੀਸ਼ ਕੁਮਾਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪ੍ਰਿਤਪਾਲ ਸਿੰਘ ਲਚਕਾਣੀ, ਬਾਬਾ ਬਲਦੇਵ ਸਿੰਘ ਲੰਗ, ਮੇਵਾ ਸਿੰਘ, ਕਰਨ ਪੂਨੀਆ, ਹਰਪ੍ਰੀਤ ਸਿੰਘ, ਬੇਅੰਤ ਸਿੰਘ, ਸਤਵਿੰਦਰ ਸਿੰਘ ਮੰਡੌੜ, ਰਿੰਕੂ ਮੰਡੌੜ, ਬਲਕਾਰ ਸਿੰਘ ਸਰਪੰਚ ਲੌਟ, ਕਿਸਾਨ ਤੇ ਹੋਰ ਪਤਵੰਤੇ ਹਾਜ਼ਰ ਸਨ।

# ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਲੁਧਿਆਣਾ ਦੀ ਚੋਣ

- ਟਹਿਲ ਸਰਾਭਾ ਪ੍ਰਧਾਨ ਤੇ ਪਰਮਿੰਦਰ ਕਾਲੀਆ ਜਨਰਲ ਸਕੱਤਰ ਚੁਣੇ



**ਚੌਕੀਮਾਨ (ਇੰਜ. ਬਲਬੀਰ ਸਿੰਘ ਮਾਨ)**-ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਲੁਧਿਆਣਾ ਦਾ ਚੋਣ ਇਜਲਾਸ ਸੂਬਾ ਸਰਪ੍ਰਸਤ ਚਰਨ ਸਿੰਘ ਸਰਾਭਾ, ਜਗਮੇਲ ਸਿੰਘ ਪੱਖੋਵਾਲ, ਚਰਨ ਸਿੰਘ ਤਾਜਪੁਰੀ, ਪਰਮਿੰਦਰ ਪਾਲ ਸਿੰਘ ਕਾਲੀਆ, ਮਨੀਸ਼ ਸ਼ਰਮਾ, ਸੰਜੀਵ ਸ਼ਰਮਾ ਦੀ ਸਾਂਝੀ ਅਗਵਾਈ ਹੇਠ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਹੋਇਆ, ਜਿਸ ਵਿੱਚ ਜਥੇਬੰਦੀ ਦੇ ਵੱਖ-ਵੱਖ ਬਲਾਕਾਂ ਤੇ ਜ਼ਿਲ੍ਹਾ ਕਮੇਟੀ ਮੈਂਬਰਾਂ ਵੱਲੋਂ ਭਰਮੀ ਸ਼ਮੂਲੀਅਤ ਕੀਤੀ ਗਈ।ਜਥੇਬੰਦੀ ਦੇ ਆਗੂ ਪਰਮਿੰਦਰ ਪਾਲ ਸਿੰਘ ਕਾਲੀਆ ਵੱਲੋਂ ਪਿਛਲੇ ਸਮੇਂ ਵਿੱਚ ਜਥੇਬੰਦੀ ਦੇ ਕੰਮਾਂ ਤੇ ਐਕਸ਼ਨ ਨਾਲ ਸੰਬੰਧਤ ਤਸੱਲੀ ਪ੍ਰਗਟ ਕਰਦੇ ਹੋਏ ਕਿਹਾ ਗਿਆ ਕਿ ਪੁਰਾਣੀ ਕਮੇਟੀ ਦਾ ਕਾਰਜਕਾਲ ਖਤਮ ਹੋ ਗਿਆ ਹੈ।ਇਸ ਲਈ ਪੁਰਾਣੀ ਜ਼ਿਲ੍ਹਾ ਕਮੇਟੀ ਭੰਗ ਕੀਤੀ ਗਈ ਤੇ ਨਵੀਂ ਜ਼ਿਲ੍ਹਾ ਕਮੇਟੀ ਚੋਣ ਲਈ ਮਤਾ ਪਾਸ ਕਰਵਾਇਆ ਗਿਆ। ਜਗਮੇਲ ਸਿੰਘ ਪੱਖੋਵਾਲ ਨੇ ਜ਼ਿਲ੍ਹਾ ਪ੍ਰਧਾਨ ਲਈ ਟਹਿਲ ਸਿੰਘ ਸਰਾਭਾ ਤੇ ਜਨਰਲ ਸਕੱਤਰ ਲਈ ਪਰਮਿੰਦਰਪਾਲ ਸਿੰਘ ਕਾਲੀਆ ਦਾ ਨਾਂ ਪੇਸ਼ ਕੀਤਾ, ਜਿਸ ਨੂੰ ਹਾਜ਼ਰ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ।ਇਸ ਤੋਂ ਇਲਾਵਾ ਚਰਨ ਸਿੰਘ ਸਰਾਭਾ ਨੂੰ ਸਰਪ੍ਰਸਤ, ਮਨੀਸ਼ ਸ਼ਰਮਾ ਨੂੰ ਸਹਾਇਕ ਸਕੱਤਰ, ਸੰਜੀਵ ਸ਼ਰਮਾ ਤੇ ਜੁਗਲ ਸ਼ਰਮਾ ਪ੍ਰੈੱਸ ਸਕੱਤਰ, ਬਲਬੀਰ ਸਿੰਘ ਕੰਗ ਤੇ ਸੁਖਪਾਲ ਸਿੰਘ ਮਲੌਦ ਵਿੱਤ ਸਕੱਤਰ, ਨਰਿੰਦਰ ਪਾਲ ਸਿੰਘ ਬੁਰਜ ਲਿੱਟਾਂ ਤੇ ਪਰਮਜੀਤ ਸਿੰਘ ਸਵੱਦੀ ਸੀਨੀਅਰ ਮੀਤ ਪ੍ਰਧਾਨ, ਹਰੀਦੇਵ, ਕੁਲਦੀਪ ਸਿੰਘ ਪੱਖੋਵਾਲ, ਸੰਦੀਪ ਸਿੰਘ, ਰਮਨਦੀਪ ਸਿੰਘ ਫੱਲੇਵਾਲ ਨੂੰ ਸਕੱਤਰ, ਸਤਵਿੰਦਰ ਪਾਲ ਸਿੰਘ, ਦਵਿੰਦਰ ਸਿੰਘ ਪੀਏਯੂ, ਸੰਜੀਵ ਯਾਦਵ, ਬਿਕਰਮਜੀਤ ਸਿੰਘ ਥਰੀਕੇ, ਅਰਵਿੰਦ ਕੁਮਾਰ ਪੀ ਏ ਯੂ ਨੂੰ ਮੀਤ ਪ੍ਰਧਾਨ, ਸਲਾਹਕਾਰ ਦੇ ਤੌਰ 'ਤੇ ਜਗਮੇਲ ਸਿੰਘ ਪੱਖੋਵਾਲ, ਚਰਨ ਸਿੰਘ ਤਾਜਪੁਰੀ, ਪ੍ਰਵੀਨ ਕੁਮਾਰ, ਦਰਸ਼ਨ ਸਿੰਘ ਮੋਹੀ, ਜਗਦੀਸ਼ ਸਿੰਘ, ਵਰਕਿੰਗ ਕਮੇਟੀ ਦੇ ਤੌਰ 'ਤੇ ਪਰਮਜੀਤ ਸਿੰਘ ਮਲੌਦ, ਜਸਵਿੰਦਰ ਸਿੰਘ, ਵਰਿੰਦਰ ਸਿੰਘ, ਸੁਖਵਿੰਦਰ ਸਿੰਘ ਬੁਰਜ ਲਿੱਟਾਂ, ਕਮਲਦੀਪ ਸਿੰਘ ਮਲੌਦ, ਲਖਬੀਰ ਸਿੰਘ, ਵਰਿੰਦਰ ਸਿੰਘ ਜੱਸਲ, ਅਦਿੱਤਿਆ ਪ੍ਰਕਾਸ਼, ਹਰਜੀਤ ਸਿੰਘ ਸਵੱਦੀ ਆਦਿ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਆਗੂਆਂ ਨੇ ਕਿਹਾ ਕਿ ਜਲਦੀ ਹੀ ਜਥੇਬੰਦੀ ਦੀ ਅਗਲੀ ਮੀਟਿੰਗ ਕਰਕੇ ਇਸ ਕਮੇਟੀ ਵਿੱਚ ਹੋਰ ਸਰਗਰਮ ਮੈਂਬਰਾਂ ਦਾ ਵਿਸਥਾਰ ਕੀਤਾ ਜਾਵੇਗਾ।ਇਸ ਸਮੇਂ ਪ੍ਰਦੀਪ ਸਿੰਘ ਸਰਾਭਾ, ਬਲਵਿੰਦਰ ਸਿੰਘ ਸਰਾਭਾ ਆਦਿ ਹਾਜ਼ਰ ਸਨ।

## ਰੇਪ ਕੇਸ 'ਚੋਂ ਮੁਲਜ਼ਮ ਬਰੀ

**ਬੱਧਨੀ ਕਲਾਂ (ਲਵਲੀ ਕੁਮਾਰ)**-ਮੋਗਾ ਦੀ ਮਾਨਯੋਗ ਅਦਾਲਤ ਵੱਲੋਂ ਇੱਕ ਬਹੁਤ ਹੀ ਚਰਚਿਤ ਕੇਸ ਵਿੱਚ ਅਹਿਮ ਫੈਸਲਾ ਸੁਣਾਉਂਦਿਆਂ ਨਾਮਜ਼ਦ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ ਗਿਆ ਹੈ।ਜ਼ਿਕਰਯੋਗ ਹੈ ਕਿ ਕੋਟ ਈਸੇ ਖਾਂ ਵਿਖੇ ਮਿਤੀ 27-01-2025 ਨੂੰ ਨਾਬਾਲਗ ਪੀੜਤਾ ਦੀ ਇਕ ਵੀਡੀਓ ਸੋਸ਼ਲ ਮੀਡੀਆ ਉੱਪਰ ਵਾਇਰਲ ਹੋਈ ਸੀ, ਜਿਸ ਵਿੱਚ ਉਸ ਨੇ ਮੁਲਜ਼ਮ ਮਨਜੀਤ ਕੌਰ, ਕਰਮਜੀਤ ਕੌਰ ਤੇ ਬੂਟਾ ਸਿੰਘ ਉੱਪਰ ਗੰਭੀਰ ਇਲਜ਼ਾਮ ਲਗਾਏ ਗਏ ਸਨ, ਜਿਸ ਦੇ ਚੱਲਦਿਆਂ ਉਕਤ ਮੁਲਜ਼ਮਾਂ ਖਿਲਾਫ ਧਾਰਾ 64,351(2)(3) ਬੀ. ਐੱਨ. ਐੱਸ, 4 ਤੇ 5 ਇੰਮੋਰਲ ਐਕਟ, ਧਾਰਾ 6 ਪੋਕਸੋ ਐਕਟ ਤੇ ਧਾਰਾ 27 ਐੱਨ ਡੀ ਪੀ ਐੱਸ ਐਕਟ ਤਹਿਤ ਥਾਣਾ ਕੋਟ ਈਸੇ ਖਾਂ ਵਿੱਚ ਮੁਕੱਦਮਾ ਦਰਜ ਕੀਤਾ ਗਿਆ ਸੀ।ਮਾਨਯੋਗ ਜ਼ਿਲ੍ਹਾ ਐਡੀਸ਼ਨਲ ਸੈਸ਼ਨ ਜੱਜ ਸ੍ਰੀ ਬਿਸ਼ਨ ਸਰੂਪ ਦੀ ਅਦਾਲਤ ਨੇ ਇਸ ਮਾਮਲੇ ਦੀ ਸੁਣਵਾਈ ਕਰਦਿਆਂ ਉਕਤ ਮੁਲਜ਼ਮਾਂ ਦੇ ਵਕੀਲ ਦਲਜੀਤ ਸਿੰਘ ਧਾਲੀਵਾਲ ਤੇ ਪਰਵਿੰਦਰ ਸਿੰਘ ਧਾਲੀਵਾਲ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਮੁਲਜ਼ਮਾਂ ਨੂੰ ਬਰੀ ਕਰਨ ਦੇ ਹੁਕਮ ਜਾਰੀ ਕੀਤੇ ਹਨ।

## ਮਾਰਕੀਟ ਕਮੇਟੀ ਦੀ ਇਮਾਰਤ ਬਣੀ ਖੰਡਰ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਇੱਥੋਂ ਦੀ ਮਾਰਕੀਟ ਕਮੇਟੀ ਨਿਹਾਲ ਸਿੰਘ ਵਾਲਾ ਦੀ ਪੁਰਾਣੀ ਇਮਾਰਤ ਹੁਣ ਪੂਰੀ ਤਰ੍ਹਾਂ ਖੰਡਰ ਦਾ ਰੂਪ ਧਾਰ ਚੁੱਕੀ ਹੈ।ਸਮੇਂ ਦੀ ਮਾਰ ਤੇ ਪ੍ਰਸ਼ਾਸਨ ਦੀ ਅਣਦੇਖੀ ਕਾਰਨ ਇਮਾਰਤ ਦੀ ਹਾਲਤ ਬਹੁਤ ਹੀ ਖਸਤਾ ਹੋ ਗਈ ਹੈ।ਕੰਧਾਂ ਵਿੱਚ ਵੱਡੀਆਂ ਦਰਾਰਾਂ ਪੈ ਚੁੱਕੀਆਂ ਹਨ ਤੇ ਛੱਤ ਵੀ ਕਈ ਥਾਵਾਂ ਤੋਂ ਟੁੱਟੀ ਹੋਈ ਹੈ, ਜਿਸ ਨਾਲ ਕਿਸੇ ਵੀ ਵੇਲੇ ਹਾਦਸਾ ਵਾਪਰਨ ਦਾ ਖਤਰਾ ਬਣਿਆ ਹੋਇਆ ਹੈ।ਇਸ ਇਮਾਰਤ ਦੇ ਨੇੜੇ ਹਰ ਰੋਜ਼ ਕਈ ਲੋਕਾਂ ਦੀ ਆਵਾਜਾਈ ਤੇ ਬੱਚੇ ਖੇਡਦੇ ਰਹਿੰਦੇ ਹਨ, ਜਿਸ ਕਰਕੇ ਇੱਥੇ ਹਮੇਸ਼ਾ ਦਹਿਸ਼ਤ ਦਾ ਮਾਹੌਲ ਬਣਿਆ ਰਹਿੰਦਾ ਹੈ। ਲੋਕਾਂ ਨੇ ਸਰਕਾਰ ਤੇ ਪ੍ਰਸ਼ਾਸਨ ਕੋਲ ਮੰਗ ਕੀਤੀ ਹੈ ਕਿ ਇਸ ਖਤਰਨਾਕ ਬਣ ਚੁੱਕੀ ਇਮਾਰਤ ਵੱਲ ਤੁਰੰਤ ਧਿਆਨ ਦਿੱਤਾ ਜਾਵੇ ਤੇ ਇਸ ਦੀ ਮੁਰੰਮਤ ਜਾਂ ਨਵੀਂ ਇਮਾਰਤ ਦੀ ਤਿਆਰੀ ਕੀਤੀ ਜਾਵੇ।ਫਿਲਹਾਲ ਇਹ ਇਮਾਰਤ ਰੱਬ ਭਰੋਸੇ ਹੀ ਖੜ੍ਹੀ ਹੈ, ਜੋ ਕਦੇ ਵੀ ਵੱਡੇ ਹਾਦਸੇ ਦਾ ਕਾਰਨ ਬਣ ਸਕਦੀ ਹੈ।



# 2027 'ਚ ਅਕਾਲੀ ਦਲ ਦੀ ਸਰਕਾਰ ਬਣੇਗੀ : ਤਲਵਾਰ ਬਰਾੜ

- ਬਾਘਾ ਪੁਰਾਣਾ ਤੋਂ ਤੀਰਥ ਸਿੰਘ ਮਾਹਲਾ ਦੀ ਜਿੱਤ ਨਿਸ਼ਚਿਤ
- ਹਲਕੇ 'ਚ ਸਰਗਰਮੀ ਤੇਜ਼, ਸੁਖਜੀਤ ਮਾਹਲਾ ਮੈਦਾਨ 'ਚ ਡਟੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਗਤੀਵਿਧੀਆਂ ਤੇਜ਼ ਹੋ ਰਹੀਆਂ ਹਨ।ਇਸੇ ਸਬੰਧ ਵਿੱਚ ਤਲਵਾਰ ਬਰਾੜ ਚੰਨੂਵਾਲਾ ਤੇ ਪਵਨਦੀਪ ਸਿੰਘ ਬਰਾੜ ਚੰਨੂਵਾਲਾ ਨੇ ਦਾਅਵਾ ਕੀਤਾ ਹੈ ਕਿ ਆਉਣ ਵਾਲੀ ਸਰਕਾਰ ਸ਼੍ਰੋਮਣੀ ਅਕਾਲੀ ਦਲ ਦੀ ਬਣੇਗੀ ਤੇ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਮੁੱਖ ਮੰਤਰੀ ਬਣਨਗੇ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਵਿੱਚ ਵੀ ਅਕਾਲੀ ਦਲ ਦੀ ਸਥਿਤੀ ਮਜ਼ਬੂਤ ਹੈ ਅਤੇ ਪਾਰਟੀ ਦੇ ਹਲਕਾ ਇੰਚਾਰਜ ਤੇ ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ ਇਸ ਵਾਰ ਸ਼ਾਨਦਾਰ ਜਿੱਤ ਹਾਸਲ ਕਰਕੇ ਇਹ ਸੀਟ ਅਕਾਲੀ ਦਲ ਦੀ ਝੋਲੀ ਪਾਉਣਗੇ।ਉਨ੍ਹਾਂ ਦਾਅਵਾ ਕੀਤਾ ਕਿ ਹਲਕੇ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਇਸ ਵਾਰ ਤੀਰਥ ਸਿੰਘ ਮਾਹਲਾ ਨੂੰ ਐੱਮ.ਐੱਲ.ਏ. ਬਣਾਇਆ ਜਾਵੇ। ਤਲਵਾਰ ਬਰਾੜ, ਪਵਨਦੀਪ ਸਿੰਘ ਬਰਾੜ ਤੇ ਗੋਪੀ ਹਰੀਏਵਾਲਾ ਨੇ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਲੰਮੇ ਸਮੇਂ ਤੋਂ ਹਲਕੇ ਵਿੱਚ ਲੋਕ ਸੇਵਾ ਕਰ ਰਹੇ ਹਨ ਤੇ ਹਰ ਵਰਗ ਦੇ ਲੋਕਾਂ ਨਾਲ ਨਜ਼ਦੀਕੀ ਸੰਪਰਕ ਬਣਾਇਆ ਹੋਇਆ ਹੈ।ਉਨ੍ਹਾਂ ਦੀ ਸਾਦਗੀ ਤੇ ਲੋਕਾਂ ਨਾਲ ਜੁੜਾਅ ਕਾਰਨ ਹੀ ਉਨ੍ਹਾਂ ਨੂੰ ਵੱਡਾ ਸਮਰਥਨ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਜਥੇਦਾਰ ਮਾਹਲਾ ਦੇ ਫਰਜ਼ੰਦ ਸੁਖਜੀਤ ਸਿੰਘ ਮਾਹਲਾ, ਜੋ ਕਿ ਪਾਰਟੀ ਦੇ ਕੋਰ ਕਮੇਟੀ ਮੈਂਬਰ ਵੀ ਹਨ, ਹਲਕੇ ਵਿੱਚ ਪੂਰੀ ਤਰ੍ਹਾਂ ਸਰਗਰਮ ਹਨ ਤੇ ਚੋਣਾਂ ਨੂੰ ਲੈ ਕੇ ਦਿਨ-ਰਾਤ ਮਿਹਨਤ ਕਰ ਰਹੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਅਕਾਲੀ ਦਲ ਦੀਆਂ ਨੀਤੀਆਂ ਤੇ ਲੋਕ-ਹਿਤੈਸ਼ੀ ਕਾਰਜਕ੍ਰਮਾਂ ਕਾਰਨ ਲੋਕਾਂ ਦਾ ਰੁਝਾਨ ਪਾਰਟੀ ਵੱਲ ਵਧ ਰਿਹਾ ਹੈ ਤੇ 2027 ਵਿੱਚ ਅਕਾਲੀ ਦਲ ਵੱਡੀ ਬਹੁਮਤ ਨਾਲ ਸਰਕਾਰ ਬਣਾਏਗਾ।

# ਭਾਰਤ-ਅਮਰੀਕਾ ਸਮਝੌਤਾ ਕਿਸਾਨੀ ਦੀ ਮੌਤ ਦੇ ਵਾਰੰਟ : ਨਿਰਭੈ ਢੁੱਡੀਕੇ

### ਕਿਰਤੀ ਕਿਸਾਨ ਯੂਨੀਅਨ ਬਲਾਕ ਨਿਹਾਲ ਸਿੰਘ ਵਾਲਾ ਦਾ ਅਜਲਾਸ



**ਮੋਗਾ (ਇਕਬਾਲ ਸਿੰਘ ਖਹਿਰਾ)**-ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਨਿਹਾਲ ਸਿੰਘ ਵਾਲਾ ਦਾ ਅਜਲਾਸ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ ਦੀ ਅਗਵਾਈ ਹੇਠ ਹੋਇਆ।ਇਸ ਅਜਲਾਸ ਵਿੱਚ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ, ਜਿਸ ਵਿੱਚ ਸਟੇਜ ਦਾ ਸੰਚਾਲਨ ਬਲਾਕ ਸਕੱਤਰ ਜਗਸੀਰ ਸਿੰਘ ਮਾਛੀਕੇ ਨੇ ਬਖ਼ੂਬੀ ਕੀਤਾ ਤੇ ਪਿਛਲੇ ਸਾਲ ਬਲਾਕ ਨਿਹਾਲ ਸਿੰਘ ਵਾਲਾ ਵੱਲੋਂ ਕੀਤੀਆਂ ਗਈਆਂ ਗਤੀਵਿਧੀਆਂ ਤੇ ਸੰਘਰਸ਼ ਦੀ ਰਿਪੋਰਟ ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਆਣਾ ਵੱਲੋਂ ਪੇਸ਼ ਕੀਤੀ ਗਈ ਅਤੇ ਨਵੇਂ ਸਿਰਿਓਂ ਬਲਾਕ ਨਿਹਾਲ ਸਿੰਘ ਵਾਲਾ ਦੀ 13 ਮੈਂਬਰੀ ਬਲਾਕ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਦੁਬਾਰਾ ਤੋਂ ਬੇਅੰਤ ਸਿੰਘ ਮੱਲੇਆਣਾ ਨੂੰ ਬਲਾਕ ਪ੍ਰਧਾਨ ਥਾਪਿਆ ਗਿਆ ਅਤੇ ਬਲਾਕ ਸਰਪ੍ਰਸਤ ਨਾਜ਼ਰ ਸਿੰਘ ਖਾਈ ਨੂੰ ਲਗਾਇਆ ਗਿਆ। ਇਸੇ ਤਰ੍ਹਾਂ ਮੀਤ ਪ੍ਰਧਾਨ ਬਲਦੇਵ ਸਿੰਘ ਭੰਗੂ ਬੱਧਨੀ ਕਲਾਂ, ਮੀਤ ਪ੍ਰਧਾਨ ਬਲਦੇਵ ਸਿੰਘ ਲੋਪੋ, ਅਵਤਾਰ ਸਿੰਘ ਖਾਈ ਬਲਾਕ ਸਕੱਤਰ, ਸਹਿ-ਸਕੱਤਰ ਜਗਸੀਰ ਸਿੰਘ ਮਾਛੀਕੇ, ਖਜ਼ਾਨਚੀ ਬਲਕਰਨ ਸਿੰਘ ਮੱਲੇਆਣਾ, ਪ੍ਰੈੱਸ ਸਕੱਤਰ ਨਛੱਤਰ ਸਿੰਘ ਦੌਧਰ ਅਹੁਦੇਦਾਰ ਵਜੋਂ ਚੋਣ ਕੀਤੀ ਗਈ।ਬਲਜਿੰਦਰ ਸਿੰਘ ਮਾਛੀਕੇ, ਛਿੰਦਰ ਸਿੰਘ ਮੱਲੇਆਣਾ, ਚਮਕੌਰ ਸਿੰਘ ਲੋਪੋ, ਜਗਦੀਪ ਸਿੰਘ ਦੌਧਰ, ਗੁਰਪ੍ਰੀਤ ਸਿੰਘ ਖਾਈ ਦੀ ਚੋਣ ਬਲਾਕ ਮੈਂਬਰਾਂ ਵਜੋਂ ਚੋਣ ਕੀਤੀ ਗਈ।ਇਸ ਮੌਕੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਨੇ ਆਖਿਆ ਕਿ ਜੋ ਕੇਂਦਰ ਸਰਕਾਰ ਦੇ ਵਪਾਰ ਮੰਤਰੀ ਪਿਯੂਸ਼ ਗੋਇਲ ਨੇ ਭਾਰਤ ਅਮਰੀਕਾ ਸਮਝੌਤਾ ਕੀਤਾ ਹੈ ਕਿ ਅਮਰੀਕਾਂ ਤੋਂ ਦੁੱਧ, ਕਣਕ, ਮੁੱਕਾ, ਸੋਇਆਬੀਨ ਆਦਿ ਦੇ ਵਪਾਰ ਨਾਲ ਭਾਰਤ ਦੇਸ਼ ਮਜ਼ਬੂਤ ਹੋਵੇਗਾ ਤੇ ਭਾਰਤ ਦਾ ਕਿਸਾਨ ਖੁਸ਼ਹਾਲ ਹੋਵੇਗਾ।ਇਹ ਸਮਝੌਤਾ-ਸਮਝੌਤਾ ਨਹੀਂ ਸਗੋਂ ਕਿਸਾਨੀ ਦੀ ਮੌਤ ਦੇ ਵਾਰੰਟ ਜਾਰੀ ਕੀਤੇ ਗਏ ਹਨ, ਜਿਸ ਦਾ ਭਾਰਤ ਅੰਦਰ ਵੱਡੀ ਪੱਧਰ 'ਤੇ ਵਿਰੋਧ ਹੋ ਰਿਹਾ ਹੈ।ਸੂਬਾ ਆਗੂ ਤੇ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇ ਖੁਰਦ ਤੇ ਔਰਤ ਵਿੰਗ ਦੇ ਜ਼ਿਲ੍ਹਾ ਆਗੂ ਛਿੰਦਰਪਾਲ ਕੌਰ ਰੋਡੇ ਖੁਰਦ ਨੇ ਪੰਜਾਬ ਸਰਕਾਰ ਤੋਂ ਕਿਸਾਨਾਂ ਦੀ ਆਲੂਆਂ ਦੀ ਰੁਲ ਰਹੀ ਫ਼ਸਲ ਦਾ ਐਮ.ਐਸ. ਪੀ ਤਹਿਤ 20 ਰੁਪਏ ਪ੍ਰਤੀ ਕਿਲੋ ਦੇ ਹਿਸਾਬ ਨਾਲ ਖਰੀਦ ਕਰਨ ਦੀ ਮੰਗ ਕੀਤੀ ਹੈ।ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਜਲਦ ਆਲੂ ਉਤਪਾਦਕਾਂ ਦੀ ਬਾਂਹ ਫੜੇ ਤੇ 20 ਰੁਪਏ ਦੇ ਹਿਸਾਬ ਨਾਲ ਖਰੀਦ ਤੁਰੰਤ ਕੀਤੀ ਜਾਵੇ।ਪੈਨਲ ਰਿਪੋਰਟ ਜ਼ਿਲ੍ਹਾ ਮੀਤ ਪ੍ਰਧਾਨ ਨਾਜ਼ਰ ਸਿੰਘ ਖਾਈ ਨੇ ਪੇਸ਼ ਕੀਤੀ।ਚੁਣੇ ਗਏ ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਆਣਾ ਨੇ ਪ੍ਰਧਾਨਗੀ ਮੰਡਲ ਵਿੱਚ ਬੈਠੇ ਆਗੂਆਂ ਤੇ ਅਜਲਾਸ ਵਿੱਚ ਆਏ ਸਾਥੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

## ਕਾਨਵੋਕੇਸ਼ਨ 'ਚ ਦੀਪ ਸ਼ਰਮਾ ਨੂੰ ਮਿਲਿਆ ਸਨਮਾਨ



**ਚੀਮਾ ਮੰਡੀ (ਰਵਿੰਦਰ ਚੀਮਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ 41ਵੀਂ ਕਾਨਵੋਕੇਸ਼ਨ ਵਿੱਚ ਚੀਮਾ ਮੰਡੀ ਦੀ ਵਸਨੀਕ ਤੇ ਡਾ. ਲਵਦੀਪ ਸ਼ਰਮਾ ਦੀ ਪਤਨੀ ਡਾ. ਦੀਪ ਸ਼ਰਮਾ ਨੂੰ ਪੀ ਐੱਚ ਡੀ ਦੀ ਡਿਗਰੀ ਨਾਲ ਸਨਮਾਨਤ ਕੀਤਾ ਗਿਆ।ਜ਼ਿਕਰਯੋਗ ਹੈ ਕਿ ਦੀਪ ਸ਼ਰਮਾ ਨੇ ਪੰਜਾਬ ਦੀਆਂ ਅੰਗਰੇਜ਼ਾਂ ਦੇ ਕਾਲ ਸਮੇਂ ਧਾਰਮਿਕ ਤੇ ਸਮਾਜਿਕ ਲਹਿਰਾਂ ਵਿੱਚ ਸੰਤ ਅਤਰ ਸਿੰਘ ਤੇ ਤੇਜਾ ਸਿੰਘ ਦੇ ਯੋਗਦਾਨ ਦਾ ਅਧਿਐਨ ਕੀਤਾ ਹੈ।ਕਾਨਵੋਕੇਸ਼ਨ ਵਿੱਚ ਪੰਜਾਬ ਦੇ ਰਾਜਪਾਲ ਮਾਨਯੋਗ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਡਿਗਰੀ ਵੰਡ ਸਮਾਰੋਹ ਦੀ ਪ੍ਰਧਾਨਗੀ ਕੀਤੀ ਸੀ।ਇਸ ਸਮੇਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਵੀ ਹਾਜ਼ਰ ਸਨ।

## ਵੱਖ-ਵੱਖ ਆਗੂਆਂ ਵੱਲੋਂ ਗੁਰਦੇਵ ਸਿੰਘ ਨੂੰ ਸ਼ਰਧਾਂਜਲੀਆਂ ਭੇਟ



**ਦੋਰਾਹਾ (ਹਰਿਮੰਦਰ ਸੇਠ)**-ਸ਼ਹਿਰ ਦੋਰਾਹਾ ਦੇ ਉੱਘੇ ਸਮਾਜ ਸੇਵੀ ਸ੍ਰ. ਗੁਰਦੇਵ ਸਿੰਘ ਘੁਲਾੜੀਆ ਵਾਲਿਆਂ ਦੇ ਦੇਹਾਂਤ ਉਪਰੰਤ ਉਨ੍ਹਾਂ ਦੀ ਯਾਦ ਵਿੱਚ ਅਖੰਡ ਪਾਠ ਸਾਹਿਬ ਦੇ ਭੋਗ ਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਗੋਬਿੰਦ ਸਾਗਰ ਸਾਹਿਬ ਵਿਖੇ ਕਰਵਾਈ ਗਈ।ਇਸ ਮੌਕੇ ਇਲਾਕੇ ਦੀਆਂ ਵੱਖ-ਵੱਖ ਪ੍ਰਮੁੱਖ ਸ਼ਖ਼ਸੀਅਤਾਂ ਨੇ ਗੁਰਦੁਆਰਾ ਸਾਹਿਬ ਪਹੁੰਚ ਕੇ ਸਵ. ਗੁਰਦੇਵ ਸਿੰਘ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਕੀਰਤਨੀ ਜਥੇ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ, ਜਿਸ ਨਾਲ ਮਾਹੌਲ ਭਾਵੁਕ ਹੋ ਗਿਆ।ਕਥਾਵਾਚਕਾਂ ਨੇ ਮਨੁੱਖੀ ਜੀਵਨ ਦੇ ਮੂਲ ਮੰਤਵ, ਸਮਾਜਿਕ ਫਰਜ਼ਾਂ ਤੇ ਗੁਰਮਤ ਅਨੁਸਾਰ ਜੀਵਨ ਜੀਉਣ ਦੀ ਪ੍ਰੇਰਨਾ ਬਾਰੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ, ਸਾਬਕਾ ਕੌਂਸਲਰ ਮਨਦੀਪ ਮਾਂਗਟ, ਅਵਤਾਰ ਸਿੰਘ ਗੁਰਥਲੀ ਤੇ ਨਗਰ ਕੌਂਸਲ ਦੋਰਾਹਾ ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ ਸਮੇਤ ਕਈ ਹੋਰ ਸਿਆਸੀ, ਸਮਾਜਿਕ ਤੇ ਧਾਰਮਿਕ ਆਗੂਆਂ ਨੇ ਹਾਜ਼ਰੀ ਭਰਦੇ ਹੋਏ ਸਵ. ਗੁਰਦੇਵ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸਮਾਗਮ ਦੇ ਅੰਤ ਵਿੱਚ ਵੱਖ-ਵੱਖ ਅਦਾਰਿਆਂ ਵੱਲੋਂ ਭੇਜੇ ਗਏ ਸ਼ੋਕ ਸੰਦੇਸ਼ ਵੀ ਪੜ੍ਹੇ ਗਏ।ਇਸ ਮੌਕੇ ਹਾਜ਼ਰ ਸਾਰਿਆਂ ਨੇ ਉਨ੍ਹਾਂ ਦੇ ਪੁੱਤਰਾਂ ਗਗਨ ਪਾਲ ਸਿੰਘ ਤੇ ਕੁਲਜੀਤ ਸਿੰਘ ਸਮੇਤ ਸਮੂਹ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

## ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਤ ਦਸਤਾਰ ਚੇਤਨਾ ਮਾਰਚ



**ਮੋਗਾ (ਇਕਬਾਲ ਸਿੰਘ ਖਹਿਰਾ)**-ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਤ ਦਸਤਾਰ ਚੇਤਨਾ ਮਾਰਚ ਕਮੇਟੀ ਮੋਗਾ ਵੱਲੋਂ 13ਵਾਂ ਦਸਤਾਰ ਚੇਤਨਾ ਮਾਰਚ ਖਾਲਸਾਈ ਜਾਹੋ ਜਲਾਲ ਤੇ ਉਤਸ਼ਾਹ ਨਾਲ ਗੁਰਦੁਆਰਾ ਸ੍ਰੀ ਨਾਮਦੇਵ ਭਵਨ ਮੋਗਾ ਤੋਂ ਆਰੰਭ ਹੋਇਆ, ਜਿਸ ਵਿੱਚ ਨੌਜਵਾਨਾਂ ਨੇ ਕੇਸਰੀ ਦਸਤਾਰਾਂ ਤੇ ਬੀਬੀਆਂ ਵੱਲੋਂ ਕੇਸਰੀ ਦੁਪੱਟੇ ਲੈ ਕੇ ਇਸ ਚੇਤਨਾ ਮਾਰਚ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਸਤਾਰ ਚੇਤਨਾ ਮਾਰਚ ਕਮੇਟੀ ਦੇ ਪ੍ਰਧਾਨ ਹਰਦਿਆਲ ਸਿੰਘ ਨੇ ਦੱਸਿਆ ਕਿ ਇਸ ਦਸਤਾਰ ਚੇਤਨਾ ਮਾਰਚ ਦਾ ਮੁੱਖ ਉਦੇਸ਼ ਜਿੱਥੇ ਪਤਿਤ ਹੋ ਰਹੇ ਸਿੱਖ ਨੌਜਵਾਨਾਂ ਨੂੰ ਸਿੱਖੀ ਨਾਲ ਜੋੜਨਾ ਹੈ, ਉੱਥੇ ਹੀ ਉਨ੍ਹਾਂ ਨੂੰ ਦਸਤਾਰ ਦੀ ਮਹੱਤਤਾ ਤੋਂ ਜਾਣੂ ਕਰਵਾ ਕੇ ਦਸਤਾਰ ਬੰਨਣ ਸਬੰਧੀ ਚੇਤਨ ਕਰਨਾ ਹੈ। ਅੱਜ ਦਾ ਇਹ ਦਸਤਾਰ ਚੇਤਨਾ ਮਾਰਚ ਮੋਗਾ ਸ਼ਹਿਰ ਦੇ ਵੱਖ-ਵੱਖ ਵਾਰਡਾਂ ਤੇ ਸ਼ਹਿਰ ਬਾਜ਼ਾਰਾਂ ਵਿੱਚ ਦੀ ਹੁੰਦਾ ਹੋਇਆ ਗੁਰਦੁਆਰਾ ਬੀਬੀ ਕਾਨ ਕੌਰ ਵਿਖੇ ਸਮਾਪਤ ਹੋਇਆ। ਉਪਰੰਤ ਗੁਰਦੁਆਰਾ ਬੀਬੀ ਕਾਹਨ ਕੌਰ ਵਿਖੇ ਜਿੱਥੇ ਨੌਜਵਾਨਾਂ ਨੂੰ ਦਸਤਾਰਾਂ ਸਜਾਈਆਂ ਗਈਆਂ, ਉੱਥੇ ਹੀ ਸਿੱਖ ਮਾਰਸ਼ਲ ਆਰਟ ਗਤਕਾ ਦੇ ਜੌਹਰ ਵਿਖਾਏ ਗਏ। ਉਪਰੰਤ ਸਿੱਖਾਂ ਦੀ ਦਸਤਾਰ ਦੇ ਇਤਿਹਾਸ ਸਬੰਧੀ ਜਾਣੂ ਕਰਵਾਉਣ ਲਈ ਮੁੱਖ ਬੁਲਾਰੇ ਸਰਦਾਰ ਗੁਰ ਨਿਵਾਜ ਸਿੰਘ ਵੱਲੋਂ ਵਿਸਥਾਰ ਸਹਿਤ ਚਾਨਣਾ ਪਾਇਆ ਗਿਆ ਅਤੇ ਸਿੱਖ ਵਿਰਸੇ ਤੇ ਪ੍ਰੰਪਰਾਵਾਂ ਸਬੰਧੀ ਕੋਰੀਓਗ੍ਰਾਫੀਆਂ ਵੀ ਪੇਸ਼ ਕੀਤੀਆਂ ਗਈਆਂ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ, ਯੂਥ ਅਕਾਲੀ ਆਗੂ ਨਵਜੋਤ ਸਿੰਘ ਮਾਹਲਾ, ਨਗਰ ਨਿਗਮ ਦੇ ਸਾਬਕਾ ਮੇਅਰ ਬਲਜੀਤ ਸਿੰਘ ਚਾਨੀ, ਜਗਰੂਪ ਸਿੰਘ, ਕੁਲਵੰਤ ਸਿੰਘ ਨੈਸਲੇ, ਨਿਰਮਲ ਸਿੰਘ ਖੀਵਾ, ਮਨਦੀਪ ਸਿੰਘ ਘੁੜਿਆਲ, ਪਰਮਜੋਤ ਸਿੰਘ ਖਾਲਸਾ ਪ੍ਰਧਾਨ ਸੇਵਾ ਸੁਸਾਇਟੀ, ਗੁਰਸੇਵਕ ਸਿੰਘ ਸਨਿਆਸੀ ਪ੍ਰਧਾਨ ਸਮਾਜ ਸੇਵਾ ਸੁਸਾਇਟੀ, ਹਰਮੇਲ ਸਿੰਘ ਡਰੋਲੀ ਪ੍ਰਧਾਨ ਰਾਮਗੜ੍ਹੀਆ ਵੈੱਲਫੇਅਰ ਸੁਸਾਇਟੀ ਆਦਿ ਹਾਜ਼ਰ ਸਨ।

## ਜਥੇਦਾਰ ਕੱਦੋਂ ਅਕਾਲੀ ਦਲ (ਪੁਨਰ ਸੁਰਜੀਤੀ) ਮਾਛੀਵਾੜਾ ਦੇ ਮੀਤ ਪ੍ਰਧਾਨ ਬਣੇ



**ਸਮਰਾਲਾ (ਸੁਰਜੀਤ ਸਿੰਘ)**-ਵਿਧਾਨ ਸਭਾ ਹਲਕਾ ਸਮਰਾਲਾ ਦੇ ਅਕਾਲੀ ਦਲ ਦੇ ਟਕਸਾਲੀ ਆਗੂ ਤੇ ਪੱਤਰਕਾਰ ਜਥੇਦਾਰ ਕੇਵਲ ਸਿੰਘ ਕੱਦੋਂ ਆਪਣੇ ਕੱਟੜ ਅਸੂਲਾਂ ਤੇ ਪਹਿਰਾ ਦਿੰਦੇ ਹੋਰ ਬੇਸ਼ੱਕ ਸਿਆਸਤ ਦੀ ਮੁੱਖ ਧਾਰਾ ਤੋਂ ਲੰਮੇ ਸਮੇਂ ਤੋਂ ਲਾਂਭੇ ਰਹੇ, ਪਰ ਅਸੂਲਾਂ ਨਾਲ ਕਦੇ ਸਮਝੌਤਾ ਨਹੀਂ ਕੀਤਾ।ਉਨ੍ਹਾਂ ਦੀ ਹਰਮਨ ਪਿਆਰਤਾ ਨੂੰ ਪਛਾਣਦੇ ਹੋਏ ਅਕਾਲੀ ਦਲ (ਪੁਨਰ ਸੁਰਜੀਤੀ) ਨੇ ਉਨ੍ਹਾਂ ਨੂੰ ਅਕਾਲੀ ਦਲ ਮਾਛੀਵਾੜਾ ਦਾ ਮੀਤ ਪ੍ਰਧਾਨ ਥਾਪਿਆ ਹੈ।ਜਥੇਦਾਰ ਕੇਵਲ ਸਿੰਘ ਕੱਦੋਂ ਸ਼੍ਰੋਮਣੀ ਅਕਾਲੀ ਦਲ ਦੇ ਵੱਡੇ ਆਗੂ ਰਹੇ ਸੁਖਦੇਵ ਢੀਂਡਸਾ ਦੇ ਕਰੀਬੀ ਰਹੇ ਹਨ।ਜਥੇਦਾਰ ਕੇਵਲ ਸਿੰਘ ਕੱਦੋਂ ਨੇ ਕਿਹਾ ਕਿ ਰਵਾਇਤੀ ਸਰਕਾਰਾਂ ਨੇ ਪੰਥ ਤੇ ਪੰਜਾਬ ਦਾ ਨਾ ਪੂਰਾ ਹੋਣ ਵਾਲਾ ਨੁਕਸਾਨ ਕੀਤਾ ਹੈ।ਜਥੇਦਾਰ ਨੇ ਕਿਹਾ ਕਿ ਪੰਜਾਬ ਦੀ ਜਨਤਾ ਬਹੁਤ ਸੁਘੜ ਸਿਆਣੀ ਹੈ, ਹੁਣ ਉਹ ਉਨ੍ਹਾਂ ਨੂੰ ਕਿਸੇ ਕੀਮਤ 'ਤੇ ਵੀ ਮੂੰਹ ਨਹੀਂ ਲਾਉਣਗੇ।ਉਨ੍ਹਾਂ ਕਿਹਾ ਕਿ ਲੁਟੇਰੇ ਆਗੂਆਂ ਤੋਂ ਹੁਣ ਜਨਤਾ ਹਿਸਾਬ ਮੰਗ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਅਣਖੀ ਲੋਕ ਪੁਨਰ ਸੁਰਜੀਤੀ ਅਕਾਲੀ ਦਲ ਨੂੰ ਅੱਗੇ ਲਿਆਉਣ ਲਈ ਕਾਹਲੇ ਹਨ, ਤਾਂ ਜੋ ਲੁਟੇਰੀ ਸਰਕਾਰਾਂ ਦੇ ਲੀਡਰਾਂ ਦੇ ਕਾਲੇ ਕਾਰਨਾਮੇ ਉਜਾਗਰ ਕੀਤੇ ਜਾ ਸਕਣ।ਜਥੇਦਾਰ ਨੇ ਪਾਰਟੀ ਪ੍ਰਧਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਉਸ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

## ਹਾਮਝੇੜੀ ਵਿਖੇ ਚੌਥਾ ਜਾਗ੍ਰਿਤੀ ਸੰਤ ਸਮਾਗਮ ਕਰਵਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਹਾਮਝੇੜੀ ਵਿਖੇ ਭਾਰਤੀ ਸੰਵਿਧਾਨ ਦੇ ਰਚੇਤਾ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਨੂੰ ਸਮਰਪਤ ਚੌਥਾ ਜਾਗ੍ਰਿਤੀ ਸੰਤ ਸਮਾਗਮ ਕਰਵਾਇਆ ਗਿਆ। ਡਾ. ਬੀ ਆਰ ਅੰਬੇਡਕਰ ਵੈੱਲਫੇਅਰ ਕਲੱਬ ਵੱਲੋਂ 108 ਸੰਤ ਨਿਰੰਜਨ ਦਾਸ ਜੀ ਦੀ ਪ੍ਰੇਰਨਾ ਨਾਲ ਕਰਵਾਏ ਗਏ ਇਸ ਸੰਤ ਸਮਾਗਮ ਵਿੱਚ ਬਾਬਾ ਜਗਦੀਸ਼ ਦਾਸ ਮੰਗਵੀਂ ਡੇਰਾ ਬੋਪੁਰ ਵਾਲਿਆਂ ਨੇ ਆਲੇ ਦੁਆਲੇ ਦੇ ਪਿੰਡਾਂ ਦੀਆਂ ਸੈਂਕੜਿਆਂ ਦੀ ਗਿਣਤੀ ਵਿੱਚ ਸੰਗਤਾਂ ਨੂੰ ਸ਼੍ਰੋਮਣੀ ਸੰਤ ਸਤਿਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਤੇ ਉਪਦੇਸ਼ਾਂ ਬਾਰੇ ਦੱਸਿਆ।ਇਸ ਸਮਾਰੋਹ ਦੌਰਾਨ ਇਲਾਕੇ ਦੀਆਂ ਬਹੁਤ ਸਾਰੀਆਂ ਰਾਜਨੀਤਕ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ, ਜਿਨ੍ਹਾਂ ਵਿੱਚ ਹਲਕਾ ਸ਼ੁਤਰਾਣਾ ਦੇ ਸਰਗਰਮ ਲੋਕ ਆਗੂ ਡਾਕਟਰ ਜਤਿੰਦਰ ਸਿੰਘ ਮੱਟੂ, ਚੇਅਰਮੈਨ ਤਜਿੰਦਰ ਸਿੰਘ ਤੇਜੀ ਬੁਰਜ਼, ਸਰਪੰਚ ਪ੍ਰਹਿਲਾਦ ਸਿੰਘ ਨਿਆਲ, ਸਰਪੰਚ ਜਰਨੈਲ ਸਿੰਘ ਜੈਲੀ ਹਾਮਝੇੜੀ ਤੇ ਮਾਸਟਰ ਗੁਰਧਿਆਨ ਸਿੰਘ ਪ੍ਰਮੁੱਖ ਸਨ।ਜੁੜੀਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਜੀ ਨੇ ਐਸੇ ਰਾਜ ਦੀ ਕਲਪਨਾ ਕੀਤੀ, ਜਿੱਥੇ ਵਸਦੇ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਚਿੰਤਾ ਨਾ ਹੋਵੇ, ਕਿਸੇ ਤੋਂ ਡਰ-ਭੈਅ ਨਾ ਹੋਵੇ, ਕਿਸੇ ਨੂੰ ਰੋਟੀ ਦੀ ਚਿੰਤਾ ਨਾ ਹੋਵੇ, ਜਿੱਥੇ ਸਾਰੇ ਇਕ ਬਰਾਬਰ ਵੱਸਦੇ ਹੋਣ, ਜਿੱਥੇ ਕੋਈ ਵੱਡਾ ਛੋਟਾ ਨਾ ਹੋਵੇ, ਕੋਈ ਉਚ ਨੀਚ ਨਾ ਹੋਵੇ।ਮੌਜੂਦਾ ਸਰਕਾਰਾਂ ਨੇ ਗਰੀਬ ਲੋਕਾਂ ਦੇ ਹੱਕ ਹਕੂਕਾਂ ਨੂੰ ਕੁਚਲ ਦਿੱਤਾ ਹੈ, ਜਿਸ ਕਾਰਨ ਅੱਜ ਸਾਨੂੰ ਆਪਣੇ ਹੱਕ ਹਕੂਕਾਂ ਲਈ ਸੜਕਾਂ 'ਤੇ ਸੰਘਰਸ਼ ਕਰਨੇ ਪੈ ਰਹੇ ਹਨ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਵੱਸਦੇ ਲੋਕ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਿਆ ਦਿਵਾਉਣ ਤਾਂ ਜੋ ਪੜ੍ਹ ਲਿਖ ਕੇ ਨੌਜਵਾਨ ਆਪਣੇ ਹੱਕਾਂ ਤੋਂ ਜਾਣੂ ਹੋ ਕੇ ਸੰਘਰਸ਼ ਕਰ ਸਕਣ।ਸਮਾਗਮ ਦੌਰਾਨ ਪ੍ਰਬੰਧਕਾਂ ਵੱਲੋਂ ਪੁੱਜੀਆਂ ਅਹਿਮ ਸ਼ਖ਼ਸੀਅਤਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਨੰ. :- 433-ਸਿਗ-ਟੀ-83-25-26 ਮਿਤੀ: 13.04.2026

ਬੰਦ ਹੋਣ ਦੀ ਮਿਤੀ/ਸਮਾਂ: 04.05.2026 15:00 ਵਜੇ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਕੰਮ ਕਰਨ ਵਾਲੇ ਸੀਨੀਅਰ ਡੀਐਸਟੀਈ/ਜੇਈਟੀ ਨਿਵਿਦਾ ਸੂਚਨਾ ਨੰਬਰ 433-ਸਿਗ-ਟੀ-83-25-26 ਸਮਾਪਤੀ ਮਿਤੀ/ਸਮਾਂ 04.05.2026 15:00 ਵਜੇ ਦੇ ਵਿਰੁਧ https://www.ireps.gov.in 'ਤੇ ਈ-ਨਿਵਿਦਾਵਾਂ ਦੀ ਮੰਗ ਕਰਦੇ ਹਨ। ਬੋਲੀਦਾਤਾ ਆਪਣੀ ਮੂਲ/ਸੰਸ਼ੋਧਿਤ ਬੋਲੀਆਂ ਅੰਤਮ ਮਿਤੀ ਅਤੇ ਸਮੇਂ ਤਕ ਹੀ ਜਮ੍ਹਾ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਆਫਰ ਦੀ ਇਜਾਜ਼ਤ ਨਹੀਂ ਹੈ, ਅਤੇ ਪ੍ਰਾਪਤ ਐਸੇ ਕਿਸੇ ਵੀ ਮੈਨੂੰਅਲ ਆਫਰ ਨੂੰ ਅਣਦੇਖਾ ਕਰ ਦਿਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਦਸਤਾਵੇਜ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟ ਤੇ ਉਪਲਬਧ ਆਨਲਾਈਨ ਭੁਗਤਾਨ ਮੋਡ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੇਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਕਰਨ ਦੀ ਇਜਾਜ਼ਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਦੀ ਇਜਾਜ਼ਤ ਨਹੀਂ ਹੈ।

ਐਨ ਆਈ ਟੀ.

| | | | |
|---|---|---|---|
| ਕੰਮ ਦਾ ਨਾਮ | 1) ਫਿਰੋਜ਼ਪੁਰ ਮੰਡਲ ਤੇ ਓਐਫਸੀ ਸੰਚਾਰ ਦੀ ਵਿਸ਼ਵਸਨੀਅਤਾ ਵਿਚ ਸੁਧਾਰ 2) ਫਿਰੋਜ਼ਪੁਰ ਮੰਡਲ ਦੇ ਲੁਧਿਆਣਾ, ਅੰਮ੍ਰਿਤਸਰ ਅਤੇ ਫਿਰੋਜ਼ਪੁਰ ਸਟੇਸ਼ਨਾਂ ਤੇ ਏਆਰਟੀ ਦੇ ਲਈ ਰੇਲਵੇ ਬੋਰਡ ਦੁਆਰਾ ਏਆਰਟੀ ਦੀ ਮਾਨਕ ਸੂਚੀ ਦੇ ਅਨੁਸਾਰ ਦੂਰਸੰਚਾਰ ਉਪਕਰਣ ਦਾ ਪ੍ਰਾਵਧਾਨ। | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 04.05.2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 1) 11.04.2026 11:32 2) 11.04.2026 11:40 |
| ਅੰਦਾਜਨ ਕੀਮਤ | 1) 1579328.62 2) 2336148.22 | ਬਿਡਿੰਗ ਸ਼ੁਰੂ ਦੀ ਮਿਤੀ (ਆਈਆਰਈਪੀਐਸ) | 20.04.2026 |
| ਬਿਆਨਾ ਰਾਸ਼ੀ (ਰੁ.) | 1) 31600.00 2) 46700. | ਕੰਮ ਪੂਰਾ ਕਰਨ ਦਾ ਸਮਾਂ | 1) 3 Months 2) 3 Months |
| ਨੋਟ: | ਨਿਵਿਦਾ ਕਰਤਾ ਰੈਗੂਲਰ ਰੂਪ ਨਾਲ ਵੈਬਸਾਈਟ ਤੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸ਼ੁਧੀਪੱਤਰਾਂ ਆਦਿ ਬਾਰੇ ਵਿਚ ਖੁਦ ਨੂੰ ਅਪਡੇਟ ਰਖੋ। | | |

1241/26

ਗਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਵਿਧਾਇਕ ਵੱਲੋਂ ਸੜਕ ਦੇ ਨਵ-ਨਿਰਮਾਣ ਕੰਮ ਦਾ ਉਦਘਾਟਨ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਟਾਂਡਾ ਸ਼ਹਿਰ ਦੇ ਵਿਕਾਸ ਤੇ ਸੁੰਦਰੀਕਰਨ ਕਰਾਉਣ ਵਿੱਚ ਕਿਸੇ ਵੀ ਤਰ੍ਹਾਂ ਕਮੀਂ ਪੇਸ਼ੀ ਨਹੀਂ ਆਉਣ ਦਿੱਤੀ ਜਾਵੇਗੀ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ



ਤੇ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਲੱਖਾਂ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਟਾਂਡਾ ਸ਼ਹਿਰ ਦੀ ਮੁੱਖ ਸੜਕ ਦੇ ਨਵ ਨਿਰਮਾਣ ਕੰਮ ਦਾ ਉਦਘਾਟਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਨਾਲ ਕੌਂਸਲਰ ਹਰੀਕ੍ਰਿਸ਼ਨ ਸੈਣੀ, ਆਪ ਆਗੂ ਸੋਨੂੰ ਖੰਨਾ, ਆਪ ਦੇ ਸ਼ਹਿਰੀ ਪ੍ਰਧਾਨ ਜਸਪ੍ਰੀਤ ਸਿੰਘ ਜੱਸੀ, ਸਾਬਕਾ ਕੌਂਸਲਰ ਲਖਵਿੰਦਰ ਸਿੰਘ ਮੁਲਤਾਨੀ ਵੀ ਹਾਜ਼ਰ ਸਨ।ਇਸ ਮੌਕੇ ਬੋਲਦਿਆਂ ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ 21 ਲੱਖ ਰੁਪਏ ਦੀ ਗ੍ਰਾਂਟ ਰਾਸ਼ੀ ਨਾਲ ਬਣਨ ਵਾਲੀ ਇਹ ਸੜਕ ਲੱਖੀ ਸਿਨੇਮਾ ਤੋਂ ਰੇਲਵੇ ਸਟੇਸ਼ਨ ਚੌਂਕ ਤੱਕ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇੱਕ ਦੋ ਦਿਨ ਵਿੱਚ ਹੀ ਇਹ ਸੜਕ ਦਾ ਕੰਮ ਮੁਕੰਮਲ ਹੋ ਜਾਵੇਗਾ। ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਹਲਕੇ ਦਾ ਹਰ ਪਿੰਡ ਤੇ ਸ਼ਹਿਰੀ ਖੇਤਰਾਂ ਵਿਕਾਸ ਲਗਾਤਾਰ ਧੜੱਲੇ ਨਾਲ ਬਿਨਾਂ ਕਿਸੇ ਭੇਦਭਾਵ ਨਾਲ ਕਰਵਾਏ ਜਾ ਰਹੇ ਹਨ । ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ 15 ਅਪ੍ਰੈਲ ਨੂੰ ਮੁੱਖ ਮੰਤਰੀ ਭਗਵੰਤ ਮਾਨ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਗੌਰਮਿੰਟ ਕਾਲਜ ਟਾਂਡਾ ਵਿਖੇ ਇੱਕ ਵਿਸ਼ਾਲ ਕਾਨਫਰੰਸ ਕਰਨਗੇ ਤੇ ਆਪਣੇ ਚਾਰ ਸਾਲ ਦੇ ਕਾਰਜਕਾਲ ਵਿੱਚ ਪੰਜਾਬ ਵਿੱਚ ਕੀਤੇ ਵਿਕਾਸ ਕਾਰਜਾਂ ਤੇ ਲਾਗੂ ਕੀਤੀਆਂ ਲੋਕ ਹਿਤੈਸ਼ੀ ਸਕੀਮਾਂ ਸਬੰਧੀ ਲੋਕਾਂ ਨੂੰ ਦੱਸਣਗੇ । ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਕਰੋੜਾਂ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਵੀ ਕਰਨਗੇ ।ਇਸ ਮੌਕੇ ਹਰਮੀਤ ਸਿੰਘ ਵੜੈਚ , ਰਾਜਨ ਸੋਂਧੀ , ਸੇਠਰਾਮ ਸੇਠੀ , ਗੁਰਮੀਤ ਬਿੱਟੂ ਤੇ ਰਾਜੇਸ਼ ਲਾਡੀ ਆਦਿ ਵੀ ਹਾਜ਼ਰ ਸਨ ।

# ਵਿਸ਼ਵ ਸਿਹਤ ਦਿਵਸ ਮੌਕੇ ਸੀ ਪੀ ਆਰ ਟ੍ਰੇਨਿੰਗ ਸੈਸ਼ਨ ਕਰਵਾਈ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਸ਼ਵ ਸਿਹਤ ਦਿਵਸ ਦੇ ਮੌਕੇ 'ਤੇ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ ਮੈਡੀਕਲ ਲੈਬੋਰੇਟਰੀ ਸਾਇੰਸਿਜ਼ ਵੱਲੋਂ ਸੀਪੀਆਰ (ਕਾਰਡੀਓਪਲਮੋਨਰੀ ਰੀਸਸਿਟੇਸ਼ਨ) ਟ੍ਰੇਨਿੰਗ ਸੈਸ਼ਨ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਵਿਭਾਗ ਮੁਖੀ ਡਾ. ਸੁਖਮੀਤ ਕੌਰ ਬੇਦੀ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਸੁਖਮੀਤ ਕੌਰ ਬੇਦੀ ਨੇ ਦੱਸਿਆ ਕਿ ਸੀ ਪੀ ਆਰ ਇੱਕ ਮਹੱਤਵਪੂਰਨ ਜੀਵਨ ਬਚਾਉਣ ਵਾਲੀ ਤਕਨੀਕ ਹੈ, ਜੋ ਐਮਰਜੈਂਸੀ ਸਥਿਤੀਆਂ ਵਿੱਚ ਕਿਸੇ ਵਿਅਕਤੀ ਦੀ ਜਾਨ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਟ੍ਰੇਨਿੰਗ ਸੈਸ਼ਨ ਵਿਦਿਆਰਥੀਆਂ ਨੂੰ ਜਾਗਰੂਕ ਬਣਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਸੰਕਟ ਸਮੇਂ ਸਹੀ ਕਦਮ ਚੁੱਕਣ ਲਈ ਤਿਆਰ ਕਰਦੇ ਹਨ। ਇਸ ਦੌਰਾਨ ਸਹਾਇਕ ਪ੍ਰੋਫੈਸਰ ਇਰਸ਼ਾਦ ਅਤੇ ਆਕਾਸ਼ ਭੱਟ ਨੇ ਭਾਗੀਦਾਰਾਂ ਨੂੰ ਸੀ ਪੀ ਆਰ ਦੀਆਂ ਜ਼ਰੂਰੀ ਤਕਨੀਕਾਂ ਬਾਰੇ ਪ੍ਰੈਕਟੀਕਲ ਟ੍ਰੇਨਿੰਗ ਦਿੱਤੀ। ਪ੍ਰੋਗਰਾਮ ਦੇ ਸੁਚੱਜੇ ਆਯੋਜਨ ਵਿੱਚ ਪੂਜਾ ਅਤੇ ਸਾਕਿਬ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਅਤੇ ਜੀਵਨ ਬਚਾਉਣ ਵਾਲੀਆਂ ਕੌਸ਼ਲਾਂ ਸਿੱਖਣ ਵਿੱਚ ਗਹਿਰੀ ਦਿਲਚਸਪੀ ਦਿਖਾਈ।

# 'ਵਰਸਿਟੀ ਕਾਲਜ ਵਿਖੇ ਵਿਸਾਖੀ ਮੌਕੇ ਸਮਾਗਮ

**ਜਲੰਧਰ (ਕਮਲਜੀਤ ਥਾਬਲਕੇ)**- ਵਿਸਾਖੀ ਦੇ ਪਾਵਨ ਤਿਉਹਾਰ ਦੇ ਮੌਕੇ 'ਤੇ ਯੂਨੀਵਰਸਿਟੀ ਕਾਲਜ ਲਾਡੋਵਾਲੀ ਰੋਡ ਵਿਖੇ ਇੱਕ ਪ੍ਰਭਾਵਸ਼ਾਲੀ ਅਤੇ ਪ੍ਰੇਰਨਾਦਾਇਕ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ



ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਸਮਾਗਮ ਦਾ ਮੂਲ ਉਦੇਸ਼ ਵਿਸਾਖੀ ਦੇ ਇਤਿਹਾਸਕ ਅਤੇ ਸਭਿਆਚਾਰਕ ਮਹੱਤਵ ਨੂੰ ਰੌਸ਼ਨ ਕਰਨਾ ਸੀ।ਇਸ ਮੌਕੇ 'ਤੇ ਕਾਲਜ ਦੀ ਓ ਐੱਸ ਡੀ ਡਾ. ਨਵਜੋਤ ਨੇ ਆਪਣੇ ਸੰਬੋਧਨ ਵਿੱਚ ਵਿਸਾਖੀ ਦੇ ਇਤਿਹਾਸਕ ਪੱਖਾਂ 'ਤੇ ਚਾਨਣ ਪਾਉਂਦਿਆਂ ਆਖਿਆ ਕਿ ਇਹ ਤਿਉਹਾਰ ਜਿੱਥੇ ਜ਼ਲ੍ਹਿਆਂ ਵਾਲੇ ਬਾਗ ਵਿਚ 1919 ਈ. ਵਿਚ ਵਿਸਾਖੇ ਮੌਕੇ ਹੋਏ ਸਾਕੇ ਦੀ ਯਾਦ ਦਵਾਉਂਦਾ ਹੈ, ਉਥੇ ਹੀ ਸਿੱਖ ਕੌਮ ਦੀ ਸ਼ਾਨ ਤੇ ਬਹਾਦਰੀ ਦਾ ਪ੍ਰਤੀਕ ਹੈ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਸਾਖੀ ਸਾਨੂੰ ਏਕਤਾ, ਸੇਵਾ ਤੇ ਨਿਆਂ ਦੇ ਮਾਰਗ 'ਤੇ ਤੁਰਨ ਲਈ ਪ੍ਰੇਰਿਤ ਕਰਦੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਸਬੰਧੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੰਬੇਡਕਰ ਦੀ ਜੀਵਨ ਯਾਤਰਾ ਸਾਨੂੰ ਸਮਾਨਤਾ, ਸਿੱਖਿਆ ਅਤੇ ਅਧਿਕਾਰਾਂ ਲਈ ਸੰਘਰਸ਼ ਕਰਨ ਦੀ ਪ੍ਰੇਰਣਾ ਦਿੰਦੀ ਹੈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਮੌਕਿਆਂ ਤੋਂ ਸਿੱਖਿਆ ਲੈ ਕੇ ਆਪਣੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਉਣ। ਸਮਾਗਮ ਦੇ ਅੰਤ ਵਿਚ ਡਾ. ਲਖਵੀਰ ਸਿੰਘ ਵੱਲੋਂ ਸਾਰੇ ਹਾਜ਼ਰੀਨ ਦਾ ਧੰਨਵਾਦ ਕੀਤਾ ਗਿਆ ਤੇ ਅਜਿਹੇ ਸਮਾਗਮ ਭਵਿੱਖ ਵਿੱਚ ਵੀ ਕਰਵਾਉਣ ਦਾ ਭਰੋਸਾ ਦਿੱਤਾ ਗਿਆ।

## ਜ਼ੀਨਤ ਹੁਸੈਨ ਪੜ੍ਹ-ਲਿਖ ਕੇ ਆਈ ਏ ਐਸ ਅਫਸਰ ਬਣਨਾ ਚਾਹੁੰਦੀ

**ਕਪੂਰਥਲਾ (ਮਨਜੀਤ ਮਾਨ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮਿਡਲ ਕਲਾਸ ਦੇ ਐਲਾਨੇ ਗਏ ਨਤੀਜਿਆਂ ਵਿੱਚੋਂ ਜ਼ੀਨਤ ਹੁਸੈਨ ਸਪੁੱਤਰੀ ਜ਼ਾਹਿਦ ਹੁਸੈਨ (ਮਾਤਾ ਅਨੀਤਾ



) 587/600, 97.83% ਗਣਿਤ ਅਤੇ ਪੰਜਾਬੀ ਵਿਸ਼ੇ ਵਿਚੋਂ 100% ਅੰਕ ਪ੍ਰਾਪਤ ਕਰ ਸਰਕਾਰੀ ਕੰਨਿਆ ਹਾਈ ਸਕੂਲ ਢਿਲਵਾਂ ਪੂਰੇ ਜ਼ਿਲ੍ਹੇ ਵਿਚ ਪਹਿਲੇ ਅਤੇ ਪੰਜਾਬ ਦੀ ਮੈਰਿਟ ਲਿਸਟ ਵਿਚ ਤੇਰ੍ਹਵੇਂ ਸਥਾਨ 'ਤੇ ਰਹੀ ਹੈ। ਜ਼ੀਨਤ ਹੁਸੈਨ ਖੇਡਾਂ ਵਿੱਚ ਬੈਡਮਿੰਟਨ ਅਤੇ ਖੋ-ਖੋ ਵਿਚ ਸਟੇਟ ਲੈਵਲ ਦੀ ਖਿਡਾਰਨ ਵੀ ਹੈ। ਉਸ ਨੇ ਦੱਸਿਆ ਕਿ ਉਹ ਪੜ੍ਹ ਲਿਖ ਕੇ ਆਈ ਏ ਐਸ ਅਫਸਰ ਬਣਨਾ ਚਾਹੁੰਦੀ ਹੈ। ਇਸ ਮੌਕੇ ਸੀਨੀਅਰ ਆਪ ਆਗੂ ਸੁਨੀਲ ਚੌਹਾਨ ਨੇ ਜ਼ੀਨਤ ਨੂੰ ਮੁਬਾਰਕਾਂ ਦਿੱਤੀਆਂ।

## ਰੰਧਾਵਾ ਵੱਲੋਂ ਡੇਰਾਬੱਸੀ ਤੋਂ 21 ਵੀਂ ਬੱਸ ਰਵਾਨਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਐਮ.ਐਲ.ਏ ਕੁਲਜੀਤ ਸਿੰਘ ਰੰਧਾਵਾ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਡੇਰਾਬੱਸੀ ਦੇ ਮੁਬਾਰਿਕਪੁਰ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਸ਼ਰਧਾਲੂਆਂ ਦੀ 21ਵੀਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਸ਼ਰਧਾਲੂਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਸ. ਭਗਵੰਤ ਸਿੰਘ ਮਾਨ ਸਰਕਾਰ



ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਬਜ਼ੁਰਗਾਂ ਲਈ ਇਕ ਵਿਸ਼ੇਸ਼ ਉਪਰਾਲਾ ਹੈ, ਜਿਸ ਰਾਹੀਂ ਉਹਨਾਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਤੀਰਥ ਯਾਤਰਾ ਦੌਰਾਨ ਸ਼ਰਧਾਲੂਆਂ ਲਈ ਆਵਾਜਾਈ, ਰਹਿਣ-ਸਹਿਣ ਅਤੇ ਭੋਜਨ ਸਮੇਤ ਸਾਰੀਆਂ ਜ਼ਰੂਰੀ ਸਹੂਲਤਾਂ ਮਾਨ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਅਧੀਨ 50 ਸਾਲ ਤੋਂ ਉੱਪਰ ਉਮਰ ਦੇ ਸ਼ਰਧਾਲੂਆਂ ਨੂੰ ਸ੍ਰੀ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਣਾ ਮੰਦਰ ਅਤੇ ਸ੍ਰੀ ਵਾਲਮੀਕ ਤੀਰਥ ਦੇ ਦਰਸ਼ਨਾਂ ਤੋਂ ਇਲਾਵਾ ਇਤਿਹਾਸਕ ਸਥਾਨ ਜਲ੍ਹਿਆਂਵਾਲਾ ਬਾਗ਼ ਅਤੇ ਵਾਘਾ ਸਰਹੱਦ ਵੀ ਦਿਖਾਈ ਜਾਂਦੀ ਹੈ।

# ਲਾਇਲਪੁਰ ਖ਼ਾਲਸ ਕਾਲਜ ਲੜਕੀਆਂ ਵਿਖੇ ਵਿਦਾਇਗੀ ਪਾਰਟੀ ਕਰਵਾਈ



**ਜਲੰਧਰ (ਇਕਬਾਲ ਸਿੰਘ ਉਭੀ)**- ਲਾਇਲਪੁਰ ਖ਼ਾਲਸਾ ਕਾਲਜ ਲੜਕੀਆਂ ਵਿਖੇ ਵਿਦਿਆਰਥਣਾਂ ਲਈ ਇੱਕ ਸ਼ਾਨਦਾਰ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ। ਇਹ ਮੌਕਾ ਕਾਲਜ ਵਿੱਚ ਬਿਤਾਏ ਯਾਦਗਾਰੀ ਸਾਲਾਂ ਨੂੰ ਯਾਦ ਕਰਨ ਲਈ ਸਮਰਪਿਤ ਇੱਕ ਦਿਲਕਸ਼ ਜਸ਼ਨ ਸੀ। ਇਹ ਸਮਾਗਮ ਇੱਕ ਜੀਵੰਤ ਜਸ਼ਨ ਵਿੱਚ ਬਦਲ ਗਿਆ।ਇਸ ਮੌਕੇ ਵਿਦਿਆਰਥੀਆਂ ਦੁਆਰਾ ਸ਼ਾਨਦਾਰ ਪੇਸ਼ਕਾਰੀਆ ਕੀਤੀਆਂ । ਇਸ ਸਮਾਗਮ ਦੀ ਮੁੱਖ ਗੱਲ 'ਮਿਸ ਫੇਅਰਵੈੱਲ' ਮੁਕਾਬਲਾ ਸੀ, ਜਿੱਥੇ ਵਿਦਿਆਰਥਣਾਂ ਨੇ ਆਤਮਵਿਸ਼ਵਾਸ ਤੇ ਸ਼ਾਨ ਨਾਲ ਰੈਂਪ 'ਤੇ ਵਾਕ ਕੀਤੀ। ਮਿਸ ਫੇਅਰਵੈੱਲ ਮੁਕਾਬਲੇ ਦੇ ਜੇਤੂ ਵਿਦਿਆਰਥੀਆਂ ਵਿੱਚ ਮਿਸ ਫੇਅਰਵੈੱਲ ਰਵਨੀਤ ਕੌਰ, ਪਹਿਲੀ ਰਨਰ ਅੱਪ ਸਵਲੀਨ, ਦੂਜੀ ਰਨਰ ਅੱਪ ਹਰਸ਼ਦੀਪ ਕੌਰ, ਮਿਸ ਚਾਰਮਿੰਗ ਕੀਰਤੀ ਕੌਰ, ਮਿਸ ਐਲੀਗੈਂਟ ਰਮਨੀਤ ਕੌਰ ਰਹੀਆਂ। ਜੇਤੂਆਂ ਨੂੰ ਤਾੜੀਆਂ ਦੀ ਗੂੰਜ ਵਿੱਚ ਤਾਜ ਪਹਿਨਾਇਆ ਗਿਆ ਤੇ ਵਧਾਈ ਦਿੱਤੀ।ਬਲਬੀਰ ਕੌਰ, ਪ੍ਰਧਾਨ, ਗਵਰਨਿੰਗ ਕੌਂਸਲ, ਕੇ ਸੀ ਐੱਲ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਵਿਦਿਆਰਥੀਆਂ ਨੂੰ ਆਪਣਾ ਅਸ਼ੀਰਵਾਦ ਤੇ ਸ਼ੁਭਕਾਮਨਾਵਾਂ ਦਿੱਤੀਆਂ। ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਡਾ. ਸਰਬਜੀਤ ਕੌਰ ਰਾਏ ਨੇ ਉਨ੍ਹਾਂ ਨੂੰ ਕਾਲਜ ਵਿੱਚ ਆਪਣੇ ਸਮੇਂ ਦੌਰਾਨ ਗ੍ਰਹਿਣ ਕੀਤੀਆਂ ਗਈਆਂ ਕਦਰਾਂ-ਕੀਮਤਾਂ ਅਤੇ ਅਨੁਸ਼ਾਸਨ ਨੂੰ ਕਾਇਮ ਰੱਖਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਜਸਲੀਨ ਜੌਹਲ, ਮਨਜੀਤ ਕੌਰ, ਸ਼੍ਰੀਮਤੀ ਸ਼ਿਵਾਨੀ ਧਵਨ ਤੇ ਰਾਜਵੰਤ ਕੌਰ ਆਦਿ ਹਾਜ਼ਰ ਸਨ।

# ਲਾਲੀ ਬਾਜਵਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਸ਼ਹਿਰੀ ਜਥੇਬੰਦੀ ਦਾ ਵਿਸਥਾਰ

**ਹੁਸ਼ਿਆਰਪੁਰ (ਓ ਪੀ ਰਾਣਾ)**- ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਅਤੇ ਸੀਨੀਅਰ ਮੀਤ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਵੱਲੋਂ ਪਾਰਟੀ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਅਹਿਮ ਕਦਮ ਚੁੱਕਦਿਆਂ ਜ਼ਿਲ੍ਹਾ ਪੱਧਰ 'ਤੇ ਸ਼ਹਿਰੀ ਜਥੇਬੰਦੀ ਦਾ ਵਿਸਥਾਰ ਕੀਤਾ ਗਿਆ ਹੈ। ਇਸ ਮੌਕੇ ਉਨ੍ਹਾਂ ਵੱਲੋਂ ਵੱਖ-ਵੱਖ ਆਗੂਆਂ ਨੂੰ ਨਵੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਤਾਂ ਜੋ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲ ਸਕੇ। ਲਾਲੀ ਬਾਜਵਾ ਨੇ ਦੱਸਿਆ ਕਿ ਨਵੀਆਂ ਨਿਯੁਕਤੀਆਂ ਤਹਿਤ ਮਨਪ੍ਰੀਤ ਸਿੰਘ ਸੋਢੀ ਜਨਰਲ



ਸਕੱਤਰ, ਕਿਸ਼ਨ ਗੋਪਾਲ ਬੱਧਣ ਜਨਰਲ ਸਕੱਤਰ, ਬਲਵਿੰਦਰ ਸਿੰਘ ਬੱਬੀ ਜਨਰਲ ਸਕੱਤਰ, ਜਸਵੀਰ ਸਿੰਘ ਮਠਾੜੂ ਜਨਰਲ ਸਕੱਤਰ, ਤਿਰਲੋਕ ਸਿੰਘ ਨਾਗਪਾਲ ਸੀਨੀਅਰ ਮੀਤ ਪ੍ਰਧਾਨ, ਧਰਮਿੰਦਰ ਪਾਲ ਮਹੇ ਸੀਨੀਅਰ ਮੀਤ ਪ੍ਰਧਾਨ, ਮਨਜੀਤ ਸਿੰਘ ਰੋਬੀ ਸੀਨੀਅਰ ਮੀਤ ਪ੍ਰਧਾਨ, ਪ੍ਰਕਾਸ਼ ਬਘਾਨੀਆ ਮੀਤ ਪ੍ਰਧਾਨ, ਸੁਖਵਿੰਦਰ ਸਿੰਘ ਸੈਣੀ ਮੀਤ ਪ੍ਰਧਾਨ, ਵਿਕਰਮਜੀਤ ਸਿੰਘ ਕਾਹਲੋਂ ਮੀਤ ਪ੍ਰਧਾਨ, ਪੁਨੀਤ ਅਰੋੜਾ ਮੀਤ ਪ੍ਰਧਾਨ, ਮੰਗਲ ਸਿੰਘ ਟਿੱਬਾ ਸਾਹਿਬ ਸਕੱਤਰ, ਬਲਬੀਰ ਸਿੰਘ ਜਿਲ੍ਹਾ ਸਕੱਤਰ, ਇੰਦਰਜੀਤ ਸਿੰਘ ਮੀਤ ਪ੍ਰਧਾਨ, ਮੋਹਿਤ ਭਾਟੀਆ ਮੀਤ ਪ੍ਰਧਾਨ, ਰਾਹੁਲ ਸ਼ਰਮਾ ਸਕੱਤਰ, ਗੁਰਮੀਤ ਸਿੰਘ ਚੱਢਾ ਮੀਤ ਪ੍ਰਧਾਨ, ਭੁਪਿੰਦਰ ਪਾਲ ਸਿੰਘ ਮੀਤ ਪ੍ਰਧਾਨ, ਬਚਿੱਤਰ ਸਿੰਘ ਮੀਤ ਪ੍ਰਧਾਨ, ਸਕੱਤਰ ਸਿੰਘ ਸਕੱਤਰ, ਅਮਰਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ , ਗੁਰਪ੍ਰਤਾਪ ਸਿੰਘ ਅਤੇ ਸੰਜੀਵ ਕੁਮਾਰ ਨੂੰ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਲਾਲੀ ਬਾਜਵਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਨੀਤੀ ਸਦਾ ਹੀ ਲੋਕ-ਹਿਤ ਵਿੱਚ ਰਹੀ ਹੈ ਅਤੇ ਪਾਰਟੀ ਪੰਜਾਬ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਸੋਚ ਅਤੇ ਦੂਰਦਰਸ਼ੀ ਹੈ ਅਤੇ ਉਨ੍ਹਾਂ ਦੀ ਅਗਵਾਈ ਹੇਠ ਪਾਰਟੀ ਹੋਰ ਮਜ਼ਬੂਤ ਹੋ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰੇਗੀ।ਇਸ ਮੌਕੇ ਪਾਰਟੀ ਆਗੂਆਂ ਨੇ ਲਾਲੀ ਬਾਜਵਾ ਦਾ ਧੰਨਵਾਦ ਕੀਤਾ ।

# ਇੰਟਰ-ਫਾਰਮੇਸ਼ਨ ਹਾਕੀ ਚੈਂਪੀਅਨਸ਼ਿਪ ਸਮਾਪਤ



**ਜਲੰਧਰ (ਇਕਬਾਲ ਸਿੰਘ ਉਭੀ)**- ਵਜਰਾ ਕੋਰ ਵੱਲੋਂ 6 ਤੋਂ 11 ਅਪ੍ਰੈਲ ਤੱਕ ਜਲੰਧਰ ਛਾਉਣੀ ਦੇ ਵਜਰਾ ਐਸਟ੍ਰੋਟਰਫ ਹਾਕੀ ਸਟੇਡੀਅਮ ਵਿਖੇ ਆਯੋਜਿਤ ਇੰਟਰ-ਫਾਰਮੇਸ਼ਨ ਹਾਕੀ ਚੈਂਪੀਅਨਸ਼ਿਪ ਇੱਕ ਸ਼ਾਨਦਾਰ ਸਮਾਪਤੀ ਸਮਾਰੋਹ ਦੇ ਨਾਲ ਸਮਾਪਤ ਹੋਈ।ਇਸ ਮੌਕੇ ਲੈਫਟੀਨੈਂਟ ਜਨਰਲ ਅਮਿਤ ਕਬਥਿਆਲ, ਵਾਈ ਐੱਸ ਐੱਮ, (ਜਨਰਲ ਅਫਸਰ ਕਮਾਂਡਿੰਗ, ਵਜਰਾ ਕੋਰ) ਨੇ ਸ਼ਿਰਕਤ ਕੀਤੀ। ਇਸ ਮੌਕੇ ਸੀਨੀਅਰ ਫੌਜੀ ਅਧਿਕਾਰੀ, ਉੱਘੀਆਂ ਸ਼ਖਸੀਅਤਾਂ ਅਤੇ ਪ੍ਰਸਿੱਧ ਹਾਕੀ ਖਿਡਾਰੀ ਵੀ ਸ਼ਾਮਲ ਸਨ। ਜੇਤੂ ਟੀਮ ਨੂੰ ਚੈਂਪੀਅਨਸ਼ਿਪ ਟਰਾਫੀ ਨਾਲ ਸਨਮਾਨਿਤ ਕੀਤਾ ਗਿਆ, ਜਦੋਂ ਕਿ ਟੂਰਨਾਮੈਂਟ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਸ਼ਾਨਦਾਰ ਐਥਲੀਟਾਂ ਨੂੰ ਵਿਅਕਤੀਗਤ ਪੁਰਸਕਾਰ ਦਿੱਤੇ ਗਏ।ਇਕੱਠ ਨੂੰ ਸੰਬੋਧਨ ਕਰਦੇ ਹੋਏ ਮੁੱਖ ਮਹਿਮਾਨ ਨੇ ਸਾਰੀਆਂ ਭਾਗੀਦਾਰ ਟੀਮਾਂ ਦੇ ਸਮਰਪਣ, ਲੜਾਈ ਦੀ ਭਾਵਨਾ ਅਤੇ ਮੁਕਾਬਲੇ ਦੀ ਭਾਵਨਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਖੇਡ ਸਮਾਗਮ ਸਰੀਰਕ ਤੰਦਰੁਸਤੀ, ਐਸਪ੍ਰਿਟ-ਡੀ-ਕੋਰ (ਸਮੂਹਿਕ ਭਾਵਨਾ) ਅਤੇ ਵੱਖ-ਵੱਖ ਬਣਤਰਾਂ ਵਿਚਕਾਰ ਤਾਲਮੇਲ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ, ਜੋ ਕਿ ਫੌਜੀ ਕਾਰਵਾਈਆਂ ਦੀ ਪ੍ਰਭਾਵਸ਼ੀਲਤਾ ਲਈ ਜ਼ਰੂਰੀ ਹਨ।

# ਵਿਦਿਆਰਥੀਆਂ ਨੂੰ ਕਾਪੀਆਂ ਤੇ ਸਟੇਸ਼ਨਰੀ ਵੰਡੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਬਾਜਵਾ ਸਪੋਰਟਸ ਐਂਡ ਹੈਲਪਿੰਗ ਹੈਂਡ ਕਲੱਬ ਮੋਰਿੰਡਾ ਵੱਲੋਂ ਪਿੰਡ ਬਲਦੇਵ ਨਗਰ, ਰਤਨਗੜ੍ਹ, ਬਡਵਾਲੀ, ਸ਼ਾਹਪੁਰ, ਬਹਬਲਪੁਰ, ਤਾਜਪੁਰ, ਚਲਾਕੀ ਅਤੇ ਦਾਤਾਰਪੁਰ ਆਦਿ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਕਾਪੀਆਂ ਅਤੇ ਸਟੇਸ਼ਨਰੀ ਵੰਡੀਆਂ ਗਈਆਂ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਪ੍ਰਧਾਨ ਮਨਦੀਪ ਸਿੰਘ ਬਾਜਵਾ ਨੇ ਦੱਸਿਆ ਕਿ ਪਿਛਲੇ ਸਾਲ ਦੀ ਤਰ੍ਹਾਂ



ਇਸ ਵਾਰ ਵੀ ਅਸੀਂ ਇੱਕ ਛੋਟੀ ਜਿਹੀ ਸ਼ੁਰੂਆਤ ਕੀਤੀ ਹੈ, ਜਿਸ ਤਹਿਤ ਅਸੀਂ ਉਕਤ ਪਿੰਡਾਂ ਦੇ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਕਾਪੀਆਂ ਅਤੇ ਸਟੇਸ਼ਨਰੀ ਮੁਹੱਈਆ ਕਰਵਾ ਰਹੇ ਹਾਂ।ਉਨ੍ਹਾਂ ਕਿਹਾ ਕਿ ਅਸੀਂ 8 ਸਰਕਾਰੀ ਸਕੂਲਾਂ ਦੇ 258 ਬੱਚਿਆਂ ਨੂੰ ਕਾਪੀਆਂ ਅਤੇ ਸਟੇਸ਼ਨਰੀ ਵੰਡ ਕੇ ਇਸ ਮੁਹਿੰਮ ਨੂੰ ਅੱਗੇ ਵਧਾਇਆ ਹੈ ਤੇ ਇਹ ਅੱਗੇ ਵੀ ਜਾਰੀ ਰਹੇਗੀ। ਉਨ੍ਹਾਂ ਦੱਸਿਆ ਕਿ ਕਲੱਬ ਵੱਲੋਂ ਪਿਛਲੇ ਸਾਲ ਮੋਰਿੰਡਾ ਦੇ ਕਰੀਬ 60 ਪਿੰਡਾਂ ਦੇ ਸਕੂਲਾਂ ਵਿੱਚ ਲਗਭਗ 2,500 ਬੱਚਿਆਂ ਨੂੰ ਸਟੇਸ਼ਨਰੀ ਅਤੇ ਕਾਪੀਆਂ ਵੰਡੀਆਂ ਗਈਆਂ ਸਨ।ਇਸ ਮੌਕੇ ਉਨ੍ਹਾਂ ਦੇ ਨਾਲ ਅਮਰਜੀਤ ਸਿੰਘ ਲੱਲਾ ਰੌਣੀ, ਅਰਵਿੰਦਰ ਸਿੰਘ ਬੱਬੂ, ਮਨਜੀਤ ਸਿੰਘ ਥੇਰੀ ਅਤੇ ਜਸ਼ਨ ਮੌਜੂਦ ਸਨ।ਇਸ ਦੌਰਾਨ ਅਧਿਆਪਕ ਹੈੱਡ ਟੀਚਰ ਨਿਰਮਲ ਕੌਰ, ਸ਼ਿਵਾਨੀ ਮਹਾਜਨ, ਮਨਜੀਤ ਕੌਰ, ਜੀਨਤ, ਨਿਸ਼ਾ ਸ਼ਰਮਾ, ਪੂਰਨੀਤ ਕੌਰ, ਵਿਕਰਮਜੀਤ ਸਿੰਘ, ਹਰਿੰਦਰ ਸਿੰਘ ਆਦਿ ਵੀ ਹਾਜ਼ਰ ਸਨ।ਇਸ ਮੌਕੇ ਗੁਰਜੀਤ ਸਿੰਘ ਬਿੱਟੂ, ਗੁਰਮੀਤ ਸਿੰਘ ਚੋਪੜਾ ਸਮੇਤ ਕਈ ਗਣਮਾਨਯ ਵਿਅਕਤੀ ਅਤੇ ਸਕੂਲ ਸਟਾਫ ਮੈਂਬਰ ਵੀ ਮੌਜੂਦ ਰਹੇ।

# 25 ਸਾਲ ਬਾਅਦ ਵਾਪਸ ਆਇਆ ਲਾਪਤਾ ਵਿਅਕਤੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਕਈ ਵਾਰ ਜ਼ਿੰਦਗੀ ਇਨਸਾਨ ਨੂੰ ਅਜਿਹੇ ਮੋੜ 'ਤੇ ਲਿਆ ਖੜ੍ਹੀ ਕਰਦੀ ਹੈ, ਜਿੱਥੇ ਖੁਸ਼ੀ ਦੇ ਹੰਝੂਆਂ ਨਾਲ ਦਰਦ ਦੀ ਚੁੱਪ ਵੀ ਰਲ ਜਾਂਦੀ ਹੈ। ਕਪੂਰਥਲਾ ਦੇ ਪਿੰਡ ਸ਼ਿਵ ਦਿਆਲ ਵਾਲਾ ਵਿੱਚ ਵਾਪਰੀ ਇਹ ਘਟਨਾ ਵੀ ਕੁਝ ਅਜਿਹੀ ਹੀ ਹੈ—ਇੱਕ ਪਾਸੇ 25 ਸਾਲਾਂ ਬਾਅਦ ਘਰ ਵਾਪਸ ਆਇਆ ਹੰਸਾ ਸਿੰਘ, ਤੇ ਦੂਜੇ ਪਾਸੇ ਸਮੇਂ ਦੇ ਨਾਲ ਬਦਲ ਚੁੱਕੀ ਜ਼ਿੰਦਗੀ, ਰਿਸ਼ਤੇ ਤੇ ਹਕੀਕਤ। ਮਾਨਸਿਕ ਤੌਰ 'ਤੇ ਪਰੇਸ਼ਾਨ ਰਹੇ ਹੰਸਾ ਸਿੰਘ ਜਦੋਂ 25 ਸਾਲ ਬਾਅਦ ਆਪਣੇ ਘਰ ਦੀਆਂ ਗਲੀਆਂ ਵਿੱਚ ਵਾਪਸ ਪਹੁੰਚੇ, ਤਾਂ ਉਹਨਾਂ ਲਈ ਇਹ ਸਿਰਫ਼ ਵਾਪਸੀ ਨਹੀਂ ਸੀ। ਪਰਵਾਰ ਨੇ ਸਾਲਾਂ ਪਹਿਲਾਂ ਉਨ੍ਹਾਂ ਨੂੰ ਮ੍ਰਿਤਕ ਮੰਨ ਲਿਆ ਸੀ। ਰਿਵਾਜਾਂ ਅਤੇ ਮਜ਼ਬੂਰੀਆਂ ਦੇ ਵਿਚਕਾਰ, ਪਤਨੀ ਦਾ ਵਿਆਹ ਛੋਟੇ ਭਰਾ ਨਾਲ ਕਰ ਦਿੱਤਾ ਗਿਆ। 22 ਸਾਲਾਂ ਦੀ ਇਸ ਨਵੀਂ ਜ਼ਿੰਦਗੀ ਵਿੱਚ ਉਹਨਾਂ ਦੇ ਬੱਚੇ ਵੀ ਹਨ ਤੇ ਇੱਕ ਪੂਰਾ ਪਰਵਾਰ ਖੜ੍ਹਾ ਹੋ ਚੁੱਕਾ ਹੈ।ਕਪੂਰਥਲਾ ਜ਼ਿਲ੍ਹੇ ਦੇ ਰਹਿਣ ਵਾਲੇ ਹੰਸਾ ਸਿੰਘ 25 ਸਾਲ ਪਹਿਲਾਂ ਅਚਾਨਕ ਗਾਇਬ ਹੋ ਗਏ ਸਨ। ਪਰਵਾਰ ਨੇ ਹਰ ਥਾਂ ਉਨ੍ਹਾਂ ਦੀ ਭਾਲ ਕੀਤੀ ਪਰ ਕੋਈ ਸੁੱਧ ਨਹੀਂ ਮਿਲੀ। ਤਿੰਨ ਸਾਲ ਇੰਤਜ਼ਾਰ ਕਰਨ ਤੋਂ ਬਾਅਦ ਪਰਵਾਰ ਨੇ ਉਮੀਦ ਛੱਡ ਦਿੱਤੀ ਅਤੇ ਉਨ੍ਹਾਂ ਨੂੰ ਮ੍ਰਿਤਕ ਮੰਨ ਲਿਆ। ਸਮਾਜਕ ਰਿਵਾਜਾਂ ਅਨੁਸਾਰ, ਉਨ੍ਹਾਂ ਦੀ ਪਤਨੀ ਦਾ ਵਿਆਹ ਛੋਟੇ ਭਰਾ ਨਾਲ ਕਰ ਦਿੱਤਾ ਗਿਆ। ਇਸ ਵਿਆਹ ਨੂੰ ਹੁਣ 22 ਸਾਲ ਹੋ ਚੁੱਕੇ ਹਨ ਤੇ ਦੋਹਾਂ ਦੇ ਦੋ ਬੱਚੇ ਵੀ ਹਨ। ਸਭ ਕੁਝ ਠੀਕ ਚੱਲ ਰਿਹਾ ਸੀ ਕਿ ਅਚਾਨਕ 25 ਸਾਲ ਬਾਅਦ ਹੰਸਾ ਸਿੰਘ ਵਾਪਸ ਆ ਗਏ।ਉੱਤਰ ਪ੍ਰਦੇਸ਼ ਦੇ ਨਰਥੌਰ ਦੇ ਨਵੇਂ ਬਾਜ਼ਾਰ ਵਿੱਚ ਇਕ ਵਿਅਕਤੀ ਫਟੇ ਕੱਪੜਿਆਂ ਅਤੇ ਲੰਮੀ ਦਾੜ੍ਹੀ ਨਾਲ ਭਟਕਦਾ ਮਿਲਿਆ। ਸਥਾਨਕ ਲੋਕਾਂ ਨੂੰ ਸ਼ੱਕ ਹੋਇਆ ਤੇ ਪੁਲਿਸ ਨੂੰ ਸੂਚਨਾ ਦਿੱਤੀ ਗਈ। ਥਾਣਾ ਇੰਚਾਰਜ ਰਵਿੰਦਰ ਪ੍ਰਤਾਪ ਸਿੰਘ ਮੌਕੇ 'ਤੇ ਪਹੁੰਚੇ ਅਤੇ ਉਸ ਵਿਅਕਤੀ ਨਾਲ ਗੱਲਬਾਤ ਕੀਤੀ। ਸ਼ੁਰੂ ਵਿੱਚ ਉਹ ਕੁਝ ਸਾਫ਼ ਨਹੀਂ ਦੱਸ ਸਕਿਆ, ਪਰ ਹੌਲੀ-ਹੌਲੀ ਉਸਨੇ ਆਪਣਾ ਨਾਮ ਹੰਸਾ ਸਿੰਘ ਦੱਸਿਆ।ਪੁਲਿਸ ਨੇ ਗੰਭੀਰਤਾ ਨਾਲ ਜਾਂਚ ਸ਼ੁਰੂ ਕੀਤੀ ਤੇ ਸਥਾਨਕ ਲੋਕਾਂ ਦੀ ਮਦਦ ਨਾਲ ਉਸਦੀ ਪਹਿਚਾਣ ਕਰਨ ਦੀ ਕੋਸ਼ਿਸ਼ ਕੀਤੀ। ਪੰਜਾਬ ਪੁਲਿਸ ਨਾਲ ਵੀ ਸੰਪਰਕ ਕੀਤਾ ਗਿਆ। 72 ਘੰਟਿਆਂ ਵਿੱਚ ਪਰਵਾਰਕ ਮੈਂਬਰ ਨਰਥੌਰ ਪਹੁੰਚ ਗਏ। ਪਹਿਲਾਂ ਉਹ ਉਸ ਨੂੰ ਪਛਾਣ ਨਹੀਂ ਸਕੇ ਕਿਉਂਕਿ 25 ਸਾਲਾਂ ਵਿੱਚ ਉਸ ਦਾ ਰੂਪ ਬਦਲ ਚੁੱਕਾ ਸੀ। ਪਰ ਜਦੋਂ ਭਰਾਵਾਂ ਅਤੇ ਪਿੰਡ ਦੇ ਸਰਪੰਚ ਨੇ ਬਚਪਨ ਦੀਆਂ ਯਾਦਾਂ ਅਤੇ ਘਟਨਾਵਾਂ ਬਾਰੇ ਪੁੱਛਿਆ ਤਾਂ ਉਹ ਭਾਵੁਕ ਹੋ ਗਿਆ ਤੇ ਉਸਦੀ ਅੱਖਾਂ 'ਚ ਹੰਝੂ ਆ ਗਏ। ਇਹ ਪਰਿਵਾਰ ਲਈ ਬਹੁਤ ਖੁਸ਼ੀ ਦਾ ਪਲ ਸੀ ਕਿ ਜੋ ਮੈਂਬਰ ਸਦਾ ਲਈ ਖੋ ਗਿਆ ਸੀ, ਉਹ ਵਾਪਸ ਮਿਲ ਗਿਆ। ਪਰ ਇਸ ਨਾਲ ਇੱਕ ਵੱਡੀ ਸਮੱਸਿਆ ਵੀ ਖੜ੍ਹੀ ਹੋ ਗਈ। ਸਭ ਤੋਂ ਵੱਡੀ ਚੁਣੌਤੀ ਵਿਮਲਾ ਦੇਵੀ ਸਾਹਮਣੇ ਹੈ, ਉਹ ਹੁਣ ਕਿਸ ਨੂੰ ਤਰਜੀਹ ਦੇਵੇ? ਇੱਕ ਪਾਸੇ ਉਸਦਾ ਪਹਿਲਾ ਪਤੀ ਹੰਸਾ ਸਿੰਘ ਹੈ ਜੋ 25 ਸਾਲ ਬਾਅਦ ਵਾਪਸ ਆਇਆ ਹੈ, ਦੂਜੇ ਪਾਸੇ ਸੁਖ ਸਿੰਘ ਹੈ ਜਿਸਨੇ 22 ਸਾਲ ਉਸਦਾ ਸਾਥ ਦਿੱਤਾ ਅਤੇ ਉਹਨਾਂ ਦੇ ਤਿੰਨ ਬੱਚਿਆਂ ਦਾ ਪਿਤਾ ਹੈ।ਸਭ ਤੋਂ ਦਰਦਨਾਕ ਪਲ ਉਹ ਸੀ ਜਦੋਂ ਹੰਸਾ ਸਿੰਘ ਨੂੰ ਆਪਣੀ ਪਤਨੀ ਵੱਲੋਂ ਸਵੀਕਾਰ ਨਾ ਕੀਤਾ ਗਿਆ। ਸਮੇਂ ਨੇ ਉਸਦੇ ਲਈ ਨਵਾਂ ਰਾਹ ਬਣਾਇਆ ਸੀ, ਜਿਸ ਵਿੱਚ ਹੰਸਾ ਸਿੰਘ ਲਈ ਕੋਈ ਜਗ੍ਹਾ ਨਹੀਂ ਬਚੀ ਸੀ।

# ਸਰਕਾਰ ਨੂੰ ਪੈਨਸ਼ਨਰਾਂ ਤੇ ਮੁਲਾਜ਼ਮਾਂ ਵਿਰੋਧੀ ਮਾਨਸਿਕਤਾ ਨੂੰ ਬਦਲਣ ਦੀ ਲੋੜ

**ਬੰਗਾ (ਅਵਤਾਰ ਕਲੇਰ)**- ਪੰਜਾਬ ਸਰਕਾਰ ਦੇ ਵੱਖ ਵੱਖ ਅਦਾਰਿਆਂ ਤੋਂ ਸੇਵਾ ਮੁਕਤ ਹੋਏ ਮੁਲਾਜ਼ਮਾਂ ਦੀ ਜਥੇਬੰਦੀ, ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ



ਤਹਿਸੀਲ ਬੰਗਾ ਦੀ ਮੀਟਿੰਗ ਰਾਮ ਮਿੱਤਰ ਕੋਹਲੀ ਦੀ ਪ੍ਰਧਾਨਗੀ ਹੇਠ ਸਥਾਨਕ ਬਾਬਾ ਗੋਲਾ ਪਾਰਕ ਵਿਖੇ ਕੀਤੀ ਗਈ। ਮੀਟਿੰਗ ਵਿੱਚ ਚਰਚਾ ਕਰਦਿਆਂ ਪੰਜਾਬ ਤੇ ਹਰਿਆਣਾ ਹਾਈਕੋਰਟ ਕੋਰਟ ਵੱਲੋਂ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੇ ਚਿਰਾਂ ਤੋਂ ਲਟਕਦੇ ਡੀ.ਏ. ਦੇ ਬਕਾਇਆਂ ਨੂੰ ਪ੍ਰਸ਼ਾਸਨਿਕ ਅਧਿਕਾਰੀਆਂ ਤੇ ਕੇਂਦਰੀ ਪੁਲਸ ਅਧਿਕਾਰੀਆਂ ਵਾਂਗ ਹੀ 30 ਜੂਨ ਤੱਕ ਦੇਣ ਦੇ ਹੁਕਮਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ ਗਈ ਅਤੇ ਪੰਜਾਬ ਦੀ ਮਾਨ ਸਰਕਾਰ ਨੂੰ ਅਪੀਲ ਕੀਤੀ ਕਿ ਪੈਨਸ਼ਨਰਾਂ ਤੇ ਮੁਲਾਜ਼ਮਾਂ ਨੂੰ ਬਕਾਇਆ ਤੁਰੰਤ ਦੇਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਜਾਣ।ਮੀਟਿੰਗ ਨੂੰ ਸੰਬੋਧਨ ਕਰਦਿਆਂ ਮਾ: ਗੁਰਦਿਆਲ ਸਿੰਘ ਜਗਤਪੁਰ ਨੇ ਕਿਹਾ ਕਿ ਮਾਨ ਸਰਕਾਰ ਨੂੰ ਪੈਨਸ਼ਨਰਾਂ ਤੇ ਮੁਲਾਜ਼ਮਾਂ ਵਿਰੋਧੀ ਮਾਨਸਿਕਤਾ ਬਦਲਣ ਦੀ ਜ਼ਰੂਰਤ ਹੈ। ਉਹਨਾਂ ਸਰਕਾਰ ਦੇ ਹਾਈ ਕੋਰਟ ਦੇ ਫੈਸਲੇ ਦੇ ਖਿਲਾਫ ਸੁਪਰੀਮ ਕੋਰਟ ਜਾਣ ਦੀਆਂ ਸੰਭਾਵਨਾਵਾਂ 'ਤੇ ਨੁਕਤਾਚੀਨੀ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰੀ ਬਿਲਾਸ ਨੇ ਪੰਜਾਬ ਦੇ ਸਰਕਾਰੀ ਹਸਪਤਾਲਾਂ ਤੇ ਸਕੂਲਾਂ ਵਿੱਚ ਸਟਾਫ਼ ਦੀ ਕਮੀ ਕਾਰਨ ਆਮ ਅਵਾਮ ਨੂੰ ਅਨੇਕਾਂ ਹੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਕਮਿਊਨਿਟੀ ਹੈਲਥ ਸੈਂਟਰ ਬੰਗਾ ਨੂੰ ਸਿਵਲ ਹਸਪਤਾਲ ਵਜੋਂ ਅਪ-ਗਰੇਡ ਕੀਤੇ ਰੁਤਬੇ ਨੂੰ ਬਹਾਲ ਕਰਕੇ ਹੋਰ ਡਾਕਟਰ ਤੇ ਸਟਾਫ ਭੇਜਿਆ ਜਾਵੇ ਅਤੇ ਨਵਾਂਸ਼ਹਿਰ ਵਿਖੇ ਜਲਦ ਤੋਂ ਜਲਦ ਸਰਕਾਰੀ ਮੈਡੀਕਲ ਕਾਲਜ ਨੂੰ ਉਚ ਮਿਆਰੀ ਤੇ ਆਧੁਨਿਕ ਸਹੂਲਤਾਂ ਨਾਲ ਲੈਸ ਸਰਕਾਰੀ ਪੱਧਰ 'ਤੇ ਉਸਾਰਿਆ ਜਾਵੇ ਨਾ ਕਿ ਪਬਲਿਕ ਪ੍ਰਾਈਵੇਟ ਪਾਰਟਨਰਸ਼ਿਪ ਸਮਝੌਤੇ ਰਾਹੀਂ। ਇੱਕ ਪਾਸ ਕੀਤੇ ਮਤੇ ਰਾਹੀਂ ਪੰਜਾਬ ਦੇ ਨਰਸਿੰਗ ਸਟਾਫ਼ ਦੇ ਸੰਘਰਸ਼ ਦੀ ਹਮਾਇਤ ਕਰਦਿਆਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਨਰਸਿੰਗ ਸਟਾਫ਼ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਮੰਨ ਕੇ ਮਾਹੌਲ ਨੂੰ ਸ਼ਾਂਤ ਕੀਤਾ ਜਾਵੇ। ਮੀਟਿੰਗ ਵਿੱਚ ਰਾਮ ਰਤਨ, ਪਰਮਜੀਤ ਸਿੰਘ ਜੌਹਰ, ਤਰਲੋਕ ਸਿੰਘ ਫਲੋਰਾ, ਹਰਬੰਸ ਲਾਲ, ਹਰਜੋਗ ਸਿੰਘ, ਰਾਮ ਲਾਲ ਸਿੱਧੂ, ਅਸ਼ੋਕ ਕੁਮਾਰ, ਸੋਹਣ ਸਿੰਘ, ਨਰੇਸ਼ ਕੁਮਾਰ, ਕੇਵਲ ਸਿੰਘ ਆਦਿ ਹਾਜ਼ਰ ਸਨ ।

## ਐਸ ਐਚ ਓ ਦਾ ਕਸਬਾ ਕਾਲਾ ਸੰਘਿਆਂ ਵਿਖੇ ਪਹੁੰਚਣ 'ਤੇ ਆਪ ਆਗੂਆਂ ਵੱਲੋਂ ਭਰਵਾਂ ਸਵਾਗਤ

**ਕਪੂਰਥਲਾ (ਮਨਜੀਤ ਮਾਨ)**- ਕਸਬਾ ਕਾਲਾ ਸੰਘਿਆਂ ਵਿਖੇ ਥਾਣਾ ਸਦਰ ਕਪੂਰਥਲਾ ਦੇ ਮੁਖੀ ਐਸ ਐਚ ਓ ਰਣਜੀਤ ਸਿੰਘ ਦਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਤਨਾਮ



ਸਿੰਘ ਸੰਘਾ ਦੇ ਦਫ਼ਤਰ ਵਿਖੇ ਪਹੁੰਚਣ ਤੇ ਆਪ ਆਗੂਆਂ ਵੱਲੋਂ ਗੁਲਦਸਤਾ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਐਸ ਐਚ ਓ ਰਣਜੀਤ ਸਿੰਘ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਇਲਾਕੇ ਵਿੱਚ ਸ਼ਾਂਤੀ ਬਣਾ ਕੇ ਰੱਖਣ। ਉਨ੍ਹਾਂ ਮਾੜੇ ਤੇ ਨਸ਼ੇ ਦੇ ਸਮਗਲਰਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਜਾ ਤਾਂ ਆਪਣਾ ਕਾਰੋਬਾਰ ਬੰਦ ਕਰ ਦੇਣ ਜਾਂ ਇਲਾਕਾ ਛੱਡ ਜਾਣ। ਉਨ੍ਹਾਂ ਕਿਹਾ ਮਾੜੇ ਅਨਸਰਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਮੁਲਾਜ਼ਮ ਆਗੂ ਸੰਜੀਵ ਕੌਂਡਲ, ਬਲਵਿੰਦਰ ਸਿੰਘ ਬੱਲੀ ਸਾਬਕਾ ਅੰਤਰਰਾਸ਼ਟਰੀ ਕਬੱਡੀ ਖਿਡਾਰੀ, ਹਰਵਿੰਦਰ ਸਿੰਘ ਸੰਘਾ, ਤੋਂ ਇਲਾਵਾ ਹੋਰ ਆਗੂ ਵੀ ਹਾਜ਼ਰ ਸਨ।

## 'ਵਰਸਿਟੀ ਕਾਲਜ ਵਿਖੇ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਭਾਸ਼ਣ ਮੁਕਾਬਲੇ ਕਰਵਾਏ

**ਗੁਰਾਇਆ (ਬਿੰਦਰ ਸੁਮਨ)** ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਦੀ ਅਗਵਾਈ ਹੇਠ ਅਤੇ ਐੱਨ ਐੱਸ ਐੱਸ. ਵਿਭਾਗ ਦੇ ਸਹਿਯੋਗ ਨਾਲ ਭਾਰਤੀ ਚੋਣ ਕਮਿਸ਼ਨ ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਜਲੰਧਰ, ਜ਼ਿਲ੍ਹਾ ਸਿੱਖਿਆ ਅਫ਼ਸਰ ਦੀਆਂ ਹਦਾਇਤਾਂ ਅਨੁਸਾਰ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਭਾਸ਼ਣ ਮੁਕਾਬਲੇ ਕਰਵਾਏ ਗਏ।



ਇਹ ਪ੍ਰੋਗਰਾਮ ਕਰਵਾਉਣ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਦੇਸ਼ ਦੀ ਚੋਣ ਪ੍ਰਕਿਰਿਆ ਅਤੇ ਇੱਕ-ਇੱਕ ਵੋਟ ਦੀ ਕੀਮਤ ਬਾਰੇ ਜਾਣੂ ਕਰਵਾਉਣਾ ਸੀ।ਕਾਲਜ ਦੇ ਇੰਚਾਰਜ ਜੌਹਲ ਨੇ ਕਿਹਾ ਕਿ ਨੌਜਵਾਨਾਂ ਨੂੰ ਲੋਕਤੰਤਰਿਕ ਪ੍ਰਕਿਰਿਆ ਵਿੱਚ ਸਰਗਰਮ ਬਣਾਉਣਾ ਸਮੇਂ ਦੀ ਮਹੱਤਵਪੂਰਨ ਲੋੜ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਆਪਣੇ ਅਧਿਕਾਰ ਅਤੇ ਜ਼ਿੰਮੇਵਾਰੀ ਬਾਰੇ ਜਾਗਰੂਕ ਕਰਨ ਵਿੱਚ ਮਦਦਗਾਰ ਹੁੰਦੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਵੋਟ ਦੇਣਾ ਸਿਰਫ਼ ਅਧਿਕਾਰ ਨਹੀਂ, ਸਗੋਂ ਦੇਸ਼ ਪ੍ਰਤੀ ਫ਼ਰਜ਼ ਵੀ ਹੈ।ਉਨ੍ਹਾਂ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਸਮਾਜਿਕ ਵਿਕਾਸ ਲਈ ਬਹੁਤ ਅਹਿਮ ਹਨ। ਪ੍ਰੋਗਰਾਮ ਦਾ ਆਯੋਜਨ ਐੱਨ ਐੱਸ ਐੱਸ ਕੋਆਰਡੀਨੇਟਰ ਗੌਰਵ ਸ਼ਰਮਾ ਨੇ ਕੀਤਾ।

# ਏਕ ਨੂਰ ਸੰਸਥਾ ਤੇ ਚੈਰੀਟੇਬਲ ਟਰੱਸਟ ਵੱਲੋਂ ਲਾਵਾਰਿਸ ਬੇਟੀਆਂ ਦਾ ਜਨਮ ਦਿਨ ਮਨਾਉਣ ਸੰਬੰਧੀ ਸਾਂਝੀ ਮੀਟਿੰਗ

**ਨਕੋਦਰ ( ਮਨਜੀਤ ਸਿੰਘ)**- ਸਮਾਜ ਵਲੋਂ ਦੁਰਕਾਰੀਆਂ ਅਣਇੱਛਤ ਅਤੇ ਅਣਕਿਆਸੀਆਂ ਸੈਂਕੜੇ ਬਾਲੜੀਆਂ ਜੋ ਇਸ ਵੇਲੇ ਪਲ ਰਹੀਆਂ ਹਨ ਦੁਨੀਆਂ ਦੇ ਨਿਵੇਕਲੇ ਘਰ ਯੂਨੀਕ ਹੋਮ ਜਲੰਧਰ ਵਿਖੇ



ਦੇ ਸਮੂਹਿਕ ਜਨਮ ਦਿਨ ਨੂੰ ਵਿਧੀਵਤ ਢੰਗ ਨਾਲ ਮਨਾਉਣ ਅਤੇ ਕੀਤੇ ਜਾਣ ਵਾਲੇ ਪ੍ਰਬੰਧਾਂ 'ਤੇ ਵਿਚਾਰ ਚਰਚਾ ਕਰਨ ਹਿੱਤ ਪੰਜਾਬ ਦੀ ਨਾਮੀ ਸੰਸਥਾ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਦੇ ਚੇਅਰਮੈਨ ਇੰਦਰਜੀਤ ਸਿੰਘ ਵਾਰੀਆ, ਸੀਨੀਅਰ ਉਪ ਚੇਅਰਮੈਨ ਤਰਲੋਚਨ ਸਿੰਘ ਵਾਰੀਆ ਅਤੇ ਭਾਈ ਘਨ੍ਹਈਆ ਜੀ ਚੈਰੀਟੇਬਲ ਟਰੱਸਟ ਜਲੰਧਰ ਦੀ ਮੁੱਖ ਸੰਚਾਲਿਕਾ ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਅਤੇ ਮੈਡਮ ਮਨਜੀਤ ਕੌਰ ਦੀ ਰਹਿਨੁਮਾਈ ਹੇਠ ਦੋਵਾਂ ਸੰਸਥਾਵਾਂ ਦੀ ਇਕ ਸਾਂਝੀ ਮੀਟਿੰਗ ਹੋਈ। ਜਿਸ ਵਿਚ ਸੰਸਥਾਵਾਂ ਦੇ ਸੀਨੀਅਰ ਅਹੁਦੇਦਾਰ, ਟਰੱਸਟੀਆਂ ਅਤੇ ਮੈਂਬਰਾਨ ਨੇ ਹਿਸਾ ਲਿਆ। ਮੀਟਿੰਗ ਦੌਰਾਨ ਵਿਚਾਰਾਂ ਕਰਦਿਆਂ ਸੰਸਥਾ ਦੇ ਚੇਅਰਮੈਨ ਇੰਦਰਜੀਤ ਸਿੰਘ ਵਾਰੀਆ ਅਤੇ ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਨੇ ਦੱਸਿਆ ਕਿ ਅੱਜ ਵੀ ਇਸਤਰੀ ਸਮਾਜ ਖਾਸ ਕਰਕੇ ਸਾਡੀਆਂ ਬਾਲੜੀਆਂ ਨੂੰ ਗਾਹੇ ਵਗਾਹੇ ਨਜ਼ਰ ਅੰਦਾਜ਼ ਕੀਤਾ ਜਾ ਰਿਹਾ ਹੈ।ਇਸ ਦੀ ਜਿਉਂਦੀ ਜਾਗਦੀ ਮਿਸਾਲ ਯੂਨੀਕ ਹੋਮ ਜਲੰਧਰ ਵਿਖੇ ਪਲ ਰਹੀਆਂ ਉਹ ਸੈਂਕੜੇ ਬੇਟੀਆਂ ਹਨ ਜਿਨਾਂ ਨੂੰ ਆਪਣੇ ਰਹਿਮੋ ਕਰਮ 'ਤੇ ਸਮਾਜ ਨੇ ਸੁੱਟ ਦਿੱਤਾ। ਮੀਟਿੰਗ ਦੌਰਾਨ ਲਏ ਫੈਸਲਿਆਂ ਦੀ ਪ੍ਰੈਸ ਨੂੰ ਜਾਣਕਾਰੀ ਸਾਂਝੀ ਕਰਦਿਆਂ ਸੰਸਥਾ ਦੇ ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ, ਸੰਸਥਾ ਦੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ, ਪ੍ਰਧਾਨ ਪ੍ਰਮਜੀਤ ਸਿੰਘ ਸੂਰਾਪੁਰ ਅਤੇ ਉਪ ਚੇਅਰਮੈਨ ਸੰਦੀਪ ਕੁਮਾਰ ਗੌੜ ਨੇ ਆਖਿਆ ਕਿ 24 ਅਪ੍ਰੈਲ ਨੂੰ ਯੂਨੀਕ ਹੋਮ ਜਲੰਧਰ ਵਿਖੇ ਪਲ ਰਹੀਆਂ ਬਾਲੜੀਆਂ ਨੂੰ ਸਮਾਜ ਵਿਚ ਬਣਦਾ ਮਾਣ ਸਤਿਕਾਰ ਦੇਣ ਅਤੇ ਉਹਨਾਂ ਦੇ ਵਧੀਆ ਭਵਿੱਖ ਲਈ ਦੁਪਹਿਰ 2 ਤੋ 7 ਵਜੇ ਤੱਕ ਸਮੂਹਿਕ ਪੱਧਰ 'ਤੇ ਇਕ ਵਿਸ਼ਾਲ ਸਮਾਗਮ ਕਰਕੇ ਜਨਮ ਦਿਨ ਮਨਾਇਆ ਜਾਵੇਗਾ। ਹੋਰਨਾਂ ਤੋਂ ਇਲਾਵਾ ਮੀਟਿੰਗ ਵਿੱਚ ਸ਼ਿਰਕਤ ਕਰਨ ਵਾਲਿਆਂ ਵਿਚ ਸੰਸਥਾ ਦੇ ਸਰਪ੍ਰਸਤ ਬਲਵੀਰ ਸਿੰਘ ਐਕਸ ਆਰਮੀ ਸਾਹਿਬ, ਉਪ ਚੇਅਰਮੈਨ ਪਰਵਿੰਦਰ ਸਿੰਘ ਰਾਣਾ, ਪ੍ਰੋ ਚਰਨਜੀਤ ਸਿੰਘ ਪੋਸੀ, ਡਾ. ਕੁਲਦੀਪ ਰਾਜ ਬੰਗਾ, ਉਪ ਪ੍ਰਧਾਨ ਸਤੀਸ਼ ਕੁਮਾਰ ਐਮਾਂ ਜੱਟਾਂ, ਸੰਸਥਾ ਦੇ ਮੀਡੀਆ ਹਰਜੀਤ ਸਿੰਘ ਜੀਤਾ, ਜਤਿੰਦਰਪਾਲ ਸਿੰਘ ਸੂਰਾਪੁਰ, ਪ੍ਰੈਸ ਸਕੱਤਰ ਹਰਪ੍ਰੀਤ ਸਿੰਘ ਪਠਲਾਵਾ,ਜੀ ਚੰਨੀ ਪਠਲਾਵਾ, ਧਾਰਮਿਕ ਵਿੰਗ ਦੇ ਮੁਖੀ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ ਅਤੇ ਨਿਹੰਗ ਫੌਜਾਂ, ਯੂਨੀਕ ਹੋਮ ਜਲੰਧਰ ਤੋਂ ਡਾ ਅੰਜਲੀ, ਸ੍ਰੀਮਤੀ ਤਨੂੰ ਖੱਖ, ਸੇਵਾਮੁਕਤ ਪ੍ਰਿੰਸੀਪਲ ਸਤਵਿੰਦਰ ਕੌਰ, ਮੈਡਮ ਰਣਜੀਤ ਕੌਰ, ਡਾ. ਗੁਰਮੀਤ ਕੌਰ, ਸੁਰਜੀਤ ਸਿੰਘ ਅਤੇ ਹੋਰ ਮੈਂਬਰ ਹਾਜ਼ਰ ਸਨ।

# ਸੀ ਟੀ ਗਰੁੱਪ ਵੱਲੋਂ ਧੰਨਵਾਦ ਸਮਾਗਮ 'ਚ ਕਰਮਚਾਰੀ ਸਨਮਾਨਤ




**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਵੱਲੋਂ ਆਪਣਾ ਸਾਲਾਨਾ ਧੰਨਵਾਦ ਸਮਾਗਮ 'ਆਭਾਰ 2026' ਸੀ ਟੀ ਯੂਨੀਵਰਸਿਟੀ ਵਿੱਚ ਬੜੀ ਧੂਮਧਾਮ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ 1000 ਤੋਂ ਵੱਧ ਕਰਮਚਾਰੀਆਂ ਨੇ ਸ਼ਮੂਲੀਅਤ ਕਰਦੇ ਹੋਏ ਏਕਤਾ, ਮਿਹਨਤ ਅਤੇ ਸਾਂਝੀ ਕਾਮਯਾਬੀ ਦਾ ਜਸ਼ਨ ਮਨਾਇਆ।ਇਹ ਮੌਕਾ ਉਹਨਾਂ ਕਰਮਚਾਰੀਆਂ ਨੂੰ ਸਮਰਪਿਤ ਸੀ, ਜਿਨ੍ਹਾਂ ਨੇ ਸਾਲਾਂ ਦੀ ਲਗਨ ਅਤੇ ਮਿਹਨਤ ਨਾਲ ਸੰਸਥਾ ਦੀ ਤਰੱਕੀ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। 3+, 5+, 10+, 15+, 20+ ਅਤੇ 25+ ਸਾਲਾਂ ਦੀ ਸੇਵਾ ਪੂਰੀ ਕਰਨ ਵਾਲੇ ਕਰਮਚਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। 150 ਤੋਂ ਵੱਧ ਕਰਮਚਾਰੀਆਂ ਦਾ ਸਨਮਾਨ ਸਮਾਗਮ ਦਾ ਸਭ ਤੋਂ ਭਾਵੁਕ ਅਤੇ ਮਾਣਯੋਗ ਪਲ ਬਣਿਆ, ਜਿਸ ਨੇ ਸੰਸਥਾ ਦੇ ਭਰੋਸੇ ਅਤੇ ਸਮਰਪਣ ਦੀ ਮਜ਼ਬੂਤ ਨੀਂਹ ਨੂੰ ਦਰਸਾਇਆ।ਮੁੱਖ ਮਹਿਮਾਨ ਵਜੋਂ ਬ੍ਰਿਗੇਡੀਅਰ ਪਰਮਜੀਤ ਸਿੰਘ ਚੀਮਾ ਦੀ ਹਾਜ਼ਰੀ ਨੇ ਸਮਾਗਮ ਨੂੰ ਹੋਰ ਵੀ ਸ਼ਾਨ ਬਖ਼ਸ਼ੀ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਸੰਸਥਾ ਦੀ ਦੂਰਦਰਸ਼ੀ ਸੋਚ ਅਤੇ ਕਰਮਚਾਰੀਆਂ ਦੀ ਇਕਜੁੱਟ ਮਿਹਨਤ ਦੀ ਭਰਪੂਰ ਪ੍ਰਸ਼ੰਸਾ ਕੀਤੀ।ਸੱਭਿਆਚਾਰਕ ਰੰਗਾਂ ਨਾਲ ਰੰਗੇ ਇਸ ਸਮਾਗਮ ਵਿੱਚ ਵੱਖ-ਵੱਖ ਕੈਂਪਸਾਂ ਦੇ ਕਰਮਚਾਰੀਆਂ ਨੇ ਭੰਗੜਾ, ਨਾਟਕ ਅਤੇ ਫੈਸ਼ਨ ਸ਼ੋਅ ਰਾਹੀਂ ਦਰਸ਼ਕਾਂ ਨੂੰ ਮੋਹ ਲਿਆ। ਇਹ ਪ੍ਰਸਤੁਤੀਆਂ ਸੰਸਥਾ ਦੇ ਰਚਨਾਤਮਕ ਅਤੇ ਉਤਸ਼ਾਹ ਭਰੇ ਮਾਹੌਲ ਦੀ ਸੁੰਦਰ ਝਲਕ ਸਨ।

## ਐਡਵੋਕੇਟ ਚੰਦੀ ਦਾ ਕਸਬਾ ਕਾਲਾ ਸੰਘਿਆਂ ਵਿਖੇ ਪਹੁੰਚਣ 'ਤੇ ਭਰਵਾਂ ਸਵਾਗਤ

**ਕਪੂਰਥਲਾ (ਮਨਜੀਤ ਮਾਨ)** ਜ਼ਿਲ੍ਹਾ ਕਪੂਰਥਲਾ ਦੇ ਇਤਿਹਾਸਕ ਕਸਬਾ ਕਾਲਾ ਸੰਘਿਆਂ ਆਮ ਆਦਮੀ ਪਾਰਟੀ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਤਨਾਮ ਸਿੰਘ ਸੰਘਾ ਬਲਾਕ, ਪ੍ਰਧਾਨ ਵਿਜੈ ਕੁਮਾਰ, ਜਗਰੂਪ ਸਿੰਘ, ਦਲਵੀਰ ਸਿੰਘ ਰਾਣਾ, ਪਰਮਜੀਤ ਸਿੰਘ ਖਾਲਸਾ, ਨਰਿੰਦਰ ਸਿੰਘ ਸੰਘਾ, ਗੁਰਮੁਖ ਸਿੰਘ, ਰਾਕੇਸ਼ ਗਿੱਲ ਦੀ ਅਗਵਾਈ ਹੇਠ ਕੀਤੀ ਗਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਕਰਮਵੀਰ ਸਿੰਘ



ਚੰਦੀ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਐਡਵੋਕੇਟ ਕਰਮਵੀਰ ਸਿੰਘ ਚੰਦੀ ਨੇ ਕਿਹਾ ਕਿ ਉਨ੍ਹਾਂ ਵੱਲੋਂ ਅੱਜ ਕਸਬਾ ਕਾਲਾ ਸੰਘਿਆਂ ਤੇ ਆਲਮਗੀਰ ਤੇ ਆਸ ਪਾਸ ਦੇ ਪਿੰਡਾਂ ਦੇ ਆਗੂਆਂ ਤੇ ਵਰਕਰਾਂ ਨਾਲ ਵਿਸ਼ੇਸ਼ ਮਿਲਣੀਆਂ ਕੀਤੀਆ ਜਾ ਰਹੀਆ ਹਨ। ਐਡਵੋਕੇਟ ਕਰਮਵੀਰ ਸਿੰਘ ਚੰਦੀ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਕਪੂਰਥਲਾ ਇਸ ਮੌਕੇ ਸੀਨੀਅਰ ਆਗੂ ਸਤਨਾਮ ਸਿੰਘ ਸੰਘਾ, ਮੁਲਾਜ਼ਮ ਆਗੂ ਸੰਜੀਵ ਕੌਂਡਲ, ਜਗਰੂਪ ਸਿੰਘ, ਨਰਿੰਦਰ ਸਿੰਘ ਸੰਘਾ ਕੋਆਰਡੀਨੇਟਰ ਕਿਸਾਨ ਵਿੰਗ ਕਪੂਰਥਲਾ, ਵਿਜੇ ਅਰੋੜਾ ਬਲਾਕ ਪ੍ਰਧਾਨ, ਦਲਵੀਰ ਸਿੰਘ ਰਾਣਾ ਸੁਨੜਵਾਲ, ਦਲਵਿੰਦਰ ਸਿੰਘ ਸਰਪੰਚ ਨੱਥੂਚਾਹਲ, ਡਾਕਟਰ ਬਲਰਾਮ ਸ਼ਰਮਾ ਉਰਫ਼ ਡਾਕਟਰ ਕਿੰਦੀ, ਗੁਰਮੁਖ ਸਿੰਘ, ਰਾਕੇਸ਼ ਗਿੱਲ, ਹਰਵਿੰਦਰ ਸਿੰਘ, ਭੁਪਿੰਦਰ ਸਿੰਘ, ਬਲਰਾਜ ਸਿੰਘ ਬੱਲੀ ਤੋਂ ਇਲਾਵਾ ਆਗੂ ਤੇ ਵਰਕਰ ਇਸ ਮੌਕੇ ਹਾਜ਼ਰ ਸਨ।

# ਰਾਜ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਸੋਧ ਪ੍ਰਕਿਰਿਆ ਸ਼ੁਰੂ

**ਬੰਗਾ (ਅਵਤਾਰ ਕਲੇਰ)**- ਰਾਜ ਚੋਣ ਕਮਿਸ਼ਨ ਨੇ ਵੋਟਰ ਸੂਚੀਆਂ ਦੀ ਸੋਧ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਸਾਰੇ ਡਿਪਟੀ ਕਮਿਸ਼ਨਰਾਂ-ਕਮ-ਜ਼ਿਲ੍ਹਾ ਚੋਣ ਅਧਿਕਾਰੀਆਂ ਨੂੰ 9 ਨਗਰ ਨਿਗਮਾਂ (ਬਰਨਾਲਾ, ਬਠਿੰਡਾ, ਅਬੋਹਰ, ਬਟਾਲਾ, ਹੁਸ਼ਿਆਰਪੁਰ, ਕਪੂਰਥਲਾ, ਮੋਗਾ, ਐਸ.ਏ.ਐਸ. ਨਗਰ ਅਤੇ ਪਠਾਨਕੋਟ) ਅਤੇ 104 ਨਗਰ ਕੌਂਸਲਾਂ/ਨਗਰ ਪੰਚਾਇਤਾਂ ਲਈ ਹੋਣ ਵਾਲੀਆਂ ਆਮ/ਜ਼ਿਮਨੀ ਚੋਣਾਂ ਦੇ ਸੰਬੰਧ ਵਿੱਚ ਵੀ ਅਜਿਹਾ ਹੀ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ ਅਵਨੀਤ ਕੌਰ ਨੇ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਕੋਲ ਉਪਲਬਧ ਨਵੀਨਤਮ ਵੋਟਰ ਸੂਚੀਆਂ ਜ਼ਿਲ੍ਹਿਆਂ ਨੂੰ ਪ੍ਰਦਾਨ ਕੀਤੀਆਂ ਗਈਆਂ ਹਨ। ਜਿਸ ਦੇ ਆਧਾਰ 'ਤੇ ਵੱਖ-ਵੱਖ ਨਗਰ ਪਾਲਿਕਾਵਾਂ ਦੀਆਂ ਵੋਟਰ ਸੂਚੀਆਂ ਜਿੱਥੇ ਚੋਣਾਂ ਹੋਣੀਆਂ ਹਨ। ਸਥਾਨਕ ਸਰਕਾਰਾਂ ਵਿਭਾਗ ਦੁਆਰਾ ਅੰਤਿਮ ਰੂਪ ਦਿੱਤੇ ਗਏ ਅਤੇ ਸੂਚਿਤ ਕੀਤੇ ਗਏ ਹੱਦਬੰਦੀ ਸਥਿਤੀ ਨੂੰ ਧਿਆਨ ਵਿੱਚ



ਰੱਖਦੇ ਹੋਏ ਤਿਆਰ ਕੀਤੀਆਂ ਜਾਣਗੀਆਂ। ਸਬੰਧਤ ਨਗਰ ਪਾਲਿਕਾਵਾਂ ਦੇ ਅਧਿਕਾਰ ਖੇਤਰ ਵਿੱਚ ਆਉਣ ਵਾਲੇ ਯੋਗ ਵੋਟਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਡਰਾਫਟ ਵੋਟਰ ਸੂਚੀ ਵਿੱਚ ਆਪਣੇ ਨਾਮ ਅਤੇ ਵੇਰਵਿਆਂ ਦੀ ਪੁਸ਼ਟੀ ਕਰਨ ਜੋ 15 ਅਪ੍ਰੈਲ ਨੂੰ ਸਬੰਧਤ ਜ਼ਿਲ੍ਹਿਆਂ ਦੀ ਵੈੱਬਸਾਈਟ 'ਤੇ ਪਾਈ ਜਾਵੇਗੀ। ਕਮਿਸ਼ਨ ਨੇ ਕਾਨੂੰਨੀ ਤੌਰ 'ਤੇ ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਲਈ 7 ਦਿਨ ਨਿਰਧਾਰਤ ਕੀਤੇ ਹਨ, ਯਾਨੀ 17 ਅਪ੍ਰੈਲ ਤੋਂ 23 ਅਪ੍ਰੈਲ (ਦੋਵੇਂ ਦਿਨ ਸ਼ਾਮਲ ਹਨ)। ਇਸ ਤੋਂ ਇਲਾਵਾ ਸਾਰੇ ਡਿਪਟੀ ਕਮਿਸ਼ਨਰਾਂ ਨੂੰ 20 ਅਪ੍ਰੈਲ ਅਤੇ 21 ਅਪ੍ਰੈਲ ਨੂੰ ਵੋਟਰ ਨਾਮਾਂਕਣ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।ਦਾਅਵਿਆਂ ਅਤੇ ਇਤਰਾਜ਼ਾਂ ਜੇਕਰ ਕੋਈ ਹਨ ਦਾ ਨਿਪਟਾਰਾ 30 ਅਪ੍ਰੈਲ ਤੱਕ ਪੂਰਾ ਕੀਤਾ ਜਾਵੇਗਾ। ਅੰਤਿਮ ਵੋਟਰ ਸੂਚੀ 05 ਮਈ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ ਅਤੇ ਜ਼ਿਲ੍ਹਿਆਂ ਦੀਆਂ ਵੈੱਬਸਾਈਟਾਂ 'ਤੇ ਵੀ ਉਪਲਬਧ ਹੋਵੇਗੀ। ਨਵੇਂ ਵੋਟਰਾਂ ਨੂੰ ਨਾਮਾਂਕਣ ਲਈ ਯੋਗਤਾ ਮਿਤੀ 23 ਅਪ੍ਰੈਲ ਨਿਰਧਾਰਤ ਕੀਤੀ ਗਈ ਹੈ, ਭਾਵ ਕੋਈ ਵੀ ਵਿਅਕਤੀ ਜੋ 23 ਅਪ੍ਰੈਲ ਨੂੰ 18 ਸਾਲ ਦੀ ਉਮਰ ਪ੍ਰਾਪਤ ਕਰੇਗਾ, ਆਪਣੇ ਆਪ ਨੂੰ ਨਾਮਾਂਕਣ ਕਰਵਾਉਣ ਦੇ ਯੋਗ ਹੋਵੇਗਾ।ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਲਈ ਫਾਰਮ (ਫਾਰਮ-7, 8 ਅਤੇ 9) ਸਬੰਧਤ ਐਸ ਡੀ ਐਮ-ਕਮ-ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਦੇ ਦਫ਼ਤਰ ਵਿੱਚ ਉਪਲਬਧ ਹੋਣਗੇ। ਇਸਦੀ ਇੱਕ ਕਾਪੀ ਕਮਿਸ਼ਨ ਦੀ ਵੈੱਬਸਾਈਟ <sec.punjab.gov.in ਤੋਂ ਵੀ ਡਾਊਨਲੋਡ ਕੀਤੀ ਜਾ ਸਕਦੀ ਹੈ ਅਤੇ ਫਿਰ ਇਸ ਨੂੰ ਪੂਰੀ ਤਰ੍ਹਾਂ ਭਰ ਕੇ ਸਬੰਧਤ ਐਸ ਡੀ ਐਮ-ਕਮ-ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਨੂੰ ਜਮ੍ਹਾਂ ਕਰਵਾਈ ਜਾ ਸਕਦੀ ਹੈ।

# ਸੀ ਪੀ ਆਈ ਐੱਮ ਦੀ ਮੀਟਿੰਗ 'ਚ ਈਰਾਨੀ ਲੋਕਾਂ ਨਾਲ ਕੀਤਾ ਇਕਮੁੱਠਤਾ ਦਾ ਪ੍ਰਗਟਾਵਾ

**ਨੰਗਲ (ਸੁਰਜੀਤ ਢੇਰ)**- ਇੱਥੇ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਤਹਿਸੀਲ ਕਮੇਟੀ ਨੰਗਲ ਦੀ ਮੀਟਿੰਗ ਭੜੋਲੀਆਂ ਭਵਨ ਵਿਖੇ ਵਿਸ਼ਾਲ ਸ਼ੈਲੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਹਾਜ਼ਰ ਸਾਥੀਆਂ ਨੇ ਅਮਰੀਕਾ ਵੱਲੋਂ ਇਰਾਨ ਤੇ ਕੀਤੇ ਗਏ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਮੀਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਇਰਾਨ ਵਿੱਚ ਜੰਗ ਦੌਰਾਨ ਮਾਰੇ ਗਏ ਲੋਕਾਂ ਨੂੰ ਦੋ ਮਿੰਟ ਦਾ ਮੋਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ। ਮੀਟਿੰਗ ਵਿੱਚ ਪਾਰਟੀ ਦੀ ਨਵੀਨੀਕਰਨ ਮੁਹਿੰਮ ਨੂੰ ਤੇਜ਼ ਕਰਨ ਦਾ ਫੈਸਲਾ ਕੀਤਾ ਗਿਆ। ਹਰ ਯੂਨਿਟ ਵਿੱਚ ਜਾ ਕੇ ਮੀਟਿੰਗ ਕਰਾ ਕੇ ਸਾਥੀਆਂ ਨੂੰ ਪਾਰਟੀ ਨਾਲ ਜੋੜਿਆ ਜਾਵੇਗਾ। ਮੀਟਿੰਗ ਵਿੱਚ ਭੜੋਲੀਆਂ ਭਵਨ ਦੀ ਦੂਜੀ ਮੰਜ਼ਿਲ ਦੇ ਹਾਲ ਉਸਾਰੀ ਦੀ ਸਬੰਧ ਵਿੱਚ ਵੀ ਸਾਥੀਆਂ ਨੇ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ 'ਤੇ



ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸੀ ਪੀ ਆਈ ਐਮ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਤਹਿਸੀਲ ਸਕੱਤਰ ਸਤਨਾਮ ਸਿੰਘ ਨੇ ਕਿਹਾ ਕਿ ਅਮਰੀਕਾ ਦੁਨੀਆਂ ਦੇ ਕੁਦਰਤੀ ਭੰਡਾਰਾਂ ਤੇ ਕਬਜ਼ਾ ਕਰਕੇ ਆਪਣੀ ਹੈਂਕੜਬਾਜ਼ੀ ਦਿਖਾਉਣਾ ਚਾਹੁੰਦਾ ਹੈ। ਇਰਾਨ ਤੇ ਕੀਤੇ ਹਮਲਿਆਂ ਨੂੰ ਕਿਸੇ ਤਰ੍ਹਾਂ ਵੀ ਸਹੀ ਨਹੀਂ ਠਹਿਰਾਇਆ ਜਾ ਸਕਦਾ ਹੈ। ਸਗੋਂ ਇਰਾਨੀ ਲੋਕਾਂ ਦਾ ਵੱਡੇ ਪੱਧਰ ਤੇ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਨੇ ਨੁਕਸਾਨ ਕੀਤਾ ਹੈ। ਇਸ ਤੋਂ ਪਹਿਲਾਂ ਇਜਰਾਇਲ ਨਾਲ ਮਿਲ ਕੇ ਫਲਸਤੀਨ ਗਾਜ਼ਾ ਲੋਕਾਂ ਨੂੰ ਵੀ ਮੌਤ ਦੇ ਘਾਟ ਉਤਾਰਿਆ ਗਿਆ। ਕਮਿਊਨਿਸਟ ਆਗੂਆਂ ਨੇ ਅਮਰੀਕਾ ਦੀ ਇਸ ਹੈਂਕੜਬਾਜ਼ੀ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਅਤੇ ਦੇਸ਼ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਰਾਨ ਨਾਲ ਇੱਕਮੁੱਠਤਾ ਦਾ ਪ੍ਰਗਟਾਵਾ ਕਰਨ।ਮੀਟਿੰਗ ਵਿੱਚ ਸੁਖਦੇਵ ਸਿੰਘ ਨੰਗਲ, ਪ੍ਰਿੰਸੀਪਲ ਰਾਜੀਵ ਮੇਜਰ, ਪ੍ਰਿੰਸੀਪਲ ਕੁਲਵੰਤ ਪਾਠਕ, ਦਿਲਬਾਗ ਸਿੰਘ ਰਾਣਾ, ਰਘਵੀਰ ਸਿੰਘ ਨੰਬਰਦਾਰ, ਰਕੇਸ਼ ਬਾਲੀ ਕਲਸੇੜਾ, ਟੇਕ ਚੰਦ ਭੱਲੜੀ, ਤਰਸੇਮ ਸੁਖਸਾਲ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਹਰੀ ਚੰਦ ਸੋਨੀ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀ ਭੇਟ





**ਨੰਗਲ (ਸੁਰਜੀਤ ਢੇਰ)**- ਨਜ਼ਦੀਕੀ ਪਿੰਡ ਬੰਦਲੈਹੜੀ ਦੇ ਸਮਾਜ ਸੇਵੀ ਹਰੀ ਚੰਦ ਸੋਨੀ (72) ਦੀ ਰਸਮ ਪਗੜੀ ਲਛਮੀ ਨਰਾਇਣ ਮੰਦਰ ਨੰਗਲ ਟਾਊਨਸ਼ਿਪ ਵਿਖੇ ਹੋਈ। ਇਸ ਮੌਕੇ ਤੇ ਵੱਖ ਵੱਖ ਆਗੂਆਂ, ਸਮਾਜਸੇਵੀ ਧਾਰਮਿਕ ਲੋਕਾਂ ਨੇ ਸਰਧਾਂਜਲੀ ਭੇਟ ਕੀਤੀ।ਉਹਨਾਂ ਦੀ ਮੌਤ ਨਾਲ ਇਲਾਕੇ ਨੂੰ ਭਾਰੀ ਘਾਟਾ ਪਿਆ। ਇਸ ਮੌਕੇ ਤੇ ਡਾਕਟਰ ਰਵਿੰਦਰ ਦੀਵਾਨ, ਪ੍ਰਦੀਪ ਸੋਨੀ, ਰਾਜੀਵ ਛਾਬੜਾ, ਕਾਮਰੇਡ ਸੁਰਜੀਤ ਸਿੰਘ ਢੇਰ, ਪੁਲਿਸ ਮੁਖੀ ਸਿਮਰਨਜੀਤ ਸਿੰਘ, ਇੰਸਪੈਕਟਰ ਸੰਨੀ ਖੰਨਾ, ਇੰਸਪੈਕਟਰ ਦਨਿਸ਼ਵੀਰ ਸਿੰਘ, ਸਰਪੰਚ ਭਗਵੰਤ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਸਪਾਲ ਸਿੰਘ ਢਾਹੇ, ਪੰਮੂ ਢਿੱਲੋ ਸਰਪੰਚ, ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ, ਸਰਪੰਚ ਅਮਰੀਕ ਸਿੰਘ, ਸਤੀਸ਼ ਕੁਮਾਰ, ਕੌਂਸਲ ਦੇ ਸਾਬਕਾ ਪ੍ਰਧਾਨ ਰਾਜੇਸ਼ ਚੌਧਰੀ, ਨਿਰਮਲ ਸਿੰਘ, ਜਗਤਾਰ ਸਿੰਘ ਬ੍ਰਹਮਪੁਰ, ਪਵਨ ਕੁਮਾਰ, ਪੀਰ ਮੁਹੰਮਦ ਖਾਂਨ, ਸੁਮਿਤ ਸ਼ਰਮਾ, ਗਵਰਨਰ ਸੋਨੀ, ਸਤੀਸ਼ ਚੋਪੜਾ, ਜਰਨੈਲ ਸਿੰਘ ਸੰਧੂ, ਰਕੇਸ਼ ਰਾਣਾ ਸਮੇਤ ਹੋਰ ਆਗੂਆਂ ਨੇ ਸ਼ਰਧਾਂਜਲੀ ਭੇਟ ਕੀਤੀ। ਉਹ ਆਪਣੇ ਪਿੱਛੇ ਵਿਧਵਾ ਪਤਨੀ ਸਨੇਹ ਲਤਾ, ਪੁੱਤਰ ਰਜੇਸ਼ ਸੋਨੀ, ਮਨੀਸ਼ ਸੋਨੀ, ਇੱਕ ਪੁੱਤਰੀ ਸਮੇਤ ਹੱਸਦਾ ਵੱਸਦਾ ਵੱਡਾ ਪਰਵਾਰ ਛੱਡ ਗਏ।

# ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਪ੍ਰਤਿਮਾ ਦੀ ਸਥਾਪਨਾ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਭਗਵਾਨ ਵਾਲਮੀਕ ਮੰਦਰ ਹੁਸ਼ਿਆਰਪੁਰ ਰੋਡ ਮਾਹਿਲਪੁਰ ਵਿਖੇ ਅੱਜ ਭਗਵਾਨ ਵਾਲਮੀਕ ਮੰਦਰ ਕਮੇਟੀ ਦੇ ਪ੍ਰਧਾਨ ਬਲਵਿੰਦਰ ਮਰਵਾਹਾ ਐਮ.ਸੀ ਦੀ ਯੋਗ ਅਗਵਾਈ ਹੇਠ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੀ ਪ੍ਰਤਿਮਾ ਦੀ ਸਥਾਪਨਾ ਕੀਤੀ ਗਈ। ਇਸ ਮੌਕੇ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਵਿਧਾਇਕ ਹਲਕਾ ਗੜ੍ਹਸ਼ੰਕਰ, ਡਾਕਟਰ ਈਸ਼ਾਂਕ ਕੁਮਾਰ ਵਿਧਾਇਕ ਹਲਕਾ ਚੱਬੇਵਾਲ, ਸੀਮਾ ਰਾਣੀ ਬੋਧ ਪ੍ਰਧਾਨ ਮਾਤਾ ਰਾਮਾ ਬਾਈ ਇਸਤਰੀ ਜਾਗਰਤੀ ਮੰਚ, ਜਨਰਲ ਸਕੱਤਰ ਜਗਤਾਰ ਸਿੰਘ ਸਾਬਕਾ ਐਸ.ਡੀ.ਓ ਬਿਜਲੀ ਬੋਰਡ, ਸੁਮੀਤਾ, ਕੁਲਵੰਤ ਭੂੰਨੋ ਜਨਰਲ ਸਕੱਤਰ ਅੰਬੇਡਕਰ ਸੈਨਾ, ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ, ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣੁ ਕੁਟੀਆ ਮਾਹਿਲਪੁਰ, ਸਰਿਤਾ ਸ਼ਰਮਾ, ਡਾਕਟਰ ਕੁਲਵਿੰਦਰ ਬਿੱਟੂ, ਡਾਕਟਰ ਰਚਿਤ ਆਦੀਆ, ਗੁਰਲਾਲ ਸੈਲਾ, ਸੁਖਵਿੰਦਰ ਸਿੰਘ ਰਾਣੀਪੁਰ, ਬਲਜਿੰਦਰ ਗੀਹਲਾ, ਮਨੀ, ਅਮਿਤ ਕੁਮਾਰ, ਇੰਦਰਪ੍ਰੀਤ, ਗੁਰਦੀਪ ਕਾਂਗੜ, ਗੀਟਾ ਰਾਣੀ, ਦਵਿੰਦਰ ਸਿੰਘ ਸੈਣੀ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ, ਲੱਕੀ ਹੱਲੂਵਾਲ, ਮੈਨੇਜਰ ਪ੍ਰਣਾਮ ਸਿੰਘ, ਸ਼ਾਦੀ ਲਾਲ, ਵਿੱਕੀ ਅਗਨੀਹੋਤਰੀ, ਐਮ.ਸੀ ਬਲਦੇਵ



ਸਿੰਘ, ਸੁਰਿੰਦਰ ਸ਼ਰਮਾ, ਜੀਵਨ ਕੁਮਾਰੀ, ਕਿਸਾਨ ਆਗੂ ਤਲਵਿੰਦਰ ਸਿੰਘ ਹੀਰ, ਸਮੇਤ ਅੰਬੇਡਕਰੀ ਸੰਸਥਾਵਾਂ ਦੇ ਆਗੂ ਅਤੇ ਸਮਰਥਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਲੰਗਰ ਅਤੁੱਟ ਚੱਲੇ। ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੀ ਪ੍ਰਤਿਮਾ ਦੀ ਸਥਾਪਨਾ ਤੋਂ ਪਹਿਲਾਂ ਭਗਵਾਨ ਵਾਲਮੀਕ ਮੰਦਰ ਸੋਸਾਇਟੀ ਦੇ ਪ੍ਰਧਾਨ ਬਲਵਿੰਦਰ ਮਰਵਾਹਾ ਅਤੇ ਭਗਵਾਨ ਵਾਲਮੀਕ ਨਾਮਲੇਵਾ ਸੰਗਤਾਂ ਵੱਲੋਂ ਬੀ.ਡੀ.ਓ ਕਾਲੋਨੀ ਮਾਹਿਲਪੁਰ ਤੋਂ ਇੱਕ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ। ਇਸ ਸ਼ੋਭਾ ਯਾਤਰਾ ਦਾ ਭਗਵਾਨ ਵਾਲਮੀਕ ਮੰਦਰ ਫਗਵਾੜਾ ਰੋਡ ਮਾਹਿਲਪੁਰ ਵਿਖੇ ਪਹੁੰਚਣ ਤੇ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜ਼ਿ. ਮਾਹਿਲਪੁਰ ਦੀ ਪ੍ਰਧਾਨ ਰੇਖਾ ਰਾਣੀ ਦੀ ਅਗਵਾਈ ਹੇਠ ਭਰਪੂਰ ਸਵਾਗਤ ਕੀਤਾ ਗਿਆ।ਇਸ ਮੌਕੇ ਨਿਰਮਲ ਕੌਰ ਬੋਧ, ਸੁਰਿੰਦਰ ਕੌਰ ਐਮ.ਸੀ, ਮਾਸਟਰ ਜੈ ਰਾਮ ਬਾੜੀਆਂ, ਧਰਮ ਸਿੰਘ ਫੌਜੀ, ਰਿਟਾਇਰਡ ਥਾਣੇਦਾਰ ਸੁਖਦੇਵ ਸਿੰਘ, ਸੁਖਵਿੰਦਰ ਕੁਮਾਰ ਰਿਟਾਇਰਡ ਬੈਂਕ ਅਧਿਕਾਰੀ, ਸੁਖਵਿੰਦਰ ਕੌਰ, ਅਮਰਜੀਤ ਕੌਰ, ਪਰਮਜੀਤ ਕੌਰ ਮੁੱਗੋਵਾਲ, ਗਗਨਦੀਪ ਕੌਰ ਸੋਨੂ, ਗੁਰਪਾਲ ਕੌਰ, ਤਰਸੇਮ ਕੌਰ, ਦੀਆ ਰਾਣੀ, ਸੀਮਾ ਰਾਣੀ, ਡਾਕਟਰ ਪਰਮਿੰਦਰ ਸਿੰਘ, ਤੋਸ਼ੀ ਭੈਣ ਜੀ, ਬਖਸ਼ੋ ਰਾਣੀ, ਸੁਰਜੀਤ ਕੌਰ, ਸੁਮੀਤਾ ਸਮੇਤ ਸੁਸਾਇਟੀ ਦੇ ਮੈਂਬਰ ਸਮਰਥਕ ਆਦਿ ਹਾਜ਼ਰ ਸਨ। ਸਮਾਗਮ ਦੇ ਅਖੀਰ ਵਿੱਚ ਪ੍ਰਧਾਨ ਬਲਵਿੰਦਰ ਮਰਵਾਹਾ ਐਮ.ਸੀ. ਵੱਲੋਂ ਇਸ ਸਮਾਗਮ ਦੀਆਂ ਸਹਿਯੋਗੀ ਸਾਰੀਆਂ ਹੀ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

# ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਉਪਰਾਲੇ ਕਰ ਰਹੀ ਪੰਜਾਬ ਸਰਕਾਰ : ਮੋਹਿੰਦਰ ਭਗਤ

**ਲੋਹੀਆਂ ਖਾਸ (ਯੋਗੇਸ਼ਵਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਸਕੂਲ ਖੇਡਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਵਡਮੁੱਲੇ ਯੋਗਦਾਨ ਲਈ ਪ੍ਰਿੰਸੀਪਲਾਂ ਅਤੇ



ਅਧਿਆਪਕਾਂ ਦਾ ਸਨਮਾਨ ਕਰਦਿਆਂ ਪੰਜਾਬ ਸਰਕਾਰ ਦੀ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਖਿਡਾਰੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਦੁਹਰਾਈ।ਇਥੇ ਲਾ ਬਲਾਸਮ ਸਕੂਲ ਵਿਖੇ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਵੱਲੋਂ ਕਰਵਾਏ ਗਏ ਸਨਮਾਨ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਰਾਜ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਸੂਬੇ ਨੂੰ ਖੇਡਾਂ ਦੇ ਖੇਤਰ ਵਿੱਚ ਵੀ ਮੋਹਰੀ ਬਣਾਉਣ ਲਈ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਵਿਸ਼ੇਸ਼ ਤਵਜੋਂ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਖੇਡਾਂ ਲਈ 1790 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਇਸ ਮੌਕੇ 'ਆਪ' ਆਗੂ ਰਾਜਵਿੰਦਰ ਕੌਰ ਥਿਆੜਾ ਵੀ ਮੌਜੂਦ ਸਨ। ਭਗਤ ਨੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੀ ਮਹੱਤਤਾ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਖੇਡਾਂ ਸਦਕਾ ਸਿਹਤਮੰਦ ਜੀਵਨ ਸ਼ੈਲੀ ਦੇ ਨਾਲ-ਨਾਲ ਨੌਜਵਾਨਾਂ ਵਿੱਚ ਅਨੁਸ਼ਾਸਨ, ਟੀਮ ਵਰਕ, ਖੇਡਾਂ ਦੀ ਭਾਵਨਾ ਅਤੇ ਅਗਵਾਈ ਵਰਗੇ ਗੁਣ ਪੈਦਾ ਹੁੰਦੇ ਹਨ, ਜੋ ਕਿ ਜੀਵਨ ਵਿੱਚ ਸਫ਼ਲਤਾ ਹਾਸਲ ਕਰਨ ਲਈ ਬੜੀ ਅਹਿਮੀਅਤ ਰੱਖਦੇ ਹਨ। ਸਮਾਰੋਹ ਦੌਰਾਨ ਕਰੀਬ 100 ਖੇਡ ਹਸਤੀਆਂ ਨੂੰ ਜ਼ਿਲ੍ਹਾ ਪੱਧਰ 'ਤੇ ਖੇਡਾਂ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਇਨ੍ਹਾਂ ਵਿੱਚ ਹਰਮੇਸ਼ ਲਾਲ ਘੇੜਾ (ਸਟੇਟ ਅਵਾਰਡੀ), ਡਾ. ਜਤਿੰਦਰ ਸਾਬੀ, ਪ੍ਰਿੰਸੀਪਲ ਜਤਿੰਦਰ ਕੁਮਾਰ, ਪ੍ਰਿੰਸੀਪਲ ਸੁਖਦੇਵ ਲਾਲ ਬੱਬਰ, ਪ੍ਰਿੰਸੀਪਲ ਭੁਪਿੰਦਰ ਪਾਲ ਸਿੰਘ, ਪ੍ਰਿੰਸੀਪਲ ਪਰਮਿੰਦਰ ਫਲੋਰਾ,ਪ੍ਰਿੰਸੀਪਲ ਦਿਨੇਸ਼ ਕੁਮਾਰ ਤੋਂ ਇਲਾਵਾ ਪ੍ਰਿੰਸੀਪਲ ਅਤੇ ਮੁੱਖ ਅਧਿਆਪਕ ਸ਼ਾਮਲ ਹਨ।

## ਸ਼ਿਵਾ ਪਬਲਿਕ ਹਾਈ ਸਕੂਲ ਦਾ ਅੱਠਵੀਂ ਦਾ ਨਤੀਜਾ ਰਿਹਾ 100 ਪ੍ਰਤੀਸ਼ਤ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਹਰ ਸਾਲ ਦੀ ਤਰਾਂ ਵੀ ਸ਼ਿਵਾ ਪਬਲਿਕ ਹਾਈ ਸਕੂਲ ਦਾ ਅੱਠਵੀਂ ਦਾ ਨਤੀਜਾ 100 ਪ੍ਰਤੀਸ਼ਤ ਅਤੇ ਸ਼ਾਨਦਾਰ ਰਿਹਾ ਹੈ। ਜਿਸ ਵਿਚ ਸਹਿਜਪ੍ਰੀਤ ਕੌਰ ਨੇ



584/600 ( 97.3) ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪੰਜਾਬ ਬੋਰਡ ਦੀ ਮੈਰਿਟ ਵਿਚ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੋਸ਼ਨ ਕੀਤਾ ਹੈ। ਸਕੂਲ ਵਿਚ ਸਹਿਜਪ੍ਰੀਤ ਕੌਰ ਨੇ 584/600 ( 97.3) ਪ੍ਰਤੀਸ਼ਤ ਪਹਿਲਾ ਦਰਜਾ ਤੇ ਦੂਜਾ ਦਰਜਾ ਕਨਿਕਾ 569/600 (94.8) ਪ੍ਰਤੀਸ਼ਤ ਅਤੇ ਰਵਜੋਤ ਕੌਰ ਨੇ 563/600 ( 93.8 ) ਪ੍ਰਤੀਸ਼ਤ ਤੀਜਾ ਦਰਜਾ ਪ੍ਰਾਪਤ ਕੀਤਾ ਹੈ। ਸਕੂਲ ਦੇ ਚੇਅਰਪਰਸਨ ਸੁਮਨ ਲਤਾ ਪਾਠਕ ਨੇ ਸਾਰੇ ਬੱਚਿਆਂ ਨੂੰ ਅਤੇ ਮਾਤਾ-ਪਿਤਾ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਤੇ ਸਕੂਲ ਦੇ ਐੱਮ ਡੀ ਅਮਨਦੀਪ ਪਾਠਕ, ਪ੍ਰਿੰਸੀਪਲ ਮਨਦੀਪ ਕੁਮਾਰ, ਏ ਡੀ ਡਾ.ਪਰਵਿੰਦਰ ਕੌਰ ਅਤੇ ਸਾਰੇ ਸਟਾਫ ਨੇ ਸਕੂਲ ਦੇ ਸਟਾਫ ਦੇ ਸ਼ਾਨਦਾਰ ਨਤੀਜੇ ਤੇ ਵਧਾਈਆਂ ਦਿੱਤੀਆਂ।

## ਦਸਤਾਰ ਮੁਕਾਬਲਾ ਕਰਵਾਇਆ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਾਂ ਹੇਠ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ ਕਾਲਜ ਗੁਰਦੁਆਰਾ ਕਮੇਟੀ ਅਤੇ ਪੰਜਾਬ ਵਿਭਾਗ ਦੇ ਸਹਿਯੋਗ ਨਾਲ 'ਦਸਤਾਰ ਮੁਕਾਬਲਾ' ਕਰਵਾਇਆ ਗਿਆ ਜਿਸ ਵਿਚ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਆਪਣੇ



ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਪੰਜਾਬ ਤੇ ਸਿੱਖ ਕੌਮ ਵਿਚ ਦਸਤਾਰ ਦੀ ਵਿਸ਼ੇਸ਼ ਮਹੱਤਤਾ ਹੈ।ਉਨ੍ਹਾਂ ਕਿਹਾ ਕਿ ਦਸਤਾਰ ਸਿਰਫ ਇਕ ਕੱਪੜਾ ਨਹੀਂ, ਇਹ ਸਿੱਖ ਧਰਮ ਦੀ ਸ਼ਾਨ, ਸਨਮਾਨ ਅਤੇ ਪਛਾਣ ਦਾ ਪ੍ਰਤੀਕ ਹੈ। ਇਹ ਸਾਨੂੰ ਅਨੁਸ਼ਾਸਨ, ਆਤਮ-ਸਨਮਾਨ ਅਤੇ ਬਰਾਬਰੀ ਦਾ ਸੰਦੇਸ਼ ਦਿੰਦੀ ਹੈ।ਉਨ੍ਹਾਂ ਕਿਹਾ ਕਿ ਜਿਹੜੇ ਵਿਦਿਆਰਥੀ ਨੌਜਵਾਨਾਂ ਨੇ ਦਸਤਾਰ ਦੀ ਮਹੱਤਤਾ ਨੂੰ ਸਮਝਿਆ ਅਤੇ ਅਪਨਾਇਆ ਹੈ, ਉਹ ਕਾਬਿਲ-ਏ-ਤਾਰੀਫ਼ ਹੈ। ਮੁਕਾਬਲੇ ਵਿਚ ਵਿਦਿਆਰਥੀ ਜਗਨੂਰ ਸਿੰਘ ਨੇ ਪਹਿਲਾ, ਅਰਸ਼ਪ੍ਰੀਤ ਸਿੰਘ ਨੇ ਦੂਜਾ ਤੇ ਗੁਰਵੀਰ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ।ਇਸ ਮੌਕੇ ਪ੍ਰੋ. ਲਖਵਿੰਦਰਜੀਤ ਕੌਰ, ਡਾ. ਹਰਵਿੰਦਰ ਕੌਰ, ਪ੍ਰੋ. ਰਾਏਦੀਪ ਸਿੰਘ, ਡਾ. ਕੰਵਲਜੀਤ ਕੌਰ, ਪ੍ਰੋ. ਸੌਰਵ ਦਾਦਰੀ, ਅੰਮ੍ਰਿਤਪਾਲ ਸਿੰਘ ਧਾਰਮਿਕ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਹੋਏ।

# ਸਰਕਾਰ ਵੱਲੋਂ 'ਪੁਰਸਕਾਰ ਨੀਤੀ' ਲਾਗੂ, 28 ਸਭ ਤੋਂ ਲੋੜੀਂਦੇ ਅਪਰਾਧੀਆਂ ਦੀ ਸੂਚੀ ਜਾਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਇਤਿਹਾਸਕ ਫ਼ੈਸਲਾ ਲੈਂਦਿਆਂ 'ਪੁਰਸਕਾਰ ਨੀਤੀ' ਤਹਿਤ ਪੰਜਾਬ ਪੁਲਿਸ ਨੂੰ ਸੂਬੇ ਵਿੱਚ ਲੋੜੀਂਦੇ ਅਪਰਾਧੀਆਂ/ਗੈਂਗਸਟਰਾਂ ਤੇ ਉਨ੍ਹਾਂ ਦੇ ਨੈੱਟਵਰਕ ਬਾਰੇ ਭਰੋਸੇਯੋਗ ਜਾਣਕਾਰੀ ਦੇਣ ਵਾਲੇ ਵਿਅਕਤੀਆਂ ਨੂੰ ਪੁਰਸਕਾਰ ਦੇਣ ਦੇ ਅਧਿਕਾਰ ਦਿੱਤੇ ਹਨ।

ਇਸ ਸਬੰਧੀ ਪੰਜਾਬ ਸਰਕਾਰ ਨੇ 28 ਸਭ ਤੋਂ ਲੋੜੀਂਦੇ ਅਪਰਾਧੀਆਂ ਦੀ ਸੂਚੀ ਵੀ ਜਾਰੀ ਕੀਤੀ ਹੈ।'ਗੈਂਗਸਟਰਾਂ 'ਤੇ ਵਾਰ' ਪ੍ਰੋਜੈਕਟ ਤਹਿਤ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐੱਸ ਐੱਸ ਪੀ) ਨੂੰ 1 ਲੱਖ ਰੁਪਏ ਤੱਕ, ਪੁਲਿਸ ਕਮਿਸ਼ਨਰ/ਰੇਂਜ ਇੰਸਪੈਕਟਰ ਜਨਰਲ ਆਫ਼ ਪੁਲਿਸ/ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ ਨੂੰ 1.5 ਲੱਖ ਰੁਪਏ; ਵਿੰਗਾਂ ਦੇ ਮੁਖੀਆਂ (ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ/ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ) ਨੂੰ 2 ਲੱਖ ਰੁਪਏ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ ਜੀ ਪੀ) ਨੂੰ 2 ਲੱਖ ਰੁਪਏ ਤੋਂ ਵੱਧ ਦੀਆਂ ਮਨਜ਼ੂਰੀ ਸ਼ਕਤੀਆਂ ਨੂੰ ਪ੍ਰਵਾਨਗੀ ਦਿੱਤੀ ਹੈ। ਮਨਜ਼ੂਰ ਕੀਤੀ ਗਈ ਰਕਮ ਸਿਰਫ਼ ਸਹੀ ਅਤੇ ਉਚਿਤ ਸੂਚਨਾ ਦੇਣ ਵਿਅਕਤੀਆਂ ਨੂੰ ਹੀ ਦਿੱਤੀ ਜਾਵੇਗੀ। ਇਹ ਪ੍ਰੋਜੈਕਟ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਨੂੰ ਸੂਬੇ ਨੂੰ ਸੁਰੱਖਿਅਤ ਬਣਾਉਣ ਵਿੱਚ ਮਦਦ ਕਰਨ ਲਈ ਵਸਨੀਕਾਂ ਦੀ ਸ਼ਮੂਲੀਅਤ ਵਧਾਉਣ ਲਈ ਪੇਸ਼ ਕੀਤਾ ਗਿਆ ਹੈ।

# ਗੁਰਦੁਆਰਾ ਟਾਹਲੀ ਸਾਹਿਬ ਵਿਖੇ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਕੀਤੀ ਸੇਵਾ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਿਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿਖੇ ਨਿਸ਼ਾਨ ਸਾਹਿਬ ਚੜਾਉਣ ਦੀ ਸੇਵਾ ਕੀਤੀ ਗਈ। ਮਿਸਲ ਸ਼ਹੀਦਾ ਤਰਨਾ ਦਲ ਹਰੀਆਂ ਬੇਲਾਂ ਵਾਲਿਆਂ ਦੇ ਮੌਜੂਦਾ ਮੁਖੀ ਜਿੰਦਾ ਸ਼ਹੀਦ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਨਿਹਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਮੁਖ ਸੇਵਾਦਾਰ ਸੰਤ ਬਾਬਾ ਕੁਲਦੀਪ ਸਿੰਘ ਤੇ ਸੇਵਾਦਾਰ ਭਾਈ ਕੁਲਦੀਪ ਸਿੰਘ ਦੀ ਦੇਖ-ਰੇਖ ਹੇਠ ਹੋਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸਰਬੱਤ ਦੇ ਭਲੇ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ ਉਪਰੰਤ ਭਾਈ ਕੁਲਵਿੰਦਰ ਸਿੰਘ ਕੰਗਮਾਈ ਦੇ ਰਾਗੀ ਜਥੇ ਨੇ ਮਨੋਹਰ ਸ਼ਬਦ ਕੀਰਤਨ ਦੁਆਰਾ ਸੰਗਤ ਨੂੰ ਨਿਹਾਲ ਕੀਤਾ।ਇਸ ਮੌਕੇ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਤੇ ਭਾਈ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਖਾਲਸਾ ਪੰਥ ਦੇ ਸਾਜਨਾ ਦਿਵਸ ਮੁੱਖ ਰੱਖਦੇ ਹੋਏ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮੀਰੀ ਅਤੇ ਪੀਰੀ ਦੇ ਦੋ ਨਿਸ਼ਾਨ ਸਾਹਿਬ ਚੜਾਉਣ ਦੀ ਸੇਵਾ ਕੀਤੀ ਗਈ ਹੈ। ਉਨਾਂ ਨੇ ਹੋਰ ਦੱਸਿਆ ਕਿ ਇਹ ਨਿਸ਼ਾਨ ਸਾਹਿਬ ਦੀ ਸੇਵਾ ਪ੍ਰਵਾਸੀ ਭਾਰਤੀ ਕੁਲਜੀਤ ਸਿੰਘ ਸੋਨਾ ਵਾਸੀ ਅਮਰੀਕਾ ਤੇ ਸਮੂਹ



ਪਰਿਵਾਰ ਵੱਲੋਂ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਗੁਰਦੁਆਰਾ ਟਾਹਲੀ ਸਾਹਿਬ ਵਿਖੇ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਸਲਾਨਾ ਧਾਰਮਿਕ ਸਮਾਗਮ 14 ਅਪ੍ਰੈਲ ਨੂੰ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾਵੇਗਾ ਤੇ ਇਸ ਦੇ ਸਬੰਧ ਵਿੱਚਲ12 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਜਿਨ੍ਹਾਂ ਦੇ ਭੋਗ 14 ਅਪ੍ਰੈਲ ਨੂੰ ਪਾਉਣ ਉਪਰੰਤ ਧਾਰਮਿਕ ਸਮਾਗਮ ਕਰਵਾਇਆ ਜਾਵੇਗਾ ਜਿਸ ਵਿੱਚ ਭਾਈ ਹਰਭਜਨ ਸਿੰਘ ਸੋਤਲੇ ਵਾਲੇ, ਭਾਈ ਕੁਲਵਿੰਦਰ ਸਿੰਘ ਕੰਗਮਾਈ ਵਾਲੇ ਅਤੇ ਹੋਰ ਰਾਗੀ ਢਾਡੀ ਜੱਥੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਦੁਆਰਾ ਨਿਹਾਲ ਕਰਨਗੇ। ਪ੍ਰਬੰਧਕ ਸੇਵਾਦਾਰਾਂ ਨੇ ਹੋਰ ਦੱਸਿਆ ਕਿ ਇਸ ਤੋਂ ਇਲਾਵਾ ਇਸ ਤੋਂ ਇਲਾਵਾ ਵੈਸਾਖ ਮਹੀਨੇ ਦੀ ਮੱਸਿਆ ਦੇ ਸਬੰਧ ਵਿੱਚ ਮਹੀਨਾਵਾਰੀ ਧਾਰਮਿਕ ਸਮਾਗਮ 17 ਅਪ੍ਰੈਲ ਨੂੰ ਕਰਵਾਇਆ ਜਾਵੇਗਾ ਜਿਸ ਦੌਰਾਨ 15 ਅਪ੍ਰੈਲ ਨੂੰ ਆਰੰਭ ਕੀਤੇ ਜਾਣ ਵਾਲੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਉਪਰੰਤ ਰਾਗੀ ਢਾਡੀ ਜਥੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਗੁਰਮਤ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ।ਇਸ ਮੌਕੇ ਨੰਬਰਦਾਰ ਦਰਬਾਰਾ ਸਿੰਘ,ਸਾਬਕਾ ਸਰਪੰਚ ਸ਼ਾਮ ਸਿੰਘ ਮੂਨਕਾ, ਜਸਵੀਰ ਸਿੰਘ ਕਨੇਡਾ, ਜਥੇਦਾਰ ਦਵਿੰਦਰ ਸਿੰਘ ਮੂਨਕਾਂ, ਜਿਲਾ ਪ੍ਰਧਾਨ ਸਰਬਜੀਤ ਸਿੰਘ ਮੋਮੀ, ਲੈਕਚਰਾਰ ਰਾਜਾ ਸਿੰਘ ਮੂਨਕਾਂ, ਸਰਪੰਚ ਸੁਖਨਿੰਦਰ ਸਿੰਘ ਕੁਰਾਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਰੰਗਾਰੰਗ ਪ੍ਰੋਗਰਾਮ ਰੌਣਕਾਂ ਵਿਸਾਖੀ ਦੀਆਂ ਡੀ ਡੀ ਪੰਜਾਬੀ ਚੈਨਲ 'ਤੇ ਅੱਜ

**ਜਲੰਧਰ (ਮਨਜੀਤ ਮਾਨ)**- ਪੰਜਾਬੀ ਸੰਗੀਤ ਇੰਡਸਟਰੀ ਵਿੱਚ ਰੰਗਾਰੰਗ ਪ੍ਰੋਗਰਾਮ ਠੁਮਕੇ ਤੇ ਠੁਮਕਾ, ਮੁਬਾਰਕਾਂ 2026 ਨੂੰ ਭਰਵਾਂ ਹੁੰਗਾਰਾ ਮਿਲਣ ਤੋਂ ਬਾਅਦ ਵਿਸਾਖੀ ਦੇ ਸ਼ੁੱਭ ਦਿਹਾੜੇ 'ਤੇ ਰੰਗਾਰੰਗ ਪ੍ਰੋਗਰਾਮ



ਰੌਣਕਾਂ ਵਿਸਾਖੀ ਦੀਆਂ ਡੀ ਡੀ ਪੰਜਾਬੀ ਚੈਨਲ, ਦੂਰਦਰਸ਼ਨ ਕੇਂਦਰ ਜਲੰਧਰ 'ਤੇ 14 ਅਪ੍ਰੈਲ ਰਾਤ 10 ਵਜੇ ਦਿਖਾਇਆ ਜਾ ਰਿਹਾ ਹੈ।ਇਸ ਰੰਗਾਰੰਗ ਪ੍ਰੋਗਰਾਮ ਵਿੱਚ ਪੰਜਾਬ ਦੇ ਵੱਖ ਵੱਖ ਸਟਾਰ ਕਲਾਕਾਰਾਂ ਤੋਂ ਇਲਾਵਾ ਨਵੇਂ ਕਲਾਕਾਰ ਵੀ ਹਾਜ਼ਰੀ ਭਰਨਗੇ।ਇਸ ਰੰਗਾਰੰਗ ਪ੍ਰੋਗਰਾਮ ਦੇ ਪ੍ਰੋਡਿਊਸਰ ਮਨੋਹਰ ਧਾਰੀਵਾਲ, ਪੇਸ਼ਕਸ਼ ਪੀਟਰ ਸਫ਼ਰੀ, ਵਿਸ਼ੇਸ਼ ਸਹਿਯੋਗ ਜੱਗੀ ਭੁਲੱਥ, ਪ੍ਰਮੋਟਰ ਸੰਨੀ ਸਹੋਤਾ, ਸਮਾਜ ਸੇਵਕ ਸੰਤੋਖ ਸੰਧੂ, ਭੰਗੜਾ ਗਰੁੱਪ ਲੇਹਲ ਲਾਈਵ ਕਲਚਰ ਹੱਬ ਗੁਰਮੀਤ ਪੇਜੋਚੱਕ ਦਾ ਹੈ।

## ਡਿਪਟੀ ਕਮਿਸ਼ਨਰ ਨੇ ਸੰਭਾਵੀ ਹੜ੍ਹ ਪ੍ਰਭਾਵਿਤ ਕੰਮਾਂ ਦਾ ਲਿਆ ਜਾਇਜ਼ਾ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਜ਼ਿਲ੍ਹੇ ਵਿੱਚ ਸੰਭਾਵੀ ਹੜ੍ਹ ਸਬੰਧੀ ਤਿਆਰੀਆਂ ਨੂੰ ਮਜ਼ਬੂਤ ਕਰਨ ਲਈ ਡਿਪਟੀ ਕਮਿਸ਼ਨਰ ਰੂਪਨਗਰ ਅਦਿਤਿਆ ਡੇਚਲਵਾਲ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਚੱਲ ਰਹੇ ਸੁਰੱਖਿਆ ਕੰਮਾਂ ਦਾ ਵਿਸਥਾਰਪੂਰਵਕ ਨਿਰੀਖਣ ਕੀਤਾ ਗਿਆ। ਇਸ ਦੌਰੇ ਦੌਰਾਨ ਪਿੰਡ ਜਿੰਦਵੜੀ, ਹਰਸਾਬੇਲਾ, ਭੱਲੜੀ ਅਤੇ ਭਲਾਣ ਵਰਗੇ ਮਹੱਤਵਪੂਰਨ ਸਥਾਨਾਂ ਦਾ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਡਿਪਟੀ ਕਮਿਸ਼ਨਰ ਨੇ ਆਉਣ ਵਾਲੇ ਮਾਨਸੂਨ ਮੌਸਮ ਤੋਂ ਪਹਿਲਾਂ ਜਾਨਮਾਲ ਦੀ ਸੁਰੱਖਿਆ ਲਈ ਕੀਤੇ ਜਾ ਰਹੇ ਸੰਭਾਵੀ ਹੜ੍ਹ ਪ੍ਰਭਾਵਿਤ ਪ੍ਰਬੰਧਾਂ ਦੀ ਪ੍ਰਗਤੀ ਅਤੇ ਗੁਣਵੱਤਾ ਦਾ ਜਾਇਜ਼ਾ ਲਿਆ।



ਅਦਿਤਿਆ ਡੇਚਲਵਾਲ ਨੇ ਸਚਿਨ ਪਾਠਕ ਐੱਸ ਡੀ ਐੱਮ ਨੰਗਲ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰਹਿੰਦੇ ਲੋਕਾਂ ਦੀ ਸਮੇਂ ਸਿਰ ਪਹਿਚਾਣ ਅਤੇ ਮੈਪਿੰਗ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਨੇ ਐਕਜ਼ਿਕਿਊਟਿਵ ਇੰਜੀਨੀਅਰ ਡ੍ਰੇਨੇਜ ਸ੍ਰੀ ਅਨੰਦਪੁਰ ਸਾਹਿਬ ਗੁਰਤੇਜ ਸਿੰਘ ਗਰਚਾ ਨੂੰ ਸਾਰੇ ਸੰਭਾਵੀ ਹੜ੍ਹ ਪ੍ਰਭਾਵਿਤ ਕੰਮਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਤੇ ਬਰਸਾਤੀ ਮੌਸਮ ਤੋਂ ਪਹਿਲਾਂ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।

# ਬੁਝੇ ਦੀਵੇ ਸੂਰਜ ਨੂੰ ਸਲਾਹਾਂ ਨਾ ਦੇਣ : ਸੁਰਤੇਜ ਸਿੰਘ ਬਾਸੀ

**ਨਕੋਦਰ (ਮਨਜੀਤ ਮਾਨ)**- ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਲੀਡਰ ਸੁਰਤੇਜ ਸਿੰਘ ਬਾਸੀ ਨੇ ਪ੍ਰੈਸ ਨੂੰ ਦੱਸਿਆ ਕਿ 15 ਅਪ੍ਰੈਲ ਨੂੰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦਾ ਦਫਤਰ ਤਾਜ ਸਿਟੀ 1, ਜਲੰਧਰ ਰੋਡ, ਨਕੋਦਰ ਵਿਖੇ ਹਲਕਾ ਨਕੋਦਰ ਦੀਆਂ ਸੰਗਤਾਂ



ਵਾਸਤੇ ਖੁੱਲ੍ਹ ਰਿਹਾ ਹੈ। ਸ੍ਰੀ ਸੁਖਮਨੀ ਸਾਹਿਬ ਦੇ ਪਾਠ ਅਤੇ ਕੀਰਤਨ ਹੋਵੇਗਾ ਅਤੇ ਸਮੂਹ ਹਲਕਾ ਨਕੋਦਰ ਦੀਆਂ ਸੰਗਤਾਂ ਨੂੰ ਵਿਸ਼ੇਸ਼ ਤੌਰ 'ਤੇ ਇਸ ਦਫਤਰ ਦੇ ਉਦਘਾਟਨ 'ਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ।ਇਸ ਦਫਤਰ ਵਿੱਚ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਸਾਬਕਾ ਐਮ ਐਲ ਏ, ਸਕੱਤਰ ਜਨਰਲ ਨਕੋਦਰ ਦਫਤਰ ਵਿਖੇ ਹਲਕਾ ਨਕੋਦਰ ਅਤੇ ਜ਼ਿਲ੍ਹਾ ਜਲੰਧਰ ਦੀਆਂ ਸਮੱਸਿਆਵਾਂ ਸੁਣਨ ਵਾਸਤੇ ਅਤੇ ਉਨ੍ਹਾਂ ਦਾ ਹੱਲ ਕੱਢਣ ਵਾਸਤੇ ਬੈਠਣਗੇ।ਚੇਅਰਮੈਨ ਬਾਸੀ ਨੇ ਕਿਹਾ ਕਿ ਜੋ ਆਪ ਬਣੇ ਹੋਏ ਲੀਡਰ ਘਰ ਬੈਠ ਕੇ ਚੜ੍ਹਦੇ ਸੂਰਜ ਨੂੰ ਬਿਨਾਂ ਮੰਗਿਆਂ ਸਲਾਹਾਂ ਦੇ ਰਹੇ ਹਨ, ਉਹਨਾਂ ਨੂੰ ਤਾੜਨਾ ਹੈ ਕਿ ਉਹ ਆਪਣੀਆਂ ਸਲਾਹਾਂ ਆਪਣੇ ਕੋਲ ਹੀ ਰੱਖਣ, ਨਕੋਦਰ ਹਲਕੇ ਦੀ ਸੰਗਤਾਂ ਨੂੰ ਪਤਾ ਹੈ ਕਿ ਨਕੋਦਰ ਦਾ ਵਿਕਾਸ ਕਿਹੜਾ ਲੀਡਰ ਅੱਜ ਤੱਕ ਕਰਵਾ ਸਕਿਆ ਹੈ ਜਾਂ ਆਉਣ ਵਾਲੇ ਸਮੇਂ ਵਿੱਚ ਵਿਕਾਸ ਕੋਣ ਕਰਵਾ ਸਕੇਗਾ।ਪਰ ਕਈ ਆਪ ਬਣੇ ਹੋਏ ਲੀਡਰਾਂ ਨੂੰ ਲਗਦਾ ਹੈ ਕਿ ਅਸੀਂ ਹਲਕਾ ਨਕੋਦਰ ਦੇ ਬਹੁਤ ਵੱਡੇ ਲੀਡਰ ਬਣ ਗਏ ਹਾਂ,ਪਰ ਉਹਨਾਂ ਦੇ ਮਨਾਂ ਦਾ ਬਹੁਤ ਵੱਡਾ ਭੁਲੇਖਾ ਹੈ।

# ਜੋਤੀਰਾਓ ਫੂਲੇ ਦੀ ਬਰਸੀ ਮਨਾਈ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਅਗਵਾਈ ਹੇਠ, ਡੇਰਾਬੱਸੀ ਖੇਤਰ ਵਿੱਚ ਮਹਾਤਮਾ ਜੋਤੀਰਾਓ ਫੂਲੇ ਦੀ 198ਵੀਂ ਬਰਸੀ ਬਹੁਤ ਧੂਮਧਾਮ, ਉਤਸ਼ਾਹ ਅਤੇ ਸਮਾਜਿਕ ਨਿਆਂ ਪ੍ਰਤੀ ਵਚਨਬੱਧਤਾ ਨਾਲ ਮਨਾਈ ਗਈ। ਇਹ ਸਮਾਗਮ ਸਮਾਜ ਸੁਧਾਰਕ, ਸਿੱਖਿਆ ਸ਼ਾਸਤਰੀ ਅਤੇ ਇਨਕਲਾਬੀ ਚਿੰਤਕ ਮਹਾਤਮਾ ਜਯੋਤੀਰਾਓ ਫੂਲੇ ਨੂੰ ਉਨ੍ਹਾਂ ਦੇ ਜਨਮ ਦਿਵਸ 'ਤੇ ਸ਼ਰਧਾਂਜਲੀ ਦੇਣ ਤੇ ਉਨ੍ਹਾਂ ਦੇ ਵਿਚਾਰਾਂ ਨੂੰ ਜਨਤਾ ਤੱਕ ਪਹੁੰਚਾਉਣ ਲਈ ਆਯੋਜਿਤ ਕੀਤਾ ਗਿਆ ਸੀ।ਇਸ ਇਤਿਹਾਸਕ ਮੌਕੇ 'ਤੇ ਪੰਜਾਬ ਕਾਂਗਰਸ ਦੇ



ਸਹਿ-ਇੰਚਾਰਜ, ਆਲ ਇੰਡੀਆ ਕਾਂਗਰਸ ਕਮੇਟੀ ਦੇ ਸਕੱਤਰ ਤੇ ਪੰਜਾਬ ਕਾਂਗਰਸ ਦੇ ਸਹਿ-ਇੰਚਾਰਜ ਰਵਿੰਦਰ ਦਲਵੀ ਤੇ ਮੱਧ ਪ੍ਰਦੇਸ਼ ਵਿਧਾਨ ਸਭਾ ਦੇ ਸਾਬਕਾ ਡਿਪਟੀ ਸਪੀਕਰ, ਆਲ ਇੰਡੀਆ ਕਾਂਗਰਸ ਸਕੱਤਰ, ਆਲ ਇੰਡੀਆ ਕਾਂਗਰਸ ਬੁਲਾਰੇ ਤੇ ਓ ਬੀ ਸੀ ਕੌਂਸਲ ਦੀ ਸਲਾਹਕਾਰ ਕਮੇਟੀ ਦੀ ਮੈਂਬਰ ਹਿਨਾ ਕਾਵਰੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਦੋਵਾਂ ਸੀਨੀਅਰ ਆਗੂਆਂ ਨੇ ਦੀਵਾ ਜਗਾ ਕੇ ਅਤੇ ਫੂਲੇ ਦੇ ਬੁੱਤ 'ਤੇ ਹਾਰ ਪਾ ਕੇ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਮਹਿਲਾ ਪ੍ਰਾਪਤੀਆਂ ਕਰਨ ਵਾਲੀਆਂ ਔਰਤਾਂ ਨੂੰ ਵਿਸ਼ੇਸ਼ ਸਨਮਾਨ ਦਿੱਤਾ ਗਿਆ, ਜਿਨ੍ਹਾਂ ਨੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਪ੍ਰਾਪਤ ਕੀਤੀਆਂ ਹਨ। ਸਨਮਾਨਿਤ ਔਰਤਾਂ ਇਸ ਪ੍ਰਕਾਰ ਹਨ: ਮਹਾਕ ਮਿੱਤਲ - ਡੇਰਾਬੱਸੀ ਦੀ ਧੀ, ਜਿਸ ਨੇ ਆਈ ਆਰ ਐੱਸ (ਭਾਰਤੀ ਮਾਲ ਸੇਵਾ) ਅਧਿਕਾਰੀ ਬਣ ਕੇ ਪਿੰਡ ਅਤੇ ਖੇਤਰ ਦਾ ਨਾਮ ਰੌਸ਼ਨ ਕੀਤਾ।ਜਸਪ੍ਰੀਤ ਕੌਰ-ਡੇਰਾਬੱਸੀ ਖੇਤਰ ਦੀ ਇੱਕ ਆਈ ਏ ਐੱਸ ਅਧਿਕਾਰੀ, ਜੋ ਵਰਤਮਾਨ ਵਿੱਚ ਪ੍ਰਸ਼ਾਸਕੀ ਸੇਵਾ ਵਿੱਚ ਸੇਵਾ ਨਿਭਾ ਰਹੀ ਹੈ।ਸਾਧਨਾ ਸਨਨ-ਇੱਕ ਸਾਬਕਾ ਪ੍ਰਿੰਸੀਪਲ ਜਿਸ ਨੇ ਸਿੱਖਿਆ ਦੇ ਖੇਤਰ ਵਿੱਚ ਦਹਾਕਿਆਂ ਤੱਕ ਯੋਗਦਾਨ ਪਾਇਆ ਹੈ।ਜਸਪ੍ਰੀਤ ਕੌਰ ਬਾਜਵਾ (ਪਿੰਡ ਬੈਰਮਜਰਾ, ਡੇਰਾਬੱਸੀ)-ਇਹ ਪ੍ਰਤਿਭਾਸ਼ਾਲੀ ਔਰਤ ਕੈਨੇਡਾ ਵਿੱਚ ਇੱਕ ਸੰਘੀ ਅਧਿਕਾਰੀ ਵਜੋਂ ਕੰਮ ਕਰਦੀ ਹੈ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਡੇਰਾਬੱਸੀ ਨੂੰ ਸਨਮਾਨ ਦੇ ਰਹੀ ਹੈ।ਮੁਹਾਲੀ ਨਗਰ ਜ਼ਿਲ੍ਹਾ ਪ੍ਰਧਾਨ ਕਮਲ ਕਿਸ਼ੋਰ ਸ਼ਰਮਾ, ਪੰਜਾਬ ਮਹਿਲਾ ਕਾਂਗਰਸ ਪ੍ਰਧਾਨ ਗੁਰਸ਼ਰਨ ਰੰਧਾਵਾ, ਮਹਿਲਾ ਕਾਂਗਰਸ ਜ਼ਿਲ੍ਹਾ ਮੋਹਾਲੀ ਪ੍ਰਧਾਨ ਸਵਰਨਜੀਤ ਕੌਰ, ਪੰਜਾਬ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਉਪ ਪ੍ਰਧਾਨ ਗੌਰਵ ਸੰਧੂ, ਮੋਹਾਲੀ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਅਧਿਕਾਰੀ, ਉਪ ਪ੍ਰਧਾਨ ਮਨੋਜ ਸ਼ਰਮਾ, ਜਨਰਲ ਸਕੱਤਰ ਵਿਕਰਮ ਰਾਣਾ, ਪ੍ਰਵੀਨ ਮਖੀਜਾ ਤੇ ਵੱਖ-ਵੱਖ ਪਿੰਡਾਂ ਦੇ ਹੋਰ ਪਤਵੰਤੇ ਸ਼ਾਮਲ ਸਨ।

## ਘਰ ਖਰੀਦਣ ਵਾਲਿਆਂ ਨੂੰ ਬਿਲਡਰਾਂ ਵੱਲੋਂ ਕੀਤੀ ਉਲੰਘਣਾ ਕਾਰਨ ਮੁਸ਼ਕਲਾਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ : ਰੀਨਾ ਗੁਪਤਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਪ੍ਰਦੂਸ਼ਣ ਨਿਯੰਤਰਣ ਬੋਰਡ (ਪੀ.ਪੀ.ਸੀ.ਬੀ.) ਨੇ ਉਹਨਾਂ ਆਮ ਨਾਗਰਿਕਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਚਿੰਤਾਵਾਂ ਦਾ ਨਿਵਾਰਣ ਕੀਤਾ ਹੈ ਜੋ ਕੁਝ ਹਾਊਸਿੰਗ, ਰਿਹਾਇਸ਼ੀ ਤੇ ਵਪਾਰਕ ਪ੍ਰੋਜੈਕਟਾਂ ਵਿੱਚ ਪ੍ਰਾਜੈਕਟ ਪ੍ਰਮੋਟਰਾਂ ਵੱਲੋਂ ਕੀਤੀਆਂ ਗਈਆਂ ਵਾਤਾਵਰਣ ਸਬੰਧੀ ਉਲੰਘਣਾਵਾਂ ਕਾਰਨ ਸੇਲ ਡੀਡ ਤੇ ਬਿਜਲੀ ਕਨੈਕਸ਼ਨਾਂ 'ਤੇ ਲੱਗੀਆਂ ਪਾਬੰਦੀਆਂ ਨਾਲ ਪ੍ਰਭਾਵਿਤ ਹੋ ਰਹੇ ਸਨ।ਇੱਕ ਅਹਿਮ ਨੀਤੀਗਤ ਦਖਲ ਰਾਹੀਂ ਬੋਰਡ ਨੇ ਸਵੀਕਾਰ ਕੀਤਾ ਕਿ ਪ੍ਰਦੂਸ਼ਣ ਕੰਟਰੋਲ ਨਿਯਮਾਂ ਦੀ ਉਲੰਘਣਾ ਸਬੰਧੀ ਹਾਊਸਿੰਗ, ਰਿਹਾਇਸ਼ੀ ਤੇ ਵਪਾਰਕ ਪ੍ਰੋਜੈਕਟਾਂ 'ਤੇ ਲਗਾਈਆਂ ਗਈਆਂ ਪਹਿਲਾਂ ਦੀਆਂ ਪਾਬੰਦੀਆਂ ਨਾਲ ਉਹਨਾਂ ਆਮ ਨਾਗਰਿਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਸੀ ਜਿਨ੍ਹਾਂ ਨੂੰ ਅਜਿਹੀਆਂ ਉਲੰਘਣਾਵਾਂ ਬਾਰੇ ਜਾਣਕਾਰੀ ਨਹੀਂ ਸੀ ਤੇ ਜਿਹਨਾਂ ਨੇ ਆਪਣੇ ਜੀਵਨ ਭਰ ਦੀ ਕਮਾਈ ਇਹਨਾਂ ਪ੍ਰਾਜੈਕਟਾਂ 'ਤੇ ਲਗਾ ਦਿੱਤੀ ਸੀ। ਜਨਤਾ ਵੱਲੋਂ ਮਿਲੀਆਂ ਕਈ ਅਰਜ਼ੀਆਂ ਅਤੇ ਮਾਰਚ 2026 ਵਿੱਚ ਗਠਿਤ ਸੀਨੀਅਰ ਅਧਿਕਾਰੀਆਂ ਦੀ ਇੱਕ ਕਮੇਟੀ ਦੀਆਂ ਸਿਫ਼ਾਰਸ਼ਾਂ 'ਤੇ ਕਾਰਵਾਈ ਕਰਦਿਆਂ ਬੋਰਡ ਨੇ ਹੁਣ ਇੱਕ ਸੰਤੁਲਿਤ ਅਤੇ ਲੋਕ ਪੱਖੀ ਪਹੁੰਚ ਅਪਣਾਈ ਹੈ।ਆਦੇਸ਼ ਅਨੁਸਾਰ, ਉਲੰਘਣਾ ਕਰਨ ਵਾਲੇ ਹਾਊਸਿੰਗ ਪ੍ਰੋਜੈਕਟਾਂ, ਰਿਹਾਇਸ਼ੀ ਕਾਲੋਨੀਆਂ ਅਤੇ ਵਪਾਰਕ ਪ੍ਰੋਜੈਕਟਾਂ ਦੀਆਂ ਸੇਲ ਡੀਡਾਂ 'ਤੇ ਪਾਬੰਦੀ ਉਨ੍ਹਾਂ ਆਮ ਲੋਕਾਂ ਲਈ ਮੁਸ਼ਕਲ ਪੈਦਾ ਕਰੇਗੀ ਜਿਹਨਾਂ ਨੂੰ ਕਿਫਾਇਤੀ ਘਰਾਂ ਦੀ ਜ਼ਰੂਰਤ ਹੈ।

## ਕੁੱਲ ਹਿੰਦ ਕਿਸਾਨ ਸਭਾ ਨੇ ਸਥਾਪਨਾ ਦਿਵਸ ਮਨਾਇਆ

**ਸ੍ਰੀ ਅਨੰਦਪੁਰ ਸਾਹਿਬ (ਸੁਰਜੀਤ ਸਿੰਘ ਢੇਰ, ਅਰਵਿੰਦਰ ਸਿੰਘ ਬਿੰਦੀ)**- ਕੁੱਲ ਹਿੰਦ ਕਿਸਾਨ ਜ਼ਿਲ੍ਹਾ ਕਮੇਟੀ ਰੋਪੜ੍ਹ ਨੇ ਸੂਬਾ ਕਮੇਟੀ ਦੇ ਸੱਦੇ ਤੇ ਧਨੀ ਜਥੇਬੰਦੀ ਦਾ 90 ਵਾਂ ਸਥਾਪਨਾ ਦਿਵਸ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਕੇ ਮਨਾਇਆ। ਇਸ ਮੌਕੇ ਤੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਸਕੱਤਰ ਜਸਵਿੰਦਰ ਸਿੰਘ ਭੰਗਲ ਅਤੇ ਤਹਿਸੀਲ ਪ੍ਰਧਾਨ ਨਰਿੰਦਰ ਸਿੰਘ ਮਾਵੀ ਨੇ



ਕਿਹਾ ਕਿ 11 ਅਪ੍ਰੈਲ 1936 ਨੂੰ ਆਲ ਇੰਡੀਆ ਕਿਸਾਨ ਸਭਾ ਦੀ ਸਥਾਪਨਾ ਲਖਨਊ ਵਿਖੇ ਕੀਤੀ ਗਈ ਸੀ। ਆਲ ਇੰਡੀਆ ਕਿਸਾਨ ਸਭਾ ਨੇ ਦੇਸ਼ ਦੀ ਅਜ਼ਾਦੀ ਲਈ, ਮੁਜਾਰਿਆ ਨੂੰ ਮਾਲਕੀ ਹੱਕ ਦਿਵਾਉਣ ਲਈ, ਰਜਵਾੜਾਸ਼ਾਹੀ ਦੇ ਖਾਤਮੇ ਲਈ , ਖ਼ੁਸ਼ਹਾਲੀ ਟੈਕਸ ਦੇ ਖਾਤਮੇ ਲਈ, ਦੇਸ਼ ਨੂੰ ਖੁਰਾਕ ਦੇ ਮਾਮਲੇ ਵਿੱਚ ਆਤਮ-ਨਿਰਭਰ ਬਣਾਉਣ ਲਈ, ਕਿਸਾਨ ਵਿਰੋਧੀ ਕਾਨੂੰਨਾ ਦੇ ਖਾਤਮੇ, ਖੇਤੀ ਦੇ ਕਾਰਪੋਰੇਟੀ ਮਾਡਲ ਵਿਰੁੱਧ ਇਤਿਹਾਸਕ ਸੰਘਰਸ਼ ਲੜੇ ਹਨ ਅਤੇ ਇਤਿਹਾਸਕ ਕੁਰਬਾਨੀਆਂ ਦੀ ਲੜੀ ਨੂੰ ਜਾਰੀ ਰੱਖਿਆ ਹੈ। ਅਜੋਕੇ ਦੌਰ ਵਿੱਚ ਮਜਦੂਰ-ਕਿਸਾਨ ਏਕਤਾ ਸਮੇਂ ਦੀ ਇਤਿਹਾਸਕ ਲੋੜ ਬਣ ਚੁੱਕੀ ਹੈ।ਇਸ ਮਨੋਰਥ ਦਾ ਮਜਦੂਰ-ਕਿਸਾਨ ਏਕਤਾ ਦੇ ਸ਼ਦੇਸ ਦੇ ਪਸਾਰੇ ਲਈ ਇਸ ਦਿਨ ਨੂੰ ਕਿਸਾਨ ਸਭਾ ਵਲੋਂ ਮਨਾਇਆ ਜਾਣਾ ਸਾਡੇ ਲਈ ਜਰੂਰੀ ਕਾਰਜ ਹੈ। ਪਿੰਡ ਢੇਰ, ਮਹਿਰੋਲੀ ਅਤੇ ਸੰਗਤਪੁਰ ਵਿਖੇ ਕਿਸਾਨਾਂ ਦੀਆਂ ਭਰਵੀਆ ਮੀਟਿੰਗਾਂ ਕੀਤੀਆਂ ਗਈਆਂ।ਇਸ ਮੌਕੇ ਤੇ ਕਾਮਰੇਡ ਰਜਿੰਦਰ ਸਿੰਘ ਡੋਡ, ਕੁਲਵਿੰਦਰ ਸਿੰਘ ਭੰਗਲ, ਸੁਖਚੈਨ ਸਿੰਘ ਬਿੜੰਗ,ਦਾਰਾ ਸਿੰਘ, ਰਘਵੀਰ ਸਿੰਘ ਭੰਗਲ, ਕੇਸਰ ਸਿੰਘ ਭੰਗਲ, ਗੁਰਦਿਆਲ ਸਿੰਘ ਮਾਵੀ, ਗੁਰਬਚਨ ਸਿੰਘ, ਇਕਬਾਲ ਸਿੰਘ, ਮਹਿੰਦਰ ਸਿੰਘ ਸੰਗਤਪੁਰ, ਤਿਲਕ ਰਾਜ, ਹਰੀ ਰਾਮ, ਸਵਰਨਦਾਸ,ਦੌਲਤਰਾਮ, ਜਸਵੀਰ ਕੌਰ ਭੰਗਲ, ਪਿੰਕੀ ਅਤੇ ਉਰਮਲਾ ਦੇਵੀ ਵੀ ਹਾਜ਼ਰ ਸਨ ।

# ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਨਵੇਂ ਸੂਚਨਾ ਦਫਤਰ ਦਾ ਜਥੇਦਾਰ ਗੜਗੱਜ ਨੇ ਕੀਤਾ ਉਦਘਾਟਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਅੱਜ ਤਖਤ ਸ੍ਰੀ



ਕੇਸਗੜ੍ਹ ਸਾਹਿਬ ਦੇ ਨਵੇਂ ਪ੍ਰਬੰਧਕੀ ਬਲਾਕ ਵਿੱਚ ਬਣੇ ਨਵੇਂ ਸੂਚਨਾ ਦਫਤਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਮੂਲ ਮੰਤਰ ਦੇ ਜਾਪ ਕੀਤੇ ਗਏ, ਉਪਰੰਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਗੁਰੂ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ। ਜਥੇਦਾਰ ਗੜਗੱਜ ਨੇ ਦੱਸਿਆ ਕਿ ਨਵਾਂ ਸੂਚਨਾ ਦਫਤਰ ਅੱਜ ਲੋਕ ਅਰਪਣ ਕੀਤਾ ਗਿਆ। ਉਹਨਾਂ ਕਿਹਾ ਕਿ ਦੇਸ਼ਾਂ ਵਿਦੇਸ਼ਾਂ ਤੋਂ ਆਉਣ ਵਾਲੀ ਸੰਗਤ ਨੂੰ ਤਖਤ ਸ੍ਰੀ ਕੇਸਗੜ੍ਹ ਸਾਹਿਬ, ਜਾਂ ਹੋਰ ਸਥਾਨਕ ਗੁਰਦੁਆਰਾ ਸਾਹਿਬਾਨਾਂ ਸਬੰਧੀ ਹੈ ਇਤਿਹਾਸ ਸਬੰਧੀ ਕੋਈ ਵੀ ਜਾਣਕਾਰੀ ਚਾਹੀਦੀ ਹੋਵੇ ਤਾਂ ਉਹ ਇੱਥੇ ਆ ਕੇ ਸੰਪਰਕ ਕਰ ਸਕਦੇ ਹਨ। ਉਹਨਾਂ ਨੇ ਦੱਸਿਆ ਕਿ ਸੂਚਨਾ ਅਫਸਰ ਹਰਪ੍ਰੀਤ ਸਿੰਘ ਪ੍ਰੇਮ ਭਾਵ ਨਾਲ ਲੰਮੇ ਸਮੇਂ ਤੋਂ ਇੱਥੇ ਸੇਵਾਵਾਂ ਦੇ ਰਹੇ ਹਨ ਅਤੇ ਅੱਜ ਉਹਨਾਂ ਦੇ ਨਵੇਂ ਦਫਤਰ ਦੇ ਤਿਆਰ ਹੋਣ ਤੇ ਗੁਰੂ ਚਰਨਾਂ ਵਿੱਚ ਅਰਦਾਸ ਬੇਨਤੀ ਕਰਕੇ ਇਸ ਦਫਤਰ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਬੁਲਾਰੇ ਅਤੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਨਵੇਂ ਦਫਤਰ ਬਣਨ ਦੀਆਂ ਮੁਬਾਰਕਾਂ ਦਿੱਤੀਆਂ। ਇਸ ਮੌਕੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਭਾਈ ਮਲਕੀਤ ਸਿੰਘ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਮੀਤ ਮੈਨੇਜਰ ਭੁਪਿੰਦਰ ਸਿੰਘ ਅਤੇ ਸੁਰਜੀਤ ਸਿੰਘ ਚਹੜ ਮਜਾਰਾ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ।

# ਜਲੰਧਰ ਹਾਈਟਸ 1 ਨੇ ਏ ਜੀ ਆਈ ਕ੍ਰਿਕਟ ਲੀਗ ਮੈਚ ਜਿੱਤਿਆ

**ਜਲੰਧਰ (ਰਾਜੇਸ਼ ਥਾਪਾ)**- ਜਲੰਧਰ ਹਾਈਟਸ 1 ਦੀ ਕ੍ਰਿਕਟ ਟੀਮ ਦੇ ਇੰਜੀਨੀਅਰ ਸੁਖਦੇਵ ਸਿੰਘ ਨੂੰ ਏ ਜੀ ਆਈ ਹਫਤਾਵਾਰੀ ਕ੍ਰਿਕਟ ਲੀਗ ਦੇ ਮੈਚ ਵਿੱਚ ਸਰਵੋਤਮ ਆਲਰਾਊਂਡਰ ਐਲਾਨ ਕੀਤਾ ਗਿਆ। ਇਹ ਮੈਚ ਜਲੰਧਰ ਹਾਈਟਸ 1, 66 ਫੁੱਟ ਰੋਡ, ਜਲੰਧਰ ਵਿਖੇ ਸਥਿਤ ਏ ਜੀ ਆਈ ਕ੍ਰਿਕਟ ਗਰਾਊਂਡ ਵਿੱਚ ਖੇਡਿਆ





ਗਿਆ। ਮੈਚ ਜਲੰਧਰ ਹਾਈਟਸ 1 ਅਤੇ ਉਰਬਾਨਾ ਕ੍ਰਿਕਟ ਟੀਮਾਂ ਦਰਮਿਆਨ ਖੇਡਿਆ ਗਿਆ, ਜਿਸ ਨੂੰ ਜਲੰਧਰ ਹਾਈਟਸ 1 ਨੇ 35 ਰਨਾਂ ਨਾਲ ਜਿੱਤ ਲਿਆ। ਜਲੰਧਰ ਹਾਈਟਸ 1 ਨੇ 132 ਰਨ ਬਣਾਏ ਜਦਕਿ ਉਰਬਾਨਾ ਦੀ ਟੀਮ 97 ਰਨਾਂ 'ਤੇ ਹੀ ਰੁਕ ਗਈ।ਟਾਸ ਜਿੱਤ ਕੇ ਜਲੰਧਰ ਹਾਈਟਸ 1 ਨੇ ਪਹਿਲਾਂ ਬੱਲੇਬਾਜ਼ੀ ਕੀਤੀ। ਟੀਮ ਵੱਲੋਂ ਮਿਸਟਰ ਰਾਜਵੀਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 54 ਰਨ ਬਣਾਏ, ਜਿਸ ਵਿੱਚ ਛੇ ਛੱਕੇ ਅਤੇ ਚਾਰ ਚੌਕੇ ਸ਼ਾਮਲ ਸਨ। ਮਿਸਟਰ ਸੁਖਦੇਵ ਸਿੰਘ ਨੇ 36 ਰਨ ਬਣਾਏ, ਰੋਹਿਤ ਥਾਪਰ ਨੇ 20 ਰਨ, ਜਤਿੰਦਰ ਕੁਮਾਰ ਨੇ 12 ਰਨ, ਸੋਨੂ ਨੇ 6 ਅਤੇ ਸਨੀ ਨੇ 4 ਰਨ ਬਣਾਏ।132 ਰਨਾਂ ਦੇ ਲਕਸ਼ ਦਾ ਪਿੱਛਾ ਕਰਦਿਆਂ ਉਰਬਾਨਾ ਦੀ ਟੀਮ ਸਿਰਫ 97 ਰਨ ਹੀ ਬਣਾ ਸਕੀ। ਉਨ੍ਹਾਂ ਵੱਲੋਂ ਮਿਸਟਰ ਬਲਬੀਰ ਸਿੰਘ ਨੇ ਸਭ ਤੋਂ ਵੱਧ 42 ਰਨ ਬਣਾਏ, ਮਿਸਟਰ ਗੌਰੀ ਨੇ 26 ਰਨ ਅਤੇ ਮਿਸਟਰ ਕੁਲਦੀਪ ਸਿੰਘ ਨੇ 10 ਰਨ ਬਣਾਏ। ਇਸ ਤੋਂ ਇਲਾਵਾ ਇਸ਼ੁਪਾਲ ਨੇ 8 ਰਨ, ਲਵ ਨੇ 5, ਜਸਤਰਣ ਨੇ 4 ਅਤੇ ਸੁਰੇਸ਼ ਨੇ 2 ਰਨ ਬਣਾਏ।ਜਲੰਧਰ ਹਾਈਟਸ 1 ਦੇ ਮਿਸਟਰ ਰੋਹਿਤ ਥਾਪਰ ਨੇ 3 ਵਿਕਟਾਂ ਲਈਆਂ ਅਤੇ ਉਨ੍ਹਾਂ ਨੂੰ ਮੈਚ ਦਾ ਸਰਵੋਤਮ ਗੇਂਦਬਾਜ਼ ਐਲਾਨ ਕੀਤਾ ਗਿਆ।

## ਕਰੰਟ ਲੱਗਣ ਨਾਲ ਮਕੈਨਿਕ ਝੁਲਸਿਆ

**ਫ਼ਿਲੌਰ (ਨਿਰਮਲ, ਹਰਜਿੰਦਰ ਕੌਰ ਚਾਹਲ)**- ਨਜ਼ਦੀਕ ਪਿੰਡ ਰਾਮਗੜ੍ਹ ਨੈਸ਼ਨਲ ਹਾਈਵੇ 'ਤੇ ਜਾਣਕਾਰੀ ਮੁਤਾਬਕ ਇੱਕ ਟਿੱਪਰ ਮਾਲਕ ਆਪਣੇ ਵਾਹਨ ਦੀਆਂ ਕਮਾਨੀਆਂ (ਟਰਾਲਾ) ਠੀਕ ਕਰਵਾਉਣ ਲਈ ਸੜਕ ਕਿਨਾਰੇ ਬਣੀਆਂ ਦੁਕਾਨਾਂ 'ਤੇ ਗਿਆ ਹੋਇਆ ਸੀ।ਦੱਸਿਆ ਜਾ ਰਿਹਾ ਹੈ ਕਿ ਉਸ ਥਾਂ ਉੱਪਰੋਂ ਹਾਈ ਵੋਲਟੇਜ ਬਿਜਲੀ ਦੀਆਂ ਤਾਰਾਂ ਲੰਘ ਰਹੀਆਂ ਸਨ। ਕੰਮ ਦੌਰਾਨ ਡਰਾਈਵਰ ਵੱਲੋਂ ਟਿੱਪਰ ਦਾ ਟਰਾਲਾ ਉੱਪਰ ਚੁੱਕ ਦਿੱਤਾ ਗਿਆ, ਜੋ ਸਿੱਧਾ ਬਿਜਲੀ ਦੀਆਂ ਤਾਰਾਂ ਨਾਲ ਜਾ ਟਕਰਾਇਆ। ਇਸ ਕਾਰਨ ਟਿੱਪਰ ਥੱਲੇ ਕੰਮ ਕਰ ਰਹੇ ਮਕੈਨਿਕ ਨੂੰ ਕਰੰਟ ਲੱਗ ਗਿਆ।ਕਰੰਟ ਲੱਗਣ ਨਾਲ ਨਾ ਸਿਰਫ ਮਕੈਨਿਕ ਬੁਰੀ ਤਰ੍ਹਾਂ ਨਾਲ ਝੁਲਸ ਕੇ ਗੰਭੀਰ ਜ਼ਖ਼ਮੀ ਹੋ ਗਿਆ ਸਗੋਂ ਬਿਜਲੀ ਦੀਆਂ ਤਾਰਾਂ ਦੇ ਸ਼ਾਰਟ ਸਰਕਟ ਨਾਲ ਕਈ ਦੁਕਾਨਾਂ ਦੇ ਬਿਜਲੀ ਮੀਟਰ ਵੀ ਜ਼ੋਰਦਾਰ ਝਟਕੇ ਨਾਲ ਉੱਡ ਗਏ। ਜ਼ਖ਼ਮੀ ਮਕੈਨਿਕ ਅਮਰੀਕ ਸਿੰਘ ਵਾਸੀ ਲਸਾੜਾ ਨੂੰ ਤੁਰੰਤ ਫਿਲੌਰ ਦੇ ਸਿਵਲ ਹਸਪਤਾਲ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਮੁਢਲੀ ਸਹਾਇਤਾ ਦੇਣ ਉਪਰੰਤ ਉਸ ਦੀ ਨਾਜ਼ੁਕ ਹਾਲਤ ਨੂੰ ਦੇਖਦੇ ਹੋਏ ਜਲੰਧਰ ਰੈਫਰ ਕਰ ਦਿੱਤਾ।

## ਕੁੱਲ ਹਿੰਦ ਕਿਸਾਨ ਸਭਾ ਨੇ ਮਨਾਇਆ 90ਵਾਂ ਸਥਾਪਨਾ ਦਿਵਸ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਕੁੱਲ ਹਿੰਦ ਕਿਸਾਨ ਸਭਾ ਵੱਲੋਂ 90ਵੇਂ ਸਥਾਪਨਾ ਦਿਵਸ ਪਿੰਡ ਭੱਜਲ ਵਿਖੇ ਰਜਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ ਜਿਸ ਨੂੰ ਕੁੱਲ ਹਿੰਦ ਕਿਸਾਨ



ਸਭਾ ਦੇ ਸੂਬਾ ਸਕੱਤਰ ਗੁਰਨੇਕ ਸਿੰਘ ਭੱਜਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਿਸਾਨ ਸਭਾ ਦੀ ਸਥਾਪਨਾ 22 ਅਪ੍ਰੈਲ 1936 ਨੂੰ ਲਖਨਊ ਵਿਖੇ ਹੋਈ ਕਿਸਾਨਾਂ ਦੀਆਂ ਮੰਗਾਂ ਦੇ ਨਾਲ ਨਾਲ ਦੇਸ਼ ਦੀ ਆਜ਼ਾਦੀ ਵਿੱਚ ਅਹਿਮ ਯੋਗਦਾਨ ਪਾਉਣ ਵਾਲੀ ਇਹ ਪਹਿਲੀ ਜਥੇਬੰਦੀ ਹੈ ਜਿਸ ਨੇ ਜਗੀਰਦਾਰੀ ਖ਼ਿਲਾਫ਼ ਤਿੱਖੇ ਸੰਘਰਸ਼ਾਂ ਨਾਲ ਜ਼ਮੀਨੀ ਘੋਲ ਲੜੇ ਤੇ ਜਿੱਤਾਂ ਪ੍ਰਾਪਤ ਕੀਤੀਆਂ ਬੰਨੇ ਤੇ ਅੱਦੋ ਅੱਦ ਦੀ ਲੜਾਈ ਮੁਜ਼ਾਹਰਾ ਘੋਲ ਖੁਸਹਤੈਸੀ ਘੋਲ ਕਰਜ਼ਾ ਮੁਕਤੀ ਘੋਲ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਤਿੰਨ ਕਾਲੇ ਕਾਨੂੰਨ ਖ਼ਿਲਾਫ਼ ਸੰਘਰਸ਼ ਜਮੀਨ ਆਦਗਰਿਹਣ ਪੰਜਾਬ ਸਰਕਾਰ ਵੱਲੋਂ ਲੈਂਡ ਪੁਲਿੰਗ ਦੀ ਲੜਾਈ ਲੜੀ ਤੇ ਜਿੱਤਾਂ ਪ੍ਰਾਪਤ ਕੀਤੀਆਂ। ਇਸ ਮੌਕੇ ਕਸ਼ਮੀਰ ਸਿੰਘ, ਸਤਨਾਮ ਸਿੰਘ ਢਿੱਲੋਂ, ਝਲਮਣ ਸਿੰਘ ਕੂਨਰ, ਗਗਨ ਗੱਗੂ, ਦਿਲਾਵਰ ਸਿੰਘ, ਗੱਗੀ ਬੈਂਸ, ਝਲਮਨ ਸਿੰਘ ਬੈਂਸ, ਜਸਪ੍ਰੀਤ ਸਿੰਘ, ਸਤਨਾਮ ਸਿੰਘ, ਦਵਿੰਦਰ ਸਿੰਘ, ਗੁਰਨਾਮ ਸਿੰਘ, ਬਲਵਿੰਦਰ ਸਿੰਘ, ਬਲਵੀਰ ਸਿੰਘ, ਦੀਪਾ ਮਾਣਕ, ਹਰਭਜਨ ਸਿੰਘ, ਹਰਿੰਦਰ ਮਾਣਕ, ਨਵਦੀਪ ਸਿੰਘ, ਦੀਪਾ ਗੋਲੀਆਂ ਆਏ ਸਾਥੀਆਂ ਦਾ ਰਜਿੰਦਰ ਸਿੰਘ ਵੱਲੋਂ ਧੰਨਵਾਦ ਕੀਤਾ ਗਿਆ।

## ਡਿਪਟੀ ਕਮਿਸ਼ਨਰ ਨੇ ਕੁਲਦੀਪ ਸਿੰਘ ਗੜਗੱਜ ਨਾਲ ਕੀਤੀ ਮੁਲਾਕਾਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਡਿਪਟੀ ਕਮਿਸ਼ਨਰ ਰੂਪਨਗਰ ਅਦਿੱਤਿਆ ਡੇਚਲਵਾਲ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕਰਕੇ ਖਾਲਸਾ ਸਾਜਣਾ ਦਿਵਸ ਵਿਸਾਖੀ ਮੌਕੇ ਕੀਤੇ ਪ੍ਰਬੰਧਾਂ ਤੇ ਕੀਰਤਪੁਰ ਸਾਹਿਬ ਸਥਾਪਨਾ ਦਿਵਸ ਸ਼ਤਾਬਦੀ ਸਮਾਗਮਾਂ ਮੌਕੇ ਕੀਤੇ ਜਾਣ



ਵਾਲੇ ਪ੍ਰਬੰਧਾਂ ਸਬੰਧੀ ਵਿਚਾਰ ਚਰਚਾ ਕੀਤੀ। ਡਿਪਟੀ ਕਮਿਸ਼ਨਰ ਨੇ ਸਿੰਘ ਸਾਹਿਬ ਨੂੰ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਖਾਲਸਾ ਸਾਜਣਾ ਦਿਵਸ ਮੌਕੇ ਸ਼ਰਧਾਲੂਆਂ ਦੀ ਆਮਦ ਲਈ ਸ੍ਰੀ ਅਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਵਿਖੇ ਢੁਕਵੇ ਪ੍ਰਬੰਧ ਕੀਤੇ ਗਏ ਹਨ। ਟ੍ਰੈਫਿਕ ਵਿਵਸਥਾ ਤੇ ਸੰਗਤਾਂ ਦੀ ਆਮਦ ਨੂੰ ਵੇਖਦੇ ਹੋਏ ਬਾਕੀ ਪ੍ਰਬੰਧ ਵੀ ਮੁਕੰਮਲ ਕਰ ਲਏ ਹਨ। ਉਨ੍ਹਾਂ ਨੇ ਦੱਸਿਆ ਕਿ ਕੀਰਤਪੁਰ ਸਾਹਿਬ ਦੇ 400 ਸਾਲਾ ਸ਼ਤਾਬਦੀ ਸਮਾਗਮ ਲਈ ਵੀ ਪ੍ਰਬੰਧਾਂ ਦੀ ਰੂਪ ਰੇਖਾ ਤਿਆਰ ਕੀਤੀ ਗਈ ਹੈ। 29 ਅਪ੍ਰੈਲ ਤੋਂ 01 ਮਈ ਤੱਕ ਕੀਰਤਪੁਰ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਲਈ ਪ੍ਰਸ਼ਾਸਨ ਵੱਲੋਂ ਅਗਾਓ ਤਿਆਰੀਆਂ ਕਰ ਲਈਆਂ ਜਾਣਗੀਆਂ।

# ਗੌਰਵ ਖੰਨਾ ਨੇ ਨੌਜਵਾਨਾਂ ਨਾਲ ਆਪਣੇ ਤਜਰਬੇ ਕੀਤੇ ਸਾਂਝੇ

**ਜਲੰਧਰ (ਸ਼ੈਲੀ ਐਲਬਰਟ)**- ਪ੍ਰੇਰਨਾ ਅਤੇ ਜੀਵੰਤ ਗੱਲਬਾਤ ਦੇ ਮਨਮੋਹਕ ਮਿਸ਼ਰਣ ਵਿੱਚ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਪ੍ਰਸਿੱਧ ਅਦਾਕਾਰ ਤੇ ਬਿੱਗ ਬੌਸ 19 ਅਤੇ ਸੇਲਿਬ੍ਰਿਟੀ ਮਾਸਟਰ ਸ਼ੈੱਫ ਜੇਤੂ ਗੌਰਵ ਖੰਨਾ ਨਾਲ ਇੱਕ



ਸ਼ਕਤੀਸ਼ਾਲੀ ਯੁਵਾ ਗੱਲਬਾਤ ਦੀ ਮੇਜ਼ਬਾਨੀ ਕੀਤੀ। ਨਿੱਜੀ ਅਨੁਭਵਾਂ ਅਤੇ ਅਸਾਧਾਰਨ ਪਲਾਂ ਨੂੰ ਇਕੱਠਾ ਕਰਦੇ ਹੋਏ, ਸੈਸ਼ਨ ਹਿੰਮਤ, ਵਿਕਾਸ ਅਤੇ ਸਵੈ-ਵਿਸ਼ਵਾਸ ਦੀ ਇੱਕ ਸ਼ਕਤੀਸ਼ਾਲੀ ਕਹਾਣੀ ਦੇ ਰੂਪ ਵਿੱਚ ਸਾਹਮਣੇ ਆਇਆ।ਐਲ ਪੀ ਯੂ ਦੀ ਪ੍ਰੋ-ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਦੀ ਮੌਜੂਦਗੀ ਨੇ ਪ੍ਰੋਗਰਾਮ ਦੀ ਮਹੱਤਤਾ ਨੂੰ ਹੋਰ ਵਧਾ ਦਿੱਤਾ, ਜੋ ਕਿ ਪ੍ਰੇਰਨਾ ਅਤੇ ਅਰਥਪੂਰਨ ਗੱਲਬਾਤ ਦਾ ਇੱਕ ਸੰਪੂਰਨ ਮਿਸ਼ਰਣ ਸੀ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਖੰਨਾ ਨੇ ਮਨੋਰੰਜਨ ਉਦਯੋਗ ਵਿੱਚ ਆਪਣੀ 20 ਸਾਲਾਂ ਦੀ ਯਾਤਰਾ ਦਾ ਜ਼ਿਕਰ ਕੀਤਾ, ਜੋ ਕਿ ਗਿਣਿਆ-ਮਿਣਿਆ ਜੋਖਮਾਂ, ਬਦਲਦੇ ਮੌਕਿਆਂ ਤੇ ਕਦੇ ਨਾ ਹਾਰਨ ਵਾਲੀ ਭਾਵਨਾ ਨਾਲ ਭਰੀ ਹੋਈ ਸੀ। ਸਕੂਲ ਆਫ਼ ਹੋਟਲ ਮੈਨੇਜਮੈਂਟ ਐਂਡ ਟੂਰਿਜ਼ਮ ਦੇ ਵਿਦਿਆਰਥੀਆਂ ਨਾਲ ਗੱਲਬਾਤ ਕਰਦੇ ਹੋਏ, ਖੰਨਾ ਨੇ ਸੇਲਿਬ੍ਰਿਟੀ ਮਾਸਟਰ ਸ਼ੈੱਫ 'ਤੇ ਆਪਣੇ ਅਨੁਭਵ ਸਾਂਝੇ ਕੀਤੇ। ਉਸਨੇ ਵਿਹਾਰਕ ਸੁਝਾਅ ਅਤੇ ਰਚਨਾਤਮਕ ਤਕਨੀਕਾਂ ਸਾਂਝੀਆਂ ਕੀਤੀਆਂ, ਜੋ ਉਭਰਦੇ ਪੇਸ਼ੇਵਰਾਂ ਨੂੰ ਆਪਣੇ ਕੰਮ ਵਿੱਚ ਨਵੀਨਤਾ ਦੀਆਂ ਨਵੀਆਂ ਸੀਮਾਵਾਂ ਤੱਕ ਪਹੁੰਚਣ ਲਈ ਪ੍ਰੇਰਿਤ ਕਰਦੀਆਂ ਹਨ। ਇੱਕ ਇੰਟਰਐਕਟਿਵ ਪੈਨਲ ਚਰਚਾ ਦੌਰਾਨ, ਉਸਨੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦਿੱਤੇ, ਨਿਰੰਤਰ ਸਫਲਤਾ ਬਣਾਈ ਰੱਖਣ ਤੋਂ ਲੈ ਕੇ ਰਾਜਨੀਤੀ ਵਿੱਚ ਦਾਖਲ ਹੋਣ ਦੀ ਸੰਭਾਵਨਾ ਤੱਕ, ਵਿਭਿੰਨ ਵਿਸ਼ਿਆਂ ਨੂੰ ਕਵਰ ਕੀਤੇ।

## ਚੌਂਕੀ ਇੰਚਾਰਜ ਨੇ ਅਹੁਦਾ ਸੰਭਾਲਿਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਅਨੰਦਪੁਰ ਸਾਹਿਬ ਦੇ ਨਵ ਨਿਯੁਕਤ ਚੌਂਕੀ ਇੰਚਾਰਜ



ਸਰਤਾਜ ਸਿੰਘ ਨੇ ਆਪਣਾ ਅਹੁਦਾ ਸੰਭਾਲਦਿਆਂ ਹੀ ਹੁੱਲੜਬਾਜੀ ਕਰਨ ਵਾਲਿਆਂ ਨੂੰ ਸਖਤ ਚੇਤਾਵਨੀ ਦਿੱਤੀ ਹੈ। ਉਹਨਾਂ ਕਿਹਾ ਕਿ ਗੁਰੂ ਨਗਰੀ ਇੱਕ ਪਵਿੱਤਰ ਥਾਂ ਹੈ ਜਿੱਥੇ ਹਰ ਰੋਜ਼ ਦੇਸ਼-ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਣ ਲਈ ਆਉਂਦੀਆਂ ਹਨ।ਵਿਸਾਖੀ ਦੇ ਦਿਹਾੜੇ ਨੂੰ ਦੇਖਦਿਆਂ ਇੱਥੇ ਆਉਣ ਵਾਲੀਆਂ ਸੰਗਤਾਂ ਦੀ ਗਿਣਤੀ ਵਿੱਚ ਹੋਰ ਵੀ ਵਾਧਾ ਹੋ ਜਾਂਦਾ ਹੈ, ਜੋ ਬਹੁਤ ਸ਼ਰਧਾ ਤੇ ਸਤਿਕਾਰ ਨਾਲ ਗੁਰ ਅਸਥਾਨਾਂ ਦੇ ਦਰਸ਼ਨ ਕਰਦੀਆਂ ਹਨ।ਉਹਨਾਂ ਕਿਹਾ ਕਿ ਕੁਝ ਮਨਚਲੇ ਨੌਜਵਾਨਾਂ ਵੱਲੋਂ ਕੀਤੀ ਜਾਣ ਵਾਲੀ ਹੁੱਲੜਬਾਜੀ ਸੰਗਤਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀ ਹੈ ਅਤੇ ਇਸ ਨਾਲ ਹਾਦਸਿਆਂ ਦਾ ਖਤਰਾ ਵੀ ਬਣਿਆ ਰਹਿੰਦਾ ਹੈ।

## ਐੱਸ ਡੀ ਕਾਲਜ ਫਾਰ ਵੂਮੈਨ 'ਚ ਸੀਨੀਅਰਜ਼ ਨੂੰ ਵਿਦਾਇਗੀ ਪਾਰਟੀ

**ਸੁਲਤਾਨਪੁਰ ਲੋਧੀ (ਹਨੀ)**- ਐਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਵਿਖੇ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਯੋਗ ਅਗਵਾਈ ਵਿਚ ਸੀਨੀਅਰ ਵਿਦਿਆਰਥਣਾਂ ਲਈ ਵਿਦਾਇਗੀ ਸਮਾਰੋਹ ਬੜੀ ਧੂਮਧਾਮ ਨਾਲ ਆਯੋਜਿਤ ਗਿਆ। ਸਮਾਗਮ ਦੀ ਰੂਪ



ਰੇਖਾ, ਮੰਚ ਸੰਚਾਲਨ ਅਤੇ ਵੱਖ-ਵੱਖ ਗਤੀਵਿਧੀਆਂ ਦਾ ਸਫਲ ਪ੍ਰਬੰਧ ਮੈਡਮ ਕਸ਼ਮੀਰ ਕੌਰ ਵੱਲੋਂ ਕੀਤਾ ਗਿਆ। ਸਟੇਜ ਦਾ ਸੰਚਾਲਨ ਬੀਏ ਭਾਗ ਦੂਜਾ ਦੀਆਂ ਵਿਦਿਆਰਥਣਾਂ ਨਵਜੋਤ ਕੌਰ ਮੱਟੂ ਅਤੇ ਅਮਨਦੀਪ ਕੌਰ ਵੱਲੋਂ ਕੀਤਾ ਗਿਆ। ਇਸ ਦੌਰਾਨ ਜੂਨੀਅਰ ਵਿਦਿਆਰਥਣਾਂ ਵੱਲੋਂ ਗਿੱਧਾ, ਭੰਗੜਾ, ਗੀਤ, ਡਾਂਸ ਆਦਿ ਆਈਟਮਾਂ ਪੇਸ਼ ਕੀਤੀਆਂ ਗਈਆਂ, ਜਦਕਿ ਸੀਨੀਅਰ ਵਿਦਿਆਰਥਣਾਂ ਦਰਮਿਆਨ ਆਯੋਜਿਤ ਮਾਡਲਿੰਗ ਸ਼ੋਅ ਸਮਾਗਮ ਦਾ ਮੁੱਖ ਆਕਰਸ਼ਣ ਰਿਹਾ। ਵੱਖ ਵੱਖ ਰਾਉਂਡ 'ਚੋਂ ਗੁਜ਼ਰਦਿਆਂ ਨਵਦੀਪ ਕੌਰ ਮਿਸ ਐਸ ਡੀ ਦੇ ਖ਼ਿਤਾਬ 'ਤੇ ਕਬਜ਼ਾ ਕਰਨ 'ਚ ਸਫਲ ਰਹੀ । ਰਮਨਦੀਪ ਕੌਰ ਫਸਟ ਰਨਰਅੱਪ ਅਤੇ ਜੈਸਮੀਨ ਕੌਰ ਸੈਕੰਡ ਰਨਰਅੱਪ ਰਹੀ। ਸ਼ਰਨਪ੍ਰੀਤ ਕੌਰ ਤੇ ਕਮਲਪ੍ਰੀਤ ਕੌਰ ਸੁੰਦਰ ਪਹਿਰਾਵਾ, ਸਿਮਰਜੀਤ ਕੌਰ ਬਿਊਟੀਫੁਲ ਹੇਅਰ, ਰਮਨਪ੍ਰੀਤ ਕੌਰ ਮੋਸਟ ਚਾਰਮਿੰਗ ਸਮਾਈਲ, ਸੰਜੀਵਨ ਕੌਰ ਮਿਸ ਕਾਨਫੀਡੈਂਸ ਅਤੇ ਰਮਨਦੀਪ ਕੌਰ ਮਿਸ ਸਿਮਪਲੀਸਿਟੀ ਦਾ ਖ਼ਿਤਾਬ ਹਾਸਲ ਕਰਨ ਵਿਚ ਸਫ਼ਲ ਰਹੀ। ਸਮਾਗਮ ਦੇ ਅੰਤ ਵਿਚ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਨੇ ਜੇਤੂਆਂ ਨੂੰ ਸਨਮਾਨਤ ਕੀਤਾ ਅਤੇ ਫਾਈਨਲ ਵਰ੍ਹੇ ਦੀਆਂ ਵਿਦਿਆਰਥਣਾਂ ਨੂੰ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ ।

## ਸੇਵਾ ਕੇਂਦਰ 'ਚ ਬਜ਼ੁਰਗਾਂ ਦੀ ਦੁਰਦਸ਼ਾ ਲਈ ਸਰਕਾਰ ਜ਼ਿੰਮੇਵਾਰ : ਵਿਨੋਦ ਚੁੱਘ

**ਲਾਲੜੂ (ਵਿਨੈ ਕੁਮਾਰ ਜੈਨ)**- ਲਾਲੜੂ ਮੰਡੀ ਦੇ ਸੇਵਾ ਕੇਂਦਰ ਵਿੱਚ ਬਜ਼ੁਰਗ ਮਹਿਲਾਵਾਂ ਦੀ ਹੋ ਰਹੀ ਦੁਰਦਸ਼ਾ ਨੇ ਪ੍ਰਸ਼ਾਸਨਿਕ ਪ੍ਰਬੰਧਾਂ ਅਤੇ ਸਰਕਾਰੀ ਨੀਤੀਆਂ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ। ਇਸ



ਸਬੰਧੀ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਦੇ ਜ਼ਿਲ੍ਹਾ ਮੋਹਾਲੀ ਦੇ ਸਹਾਇਕ ਸਕੱਤਰ ਵਿਨੋਦ ਚੁੱਘ ਨੇ ਤਿੱਖਾ ਪ੍ਰਤੀਕਰਮ ਦਿੰਦਿਆਂ ਸਰਕਾਰ 'ਤੇ ਵੋਟਾਂ ਦੀ ਸਿਆਸਤ ਕਰਨ ਦੇ ਦੋਸ਼ ਲਗਾਏ ਹਨ।ਵਿਨੋਦ ਚੁੱਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਲਾਲੜੂ ਦੇ ਸੇਵਾ ਕੇਂਦਰ ਵਿੱਚ 70 ਸਾਲ ਤੋਂ ਵਧੇਰੇ ਉਮਰ ਦੀਆਂ ਬਜ਼ੁਰਗ ਮਾਵਾਂ-ਭੈਣਾਂ ਤੜਕਸਾਰ ਤੋਂ ਹੀ ਲੰਬੀਆਂ ਲਾਈਨਾਂ ਵਿੱਚ ਲੱਗਣ ਲਈ ਮਜਬੂਰ ਹਨ।ਭਾਰੀ ਗਰਮੀ ਅਤੇ ਤੇਜ਼ ਧੁੱਪ ਵਿੱਚ ਖੜ੍ਹੇ ਇਨ੍ਹਾਂ ਬਜ਼ੁਰਗਾਂ ਲਈ ਨਾ ਤਾਂ ਪੀਣ ਵਾਲੇ ਪਾਣੀ ਦਾ ਸਹੀ ਪ੍ਰਬੰਧ ਹੈ ਅਤੇ ਨਾ ਹੀ ਬੈਠਣ ਲਈ ਕੋਈ ਛਾਂਦਾਰ ਜਗ੍ਹਾ। ਸੀ ਪੀ ਆਈ ਆਗੂ ਨੇ ਸਰਕਾਰ ਦੀ ਵਿੱਤੀ ਸਹਾਇਤਾ ਨੀਤੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਐੱਸ ਸੀ ਸ਼੍ਰੇਣੀ ਲਈ 1500 ਰੁਪਏ ਅਤੇ ਜਨਰਲ ਸ਼੍ਰੇਣੀ ਲਈ 1000 ਰੁਪਏ ਨਿਰਧਾਰਤ ਕਰਨਾ ਪੂਰੀ ਤਰ੍ਹਾਂ ਤਰਕਹੀਣ ਤੇ ਵੰਡੀਆਂ ਪਾਉਣ ਵਾਲੀ ਰਾਜਨੀਤੀ ਹੈ।

## ਚੰਨੂੰਵਾਲਾ ਕੋਆਪ੍ਰੇਟਿਵ ਸੁਸਾਇਟੀ ਦੀ ਸਰਬਸੰਮਤੀ ਨਾਲ ਚੋਣ

### ਭਜਨ ਸਿੰਘ ਪ੍ਰਧਾਨ ਤੇ ਨਵਦੀਪ ਸਿੰਘ ਮੀਤ ਪ੍ਰਧਾਨ ਬਣੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪਿੰਡ ਚੰਨੂੰਵਾਲਾ ਵਿਖੇ ਕੋਆਪ੍ਰੇਟਿਵ ਸੁਸਾਇਟੀ ਦੀ ਚੋਣ ਬੜੀ ਸ਼ਾਂਤੀਪੂਰਨ ਢੰਗ ਨਾਲ ਸਰਪੰਚ ਕੁਲਜੀਤ ਸਿੰਘ ਲੱਖਾ ਦੀ ਅਗਵਾਈ ਵਿੱਚ ਕਰਵਾਈ ਗਈ, ਜਿਸ ਦੌਰਾਨ ਪਿੰਡ ਵਾਸੀਆਂ ਵੱਲੋਂ ਸਰਬਸੰਮਤੀ ਨਾਲ ਨਵੀਂ ਬਾਡੀ ਦੀ ਚੋਣ ਕੀਤੀ ਗਈ।ਇਸ ਚੋਣ ਵਿਚ ਭਜਨ ਸਿੰਘ ਨੂੰ ਪ੍ਰਧਾਨ ਤੇ ਨਵਦੀਪ ਸਿੰਘ ਨੂੰ ਮੀਤ ਪ੍ਰਧਾਨ ਚੁਣਿਆ ਗਿਆ।ਚੋਣ ਪ੍ਰਕਿਰਿਆ ਦੌਰਾਨ ਪਿੰਡ ਦੇ ਲੋਕਾਂ ਵਿਚ ਭਰਪੂਰ ਇਕਜੁੱਟਤਾ ਤੇ ਸਹਿਮਤੀ ਦੇਖਣ ਨੂੰ ਮਿਲੀ।ਸਰਪੰਚ ਕੁਲਜੀਤ ਸਿੰਘ ਲੱਖਾ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਕੋਆਪ੍ਰੇਟਿਵ ਸੁਸਾਇਟੀ ਪਿੰਡ ਦੀ ਆਰਥਿਕ ਤੇ ਖੇਤੀਬਾੜੀ ਸਬੰਧੀ ਗਤੀਵਿਧੀਆਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।ਇਸ ਲਈ ਸੁਸਾਇਟੀ ਦੀ ਚੋਣ ਨੂੰ ਲੈ ਕੇ ਪਿੰਡ ਵਾਸੀਆਂ ਵਿੱਚ ਕਾਫੀ ਉਤਸ਼ਾਹ ਸੀ, ਪਰ ਇਸ ਵਾਰ ਚੋਣ ਬਿਨਾਂ ਕਿਸੇ ਟਕਰਾਅ ਦੇ ਸਰਬਸੰਮਤੀ ਨਾਲ ਹੋਈ, ਜਿਸ ਨਾਲ ਪਿੰਡ ਦੀ ਭਾਈਚਾਰਕ ਸਾਂਝ ਦਾ ਸੁੰਦਰ ਉਦਾਹਰਨ ਸਾਹਮਣੇ ਆਇਆ ਹੈ।ਨਵ-ਚੁਣੇ ਪ੍ਰਧਾਨ ਭਜਨ ਸਿੰਘ ਨੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਨਿਸ਼ਠਾ ਨਾਲ ਨਿਭਾਇਆ ਜਾਵੇਗਾ।ਇਸੇ ਤਰ੍ਹਾਂ ਮੀਤ ਪ੍ਰਧਾਨ ਨਵਦੀਪ ਸਿੰਘ ਨੇ ਵੀ ਭਰੋਸਾ ਦਿੱਤਾ ਕਿ ਉਹ ਪ੍ਰਧਾਨ ਨਾਲ ਮਿਲ ਕੇ ਸੁਸਾਇਟੀ ਦੇ ਵਿਕਾਸ ਲਈ ਕੰਮ ਕਰਨਗੇ।ਇਸ ਮੌਕੇ ਪੰਚਾਇਤ ਮੈਂਬਰ ਹਰਪ੍ਰੀਤ ਸਿੰਘ, ਹਰਨੇਕ ਸਿੰਘ, ਕਿਸਾਨ ਯੂਨੀਅਨ ਲੱਖੋਵਾਲ ਨਾਲ ਸੰਬੰਧਤ ਗੁਰਬਚਨ ਸਿੰਘ, ਹਰਮੇਲ ਸਿੰਘ, ਬੇਅੰਤ ਸਿੰਘ, ਨਛੱਤਰ ਸਿੰਘ, ਲਖਵਿੰਦਰਪਾਲ ਸਿੰਘ, ਭੁਪਿੰਦਰ ਸਿੰਘ, ਕੁਲਵਿੰਦਰ ਸਿੰਘ, ਜਸਵੀਰ ਕੌਰ ਅਤੇ ਪਰਮਜੀਤ ਕੌਰ ਸਮੇਤ ਹੋਰ ਕਈ ਪ੍ਰਮੁੱਖ ਹਸਤੀਆਂ ਮੌਜੂਦ ਸਨ।ਚੋਣ ਦੇ ਅੰਤ 'ਤੇ ਪਿੰਡ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ ਤੇ ਲੋਕਾਂ ਨੇ ਇਕ ਦੂਜੇ ਨੂੰ ਵਧਾਈਆਂ ਦਿੱਤੀਆਂ।

## ਸਬਜ਼ੀ ਮੰਡੀ 'ਚ ਨਵੀਆਂ ਦੁਕਾਨਾਂ ਦੀ ਉਸਾਰੀ ਜਲਦ ਸ਼ੁਰੂ ਹੋਵੇਗੀ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਸਬਜ਼ੀ ਮੰਡੀ ਮੋਗਾ ਵਿੱਚ ਦੁਕਾਨਦਾਰਾਂ ਨਾਲ ਗੱਲਬਾਤ ਕਰਦਿਆਂ ਦਰਪੇਸ਼ ਮੁਸ਼ਕਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ।ਇਸ ਮੌਕੇ ਉਨ੍ਹਾਂ ਨਾਲ ਨਗਰ ਨਿਗਮ ਮੋਗਾ ਦੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ, ਆਮ ਆਦਮੀ ਪਾਰਟੀ (ਆਪ) ਦੇ ਸ਼ਹਿਰੀ ਪ੍ਰਧਾਨ ਪ੍ਰੇਮ ਚੰਦ ਚੱਕੀ ਵਾਲਾ, ਸਬਜ਼ੀ ਮੰਡੀ ਦੇ ਦੁਕਾਨਦਾਰ ਰੋਸ਼ਨ ਲਾਲ ਚਾਵਲਾ ਤੇ ਰਾਕੇਸ਼ ਮਿੱਡਾ, ਸੀਨੀਅਰ ਆਪ ਆਗੂ ਗੁਰਮਿੰਦਰਜੀਤ ਸਿੰਘ ਬਬਲੂ, ਯੂਥ ਆਗੂ ਗੌਰਵ ਗਰਗ ਤੇ ਰਮਨ ਮੱਕੜ, ਰਾਕੇਸ਼ ਸਿਤਾਰਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਬਜ਼ੀ ਮੰਡੀ ਦੇ ਦੁਕਾਨਦਾਰ ਮੌਜੂਦ ਸਨ।ਇਸ ਮੌਕੇ ਬੋਲਦਿਆਂ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਉਨ੍ਹਾਂ ਨੇ ਮੋਗਾ ਦੀ ਅੰਦਰੂਨੀ ਸਬਜ਼ੀ ਮੰਡੀ ਦੇ ਦੁਕਾਨਦਾਰਾਂ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਦਿਆਂ ਨਵੀਆਂ ਦੁਕਾਨਾਂ ਦੀ ਉਸਾਰੀ ਸਬੰਧੀ ਇਹ ਮੀਟਿੰਗ ਕੀਤੀ।ਸਮਾਗਮ ਦੌਰਾਨ ਸਾਰੇ ਦੁਕਾਨਦਾਰਾਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਉਨ੍ਹਾਂ ਦੇ ਕੀਮਤੀ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ ਗਿਆ। ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਐਲਾਨ ਕੀਤਾ ਕਿ ਸਬਜ਼ੀ ਮੰਡੀ ਵਿੱਚ ਨਵੀਆਂ ਦੁਕਾਨਾਂ ਬਣਾਉਣ ਦਾ ਕੰਮ ਬਹੁਤ ਜਲਦੀ ਸ਼ੁਰੂ ਹੋ ਜਾਵੇਗਾ।ਇਸ ਪਹਿਲਕਦਮੀ ਨਾਲ ਮੰਡੀ ਦੀਆਂ ਸਹੂਲਤਾਂ ਵਿੱਚ ਹੋਰ ਸੁਧਾਰ ਹੋਣ ਤੇ ਵਪਾਰਕ ਗਤੀਵਿਧੀਆਂ ਨੂੰ ਹੁਲਾਰਾ ਮਿਲਣ ਦੀ ਉਮੀਦ ਹੈ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਵੀ ਕੋਈ ਸਮੱਸਿਆ ਆਉਂਦੀ ਹੈ, ਤਾਂ ਇਸ ਨੂੰ ਤੁਰੰਤ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ ਤਾਂ ਜੋ ਇਸ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਸਕੇ।ਉਨ੍ਹਾਂ ਸਬਜ਼ੀ ਮੰਡੀ ਦੇ ਦੁਕਾਨਦਾਰਾਂ ਦਾ ਉਨ੍ਹਾਂ ਵੱਲੋਂ ਦਿੱਤੇ ਗਏ ਸਤਿਕਾਰ ਤੇ ਸਨਮਾਨ ਲਈ ਧੰਨਵਾਦ ਕੀਤਾ।

## ਸਵੈ-ਰੋਜ਼ਗਾਰ ਲਈ ਡੇਅਰੀ ਫਾਰਮਿੰਗ ਦੀ ਸਿਖਲਾਈ ਦਿੱਤੀ

**ਮਾਨਸਾ (ਆਤਮਾ ਸਿੰਘ ਪਮਾਰ)**-ਪੇਂਡੂ ਸਵੈ-ਰੋਜ਼ਗਾਰ ਸਿਖਲਾਈ ਸੰਸਥਾ ਚਕੇਰੀਆਂ (ਆਰਸੈਟੀ) ਮਾਨਸਾ ਵੱਲੋਂ ਡੇਅਰੀ ਫਾਰਮਿੰਗ ਟ੍ਰੇਨਿੰਗ ਪ੍ਰੋਗਰਾਮ ਤਹਿਤ ਪਿੰਡਾਂ ਦੇ ਬੇਰੁਜ਼ਗਾਰ ਲੜਕੇ- ਲੜਕੀਆਂ ਨੂੰ ਸਵੈ-ਰੁਜ਼ਗਾਰ ਸ਼ੁਰੂ ਕਰਨ ਲਈ ਡੇਅਰੀ ਫਾਰਮਿੰਗ ਨਾਲ ਸਬੰਧਤ ਸਿਖਲਾਈ ਦਿੱਤੀ ਗਈ।ਇਸ ਮੌਕੇ ਡਾ. ਨਛੱਤਰ ਸਿੰਘ ਖਿਆਲਾ ਨੇ ਵੱਧ ਦੁੱਧ ਪੈਦਾ ਕਰਨ ਵਾਲੀਆਂ ਮੱਝਾਂ ਤੇ ਗਾਵਾਂ ਦੀਆਂ ਨਸਲਾਂ ਬਾਰੇ, ਵਰਮੀ ਕੰਪੋਸਟ ਖ਼ਾਦ ਮੇਕਿੰਗ, ਬਨਾਵਟੀ ਗਰਭਦਾਨ ਦੀਆਂ ਨਵੀਆਂ ਤਕਨੀਕਾਂ ਜਿਵੇਂ ਸੈਕਸਡ ਸੀਮਨ ਰਾਹੀਂ ਪਸ਼ੂਆਂ ਤੋਂ ਸਿਰਫ ਫੀਮੇਲ ਕਾਫ (ਵੱਛੀਆਂ/ਕੱਟੀਆਂ) ਪੈਦਾ ਕਰਨਾ, ਮਾਈਕਰੋਸਕੋਪਿਕ ਏ ਆਈ ਤਕਨੀਕ ਤੇ ਪਸ਼ੂਆਂ ਦੀ ਆਈਵੀਐੱਫ ਤਕਨੀਕ ਬਾਰੇ ਜਾਣਕਾਰੀ ਦਿੱਤੀ ਗਈ।ਇਸ ਦੌਰਾਨ ਨਵੇਂ ਵਿਸ਼ੇ ਜਿਵੇਂ ਅਜ਼ੋਲਾ ਚਾਰਾ, ਤੂੜੀ ਦਾ ਯੂਰੀਆ ਟ੍ਰੀਟਮੈਂਟ, ਅਲ਼ਫਾ ਅਲਫਾ ਚਾਰਾ, ਵੇਸਟ ਮੈਨੇਜਮੈਂਟ, ਸਾਈਲੇਜ਼ ਮੇਕਿੰਗ, ਸੰਤੁਲਿਤ ਖੁਰਾਕ, ਮੌਸਮੀ ਬਿਮਾਰੀਆਂ, ਵੈਕਸੀਨੇਸ਼ਨ, ਪਸ਼ੂਆਂ ਦੀ ਡੀ-ਵਰਮਿੰਗ, ਪਸ਼ੂਆਂ ਦੇ ਸ਼ੈਡਾਂ ਦੇ ਤਕਨੀਕੀ ਢੰਗ ਅਤੇ ਇਲਾਜ ਤੇ ਦਵਾਈਆਂ ਸਬੰਧੀ ਸੰਪੂਰਨ ਜਾਣਕਾਰੀ ਦਿੱਤੀ ਗਈ।ਡਾਇਰੈਕਟਰ ਸਰਵਜੀਤ ਕੌਰ ਨੇ ਸਿਖਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਤੇ ਆਪਣੇ ਸਵੈ-ਰੋਜ਼ਗਾਰ ਸ਼ੁਰੂ ਕਰਨ ਲਈ ਤਕਨੀਕੀ ਜਾਣਕਾਰੀ ਦਿੱਤੀ।ਇਸ ਪ੍ਰੋਗਰਾਮ ਦੌਰਾਨ ਆਰਸੈਟੀ ਟੀਮ ਦੇ ਕੋਆਰਡੀਨੇਟਰ ਕੁਲਵਿੰਦਰ ਸਿੰਘ, ਮਯੰਕ ਅਗਰਵਾਲ, ਵਰੁਣ ਕੌਸ਼ਲ, ਸਰਪੰਚ ਪਿੰਡ ਅਲੀਸ਼ੇਰ ਜੱਗਾ ਸਿੰਘ, ਰੇਸ਼ਮਾ ਕੌਰ ਨੇ ਵੀ ਸਿਖਲਾਈ ਦੌਰਾਨ ਆਪਣੀਆਂ ਸੇਵਾਵਾਂ ਦਿੱਤੀਆਂ।



## ਫਤਿਹਗੜ੍ਹ ਸਾਹਿਬ ਨੂੰ ਸਿਰਫ਼ ਫਤਿਹਗੜ੍ਹ ਲਿਖਣ 'ਤੇ ਚੇਅਰਮੈਨ ਢਿੱਲੋਂ ਨੇ ਜਤਾਇਆ ਇਤਰਾਜ਼




**ਸਰਹੰਦ ਮੰਡੀ (ਪ੍ਰਮੋਦ ਭਾਰਦਵਾਜ)**-ਮਾਰਕੀਟ ਕਮੇਟੀ ਫਤਿਹਗੜ੍ਹ ਸਾਹਿਬ (ਸਰਹਿੰਦ) ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਨੇ ਚੰਡੀਗੜ੍ਹ-ਸਰਹਿੰਦ ਰੋਡ 'ਤੇ 'ਭਾਰਤ ਮਾਲਾ ਪ੍ਰੋਜੈਕਟ' ਤਹਿਤ ਸਰਵਿਸ ਰੋਡ 'ਤੇ ਲਗਾਏ ਗਏ ਇੱਕ ਸੂਚਨਾ ਬੋਰਡ ਨੂੰ ਲੈ ਕੇ ਗਹਿਰੇ ਰੋਸ ਦਾ ਪ੍ਰਗਟਾਵਾ ਕੀਤਾ ਹੈ। ਚੇਅਰਮੈਨ ਢਿੱਲੋਂ ਨੇ ਕੇਂਦਰ ਸਰਕਾਰ ਤੇ ਸਬੰਧਤ ਵਿਭਾਗ ਵੱਲੋਂ ਬੋਰਡ 'ਤੇ ਇਸ ਪਵਿੱਤਰ ਅਸਥਾਨ ਦਾ ਨਾਮ ਅਧੂਰਾ ਲਿਖਣ 'ਤੇ ਸਖ਼ਤ ਇਤਰਾਜ਼ ਜਤਾਇਆ ਹੈ।ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਰਕਾਰੀ ਬੋਰਡਾਂ ਤੇ ਸੂਚਨਾ ਪੱਟਾਂ 'ਤੇ ਕੇਵਲ 'ਫਤਿਹਗੜ੍ਹ' ਲਿਖਣਾ ਤਕਨੀਕੀ ਤੇ ਧਾਰਮਿਕ ਦੋਵਾਂ ਪੱਖਾਂ ਤੋਂ ਗਲਤ ਹੈ।ਉਨ੍ਹਾਂ ਕਿਹਾ ਕਿ ਇਸ ਦੀ ਥਾਂ ਪੂਰੇ ਸਤਿਕਾਰ ਨਾਲ 'ਫਤਿਹਗੜ੍ਹ ਸਾਹਿਬ' ਅੰਕਿਤ ਕੀਤਾ ਜਾਣਾ ਚਾਹੀਦਾ ਹੈ।ਢਿੱਲੋਂ ਨੇ ਕਿਹਾ ਕਿ ਇਸ ਅਸਥਾਨ ਦਾ ਨਾਮ ਦਸਮੇਸ਼ ਪਿਤਾ ਦੇ ਛੋਟੇ ਸਾਹਿਬਜ਼ਾਦਿਆਂ ਦੀ ਮਹਾਨ ਸ਼ਹਾਦਤ ਨਾਲ ਜੁੜਿਆ ਹੋਇਆ ਹੈ, ਇਸ ਲਈ ਕੇਵਲ 'ਫਤਿਹਗੜ੍ਹ' ਸ਼ਬਦ ਦੀ ਵਰਤੋਂ ਕਰਨਾ ਇਸ ਦੀ ਇਤਿਹਾਸਕ ਤੇ ਧਾਰਮਿਕ ਮਹੱਤਤਾ ਨੂੰ ਘਟਾਉਣ ਦੇ ਬਰਾਬਰ ਹੈ। ?ਚੇਅਰਮੈਨ ਨੇ ਪ੍ਰਸ਼ਾਸਨਕ ਅਧਿਕਾਰੀਆਂ ਤੇ ਸਬੰਧਤ ਵਿਭਾਗਾਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ ਕਿ ਭਵਿੱਖ ਵਿੱਚ ਕਿਸੇ ਵੀ ਸਰਕਾਰੀ ਜਾਂ ਗੈਰ-ਸਰਕਾਰੀ ਬੋਰਡ 'ਤੇ ਪੂਰਾ ਨਾਮ 'ਫਤਿਹਗੜ੍ਹ ਸਾਹਿਬ' ਹੀ ਲਿਖਿਆ ਜਾਵੇ।ਉਨ੍ਹਾਂ ਕਿਹਾ ਭਾਵਨਾਵਾਂ ਦਾ ਸਤਿਕਾਰ ਕਰਨਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ।ਇਸ ਮਾਮਲੇ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਵ੍ਰਿੰਦਾਵਣ ਕਿਸ਼ਤੀ ਹਾਦਸਾ : ਸੰਜੀਵ ਅਰੋੜਾ ਨੇ ਪੀੜਤ ਪਰਵਾਰਾਂ ਨਾਲ ਕੀਤਾ ਦੁੱਖ ਸਾਂਝਾ

**ਲੁਧਿਆਣਾ (ਰੈਕਟਰ ਕਥੂਰੀਆ)**-ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਦੇ ਨਾਲ ਵ੍ਰਿੰਦਾਵਣ ਵਿੱਚ ਕਿਸ਼ਤੀ ਪਲਟਣ ਦੀ ਦੁਖਦਾਈ ਘਟਨਾ ਵਿੱਚ ਆਪਣੇ ਅਜ਼ੀਜ਼ ਗੁਆਉਣ ਵਾਲੇ ਪੀੜਤ ਪਰਵਾਰਾਂ ਨਾਲ ਐਤਵਾਰ ਨੂੰ ਲੁਧਿਆਣਾ ਵਿੱਚ ਮੁਲਾਕਾਤ ਕੀਤੀ।ਸੰਜੀਵ ਅਰੋੜਾ ਨੇ ਦੁਖੀ ਪਰਿਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਨ ਲਈ ਰਾਕੇਸ਼ ਗੁਲਾਟੀ ਤੇ ਉਨ੍ਹਾਂ ਦੀ ਪਤਨੀ ਅੰਜੂ ਗੁਲਾਟੀ ਦੇ ਘਰ ਅਤੇ ਵੱਖਰੇ ਤੌਰ 'ਤੇ ਮੀਨੂ ਬਾਂਸਲ ਤੇ ਉਨ੍ਹਾਂ ਦੀ ਧੀ ਡਿੰਕੀ ਬਾਂਸਲ ਦੇ ਘਰ ਦਾ ਦੌਰਾ ਕੀਤਾ।ਮੰਤਰੀ ਸੰਜੀਵ ਅਰੋੜਾ ਨੇ ਪਰਿਵਾਰਕ ਮੈਂਬਰਾਂ ਨਾਲ ਬੈਠ ਕੇ ਉਨ੍ਹਾਂ ਦੇ ਦੁੱਖ ਵਿੱਚ ਹਿੱਸਾ ਲਿਆ।ਉਨ੍ਹਾਂ ਕਿਹਾ ਕਿ ਕੋਈ ਵੀ ਸ਼ਬਦ ਸੱਚਮੁੱਚ ਆਪਣੇ ਪਿਆਰੇ ਨੂੰ ਗੁਆਉਣ ਦੇ ਦਰਦ ਨੂੰ ਘੱਟ ਨਹੀਂ ਕਰ ਸਕਦੇ ਤੇ ਉਹ ਸਿਰਫ਼ ਇੱਕ ਮੰਤਰੀ ਵਜੋਂ ਨਹੀਂ, ਸਗੋਂ ਇੱਕ ਇਨਸਾਨ ਵਜੋਂ ਉਨ੍ਹਾਂ ਦੇ ਦੁੱਖ ਵਿੱਚ ਉਨ੍ਹਾਂ ਨਾਲ ਖੜ੍ਹੇ ਹੋਣ ਲਈ ਆਏ ਹਨ।ਉਨ੍ਹਾਂ ਇਸ ਦੁਖਾਂਤ ਦਾ ਕਾਰਨ ਬਣੀ ਲਾਪ੍ਰਵਾਹੀ ਦੀ ਸਖ਼ਤ ਆਲੋਚਨਾ ਕਰਦਿਆਂ ਜ਼ਿੰਮੇਵਾਰ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ। ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਉੱਤਰ ਪ੍ਰਦੇਸ਼ ਸਰਕਾਰ ਨਾਲ ਤਾਲਮੇਲ ਕਰੇਗੀ ਤਾਂ ਜੋ ਇਨਸਾਫ਼ ਜਲਦੀ ਮਿਲੇ ਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਦੁਬਾਰਾ ਨਾ ਵਾਪਰਨ।ਉਨ੍ਹਾਂ ਪਰਵਾਰਾਂ ਨੂੰ ਸਰਕਾਰ ਤੇ ਖੁਦ ਦੋਵਾਂ ਵੱਲੋਂ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ।ਉਨ੍ਹਾਂ ਪਰਿਵਾਰਾਂ ਨੂੰ ਕਿਹਾ ਕਿ ਉਹ ਮਦਦ ਲਈ ਕਿਸੇ ਵੀ ਸਮੇਂ ਉਨ੍ਹਾਂ ਤੱਕ ਪਹੁੰਚ ਕਰ ਸਕਦੇ ਹਨ ਤੇ ਇਸ ਮੁਸ਼ਕਲ ਸਮੇਂ ਦੌਰਾਨ ਉਨ੍ਹਾਂ ਨੂੰ ਇਕੱਲੇ ਨਹੀਂ ਛੱਡਿਆ ਜਾਵੇਗਾ।

## ਰਾਜੇਸ਼ ਬਾਂਸਲ ਅਗਰਵਾਲ ਸਭਾ ਦੇ ਪ੍ਰਧਾਨ ਬਣੇ



**ਨਾਭਾ (ਵਰਿੰਦਰ ਵਰਮਾ)**-ਨਾਭਾ ਦੀ ਅਗਰਵਾਲ ਸਭਾ (ਰਜਿ.) ਵਿਖੇ ਪਹਿਲੀ ਵਾਰ ਵੋਟਿੰਗ ਰਾਹੀਂ ਪ੍ਰਧਾਨ ਤੇ ਨਵੀਂ ਪ੍ਰਬੰਧਕੀ ਟੀਮ ਚੁਣੀ ਗਈ।ਸਭਾ ਵੱਲੋਂ ਲੰਮਾ ਸਮਾਂ ਜਿੱਥੇ ਸਮਾਜਿਕ ਕਾਰਜਾਂ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਇਆ ਗਿਆ, ਉੱਥੇ ਸਭਾ ਵੱਲੋਂ ਵੱਖ-ਵੱਖ ਧਾਰਮਿਕ ਸਮਾਗਮ ਵੀ ਕਰਵਾਏ ਗਏ।ਅਗਰਵਾਲ ਸਭਾ ਦੀ ਪ੍ਰਬੰਧਕੀ ਟੀਮ ਦੀ ਚੋਣ ਪਹਿਲਾਂ ਭਾਈਚਾਰੇ ਦੀ ਆਪਸੀ ਸਹਿਮਤੀ ਨਾਲ ਹੋ ਜਾਂਦੀ ਸੀ, ਜਦਕਿ ਇਸ ਵਾਰ ਪ੍ਰਬੰਧਕੀ ਟੀਮ ਦੀ ਚੋਣ ਪਹਿਲੀ ਵਾਰ ਵੋਟਿੰਗ ਰਾਹੀਂ ਕਰਾਉਣ ਦਾ ਮਤਾ ਪਾਸ ਹੋਇਆ।ਮੁੱਢਲੇ ਤੌਰ 'ਤੇ ਅਗਰਵਾਲ ਸਭਾ (ਰਜਿ.) ਵਿੱਚ ਕੁੱਲ 348 ਵੋਟਾਂ ਦਸੀਆਂ ਗਈਆਂ, ਜਿਸ ਵਿੱਚੋਂ 320 ਵੋਟਾਂ ਭੁਗਤੀਆਂ।ਨਤੀਜੇ ਅਨੁਸਾਰ ਰਾਜੇਸ਼ ਬਾਂਸਲ ਬੱਬੂ ਨੇ ਆਪਣੇ ਵਿਰੋਧੀ ਉਮੀਦਵਾਰ ਪ੍ਰਮੋਦ ਚੰਨੋ ਵਾਲੇ ਨੂੰ 111 ਵੋਟਾਂ ਦੇ ਵੱਡੇ ਫਰਕ ਨਾਲ ਹਰਾਇਆ। ਚੋਣ ਜਿੱਤਣ ਬਾਅਦ ਭਾਜਪਾ ਦੇ ਨੌਜਵਾਨ ਆਗੂ ਬਰਿੰਦਰ ਬਿੱਟੂ, ਜ਼ਿਲ੍ਹਾ ਵਾਈਸ ਪ੍ਰੈਜ਼ੀਡੈਂਟ ਸੰਨੀ ਸਿੰਗਲਾ, ਭਾਜਪਾ ਸਰਕਲ ਪ੍ਰਧਾਨ ਪਰਮਿੰਦਰ ਗੁਪਤਾ, ਰਮਨ ਸਿੰਗਲਾ, ਪਵਨ ਗਰਗ, ਅਸ਼ੋਕ ਅਰੋੜਾ, ਰਮਨ ਜਿੰਦਲ ਭੋਲਾ ਆਦਿ ਸੈਂਕੜੇ ਸਮਰਥਕਾਂ ਦੀ ਹਾਜ਼ਰੀ ਵਿੱਚ ਰਾਜੇਸ਼ ਬਾਂਸਲ ਬੱਬੂ ਨੇ ਕਿਹਾ ਕਿ ਸੰਸਥਾ ਭਾਈਚਾਰੇ ਦੇ ਸਹਿਯੋਗ, ਭਾਈਚਾਰਕ ਏਕਤਾ ਤੇ ਵਿਕਾਸ ਲਈ ਗਠਿਤ ਕੀਤੀ ਗਈ ਹੈ। ਸਮਾਜ ਦੀ ਭਲਾਈ ਲਈ ਮਹਾਰਾਜਾ ਅਗਰਸੈਨ ਜੀ ਦੁਆਰਾ ਦਿੱਤੇ ਫਲਸਫ਼ੇ ਅਨੁਸਾਰ ਸਾਰਿਆਂ ਦੇ ਸਹਿਯੋਗ ਨਾਲ ਕਾਰਜ ਕਰਾਂਗੇ।ਇਸ ਮੌਕੇ ਰਮੇਸ਼ ਸਿੰਗਲਾ, ਓਮ ਪ੍ਰਕਾਸ਼ ਗਰਗ, ਅਸ਼ੋਕ ਬਿੱਟੂ, ਸੁਰਿੰਦਰ ਗੁਪਤਾ, ਅਜੇ ਜਿੰਦਲ, ਜੇਪੀ ਗੁਪਤਾ, ਵਿਜੇ ਗਰਗ, ਅਮਿਤ ਜਿੰਦਲ, ਪ੍ਰਵੀਨ ਗੁਪਤਾ, ਲਵਨੀਸ਼ ਲੱਕੀ, ਮੋਹਿਤ ਅਰੋੜਾ, ਵਿਵੇਕ ਸਿੰਗਲਾ, ਨਿਤਿਨ ਗੁਪਤਾ, ਪ੍ਰਮੋਦ ਜਿੰਦਲ, ਗਿਰਧਾਰੀ ਲਾਲ ਬਾਂਸਲ, ਮੋਹਨ ਮਿੱਤਲ, ਸਤਪਾਲ ਅਗਰਵਾਲ, ਹੈਪੀ ਠੇਕੇਦਾਰ, ਵਿਨੇ ਗੁਪਤਾ, ਸੁਨਿਲ ਗੁਪਤਾ ਆਦਿ ਹਾਜ਼ਰ ਸਨ।

## ਮਾਨ ਸਰਕਾਰ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਤਿਆਗ ਕੇ ਲਮਕਦੇ ਮਸਲੇ ਤੁਰੰਤ ਹੱਲ ਕਰੇ : ਭਜਨ ਸਿੰਘ ਗਿੱਲ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਜ਼ਿਲ੍ਹਾ ਫਰੀਦਕੋਟ ਇਕਾਈ ਦੀ ਇੱਕ ਅਹਿਮ ਮੀਟਿੰਗ ਸਥਾਨਕ ਪੈਨਸ਼ਨਰ ਭਵਨ ਵਿਖੇ ਸੂਬਾ ਕਨਵੀਨਰ ਭਜਨ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਜ਼ਿਲ੍ਹੇ ਦੀ ਕੋਆਰਡੀਨੇਸ਼ਨ ਕਮੇਟੀ ਦਾ ਗਠਨ ਕਰਨ ਦੇ ਨਾਲ-ਨਾਲ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਸੰਘਰਸ਼ ਦਾ ਬਿਗੁਲ ਵਜਾਇਆ ਗਿਆ।ਸਰਕਾਰ ਦੀਆਂ ਨੀਤੀਆਂ ਦੀ ਤਿੱਖੀ ਆਲੋਚਨਾ ਕਰਦਿਆਂ ਭਜਨ ਸਿੰਘ ਗਿੱਲ ਤੇ ਹੋਰਨਾਂ ਸੂਬਾਈ ਆਗੂਆਂ ਨੇ ਭਗਵੰਤ ਮਾਨ ਸਰਕਾਰ ਦੀ ਸਖ਼ਤ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਸਰਕਾਰ ਲਗਾਤਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਨਜ਼ਰਅੰਦਾਜ਼ ਕਰ ਰਹੀ ਹੈ।ਆਗੂਆਂ ਨੇ ਮੰਗ ਕੀਤੀ ਕਿ ਮਹਿੰਗਾਈ ਭੱਤੇ ਦੀਆਂ ਬਕਾਇਆ ਪੰਜ ਕਿਸ਼ਤਾਂ (16 ਫੀਸਦੀ) ਤੁਰੰਤ ਜਾਰੀ ਕੀਤੀਆਂ ਜਾਣ।ਪੁਰਾਣੀ ਪੈਨਸ਼ਨ ਸਕੀਮ ਨੂੰ ਅਸਲ ਰੂਪ ਵਿੱਚ ਲਾਗੂ ਕਰਨ ਦਾ ਨੋਟੀਫਿਕੇਸ਼ਨ ਤੁਰੰਤ ਜਾਰੀ ਹੋਵੇ।ਠੇਕਾ ਆਧਾਰਤ, ਆਊਟਸੋਰਸ ਤੇ ਸਕੀਮ ਵਰਕਰਾਂ ਨੂੰ ਤੁਰੰਤ ਰੈਗੂਲਰ ਕੀਤਾ ਜਾਵੇ।ਜ਼ਿਲ੍ਹਾ ਕਮੇਟੀ ਦੀ ਚੋਣ ਫਰੰਟ ਦੀ ਮਜ਼ਬੂਤੀ ਲਈ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੂੰ ਸ਼ਾਮਲ ਕਰਕੇ ਕੋਆਰਡੀਨੇਸ਼ਨ ਕਮੇਟੀ ਬਣਾਈ ਗਈ।ਇਸ ਵਿੱਚ ਸਿਮਰਜੀਤ ਸਿੰਘ ਬਰਾੜ, ਪ੍ਰੇਮ ਚਾਵਲਾ, ਜਸਮੇਲ ਸਿੰਘ ਜੱਸੀ, ਨਵਪ੍ਰੀਤ ਸਿੰਘ, ਸੁਭਾਸ਼ ਚੰਦਰ ਸ਼ਰਮਾ, ਬਲਵਿੰਦਰ ਰਾਮ ਸ਼ਰਮਾ, ਹਰਪਾਲ ਸਿੰਘ ਮਚਾਕੀ, ਕੁਲਵੰਤ ਸਿੰਘ ਚਾਨੀ, ਸੁਖਵਿੰਦਰ ਸਿੰਘ ਸੁੱਖੀ ਅਤੇ ਗੁਰਤੇਜ ਸਿੰਘ ਖਹਿਰਾ ਸਮੇਤ ਕਈ ਪ੍ਰਮੁੱਖ ਚਿਹਰੇ ਸ਼ਾਮਲ ਕੀਤੇ ਗਏ ਹਨ।ਕਮੇਟੀ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ 1 ਮਈ ਫਰੀਦਕੋਟ ਬੱਸ ਸਟੈਂਡ ਵਿਖੇ ਸਵੇਰੇ 11 ਵਜੇ ਵਿਸ਼ਾਲ ਇਕੱਠ ਕਰਕੇ ਕੌਮਾਂਤਰੀ ਮਜ਼ਦੂਰ ਦਿਵਸ ਮਨਾਇਆ ਜਾਵੇਗਾ।17 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਣ ਵਾਲੀ ਸੂਬਾ ਪੱਧਰੀ ਕਨਵੈਨਸ਼ਨ ਵਿੱਚ ਫਰੀਦਕੋਟ ਜ਼ਿਲ੍ਹੇ ਤੋਂ ਵੱਡੀ ਗਿਣਤੀ ਵਿੱਚ ਮੁਲਾਜ਼ਮ ਸ਼ਮੂਲੀਅਤ ਕਰਨਗੇ।

ਇਸ ਮੌਕੇ ਸੁਰਿੰਦਰ ਰਾਮ ਕੁੱਸਾ, ਸੁਖਮੰਦਰ ਸਿੰਘ ਬਾਘਾ ਪੁਰਾਣਾ, ਇੰਦਰਜੀਤ ਸਿੰਘ ਖੀਵਾ ਤੇ ਹੋਰਨਾਂ ਆਗੂਆਂ ਨੇ ਵੀ ਕੇਂਦਰ ਤੇ ਰਾਜ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਦੀ ਜ਼ੋਰਦਾਰ ਨਿਖੇਧੀ ਕੀਤੀ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਵੱਖ-ਵੱਖ ਵਿਭਾਗਾਂ ਦੇ ਆਗੂ ਤੇ ਕਾਰਕੁਨ ਹਾਜ਼ਰ ਸਨ।

## ਸਵਾਮੀ ਰੂਪ ਚੰਦ ਜੈਨ ਸਕੂਲ ਦਾ ਅੱਠਵੀਂ ਦਾ ਨਤੀਜਾ ਸੌ ਪ੍ਰਤੀਸ਼ਤ



**ਜਗਰਾਉਂ (ਅਮਿਤ ਖੰਨਾ)**-ਸਵਾਮੀ ਰੂਪ ਚੰਦ ਜੈਨ ਸਕੂਲ ਦੀ ਵਿਦਿਆਰਥਣ ਗੁਰਮੰਨਤ ਕੌਰ ਨੇ 95.5% (573/600) ਅੰਕ ਲੈ ਕੇ ਪਹਿਲਾ ਸਥਾਨ, ਯਸ਼ਿਕਾ ਨੇ 93.3% (560/600) ਅੰਕ ਲੈ ਕੇ ਦੂਜਾ ਸਥਾਨ, ਮਨਪ੍ਰੀਤ ਕੌਰ ਨੇ 91.8% (551/600) ਅੰਕ ਲੈ ਕੇ ਤੀਜਾ ਸਥਾਨ, ਹਰਗੁਨ ਕੌਰ ਨੇ 91% (546/600) ਅੰਕ ਲੈ ਕੇ ਚੌਥਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਪ੍ਰਮਾਤਮਾ ਦੀ ਬਖਸ਼ਿਸ਼ ਦੇ ਨਾਲ ਸਵਾਮੀ ਰੂਪ ਚੰਦ ਜੈਨ ਸਕੂਲ ਦੇ ਵਿਦਿਆਰਥੀਆਂ ਦਾ ਨਤੀਜਾ 100 ਫੀਸਦੀ ਰਿਹਾ। ਹਰ ਸਾਲ ਦੀ ਤਰ੍ਹਾਂ ਸਵਾਮੀ ਰੂਪ ਚੰਦ ਜੈਨ ਸਕੂਲ ਦੇ ਬੱਚੇ ਹਰ ਖੇਤਰ ਵਿੱਚ ਆਪਣਾ ਚੰਗਾ ਨਾਮ ਕਮਾ ਰਹੇ ਹਨ।ਵਿੱਦਿਅਕ ਅਕਾਦਮਿਕ ਪ੍ਰਾਪਤੀਆਂ ਵਿੱਚ ਪੰਜਵੀਂ ਤੇ ਅੱਠਵੀਂ ਦੋਨਾਂ ਜਮਾਤਾਂ ਦੇ ਨਤੀਜੇ ਸ਼ਾਨਦਾਰ ਰਹੇ।ਬੱਚਿਆਂ ਨੇ ਆਪਣੇ ਮਾਪਿਆਂ ਤੇ ਸਕੂਲ ਦਾ ਨਾਮ ਰੋਸ਼ਨ ਕੀਤਾ ।ਪ੍ਰਿੰਸੀਪਲ ਸ਼੍ਰੀਮਤੀ ਰਾਜਪਾਲ ਕੌਰ ਜੀ ਨੇ ਖ਼ੁਸ਼ੀ ਜ਼ਾਹਿਰ ਕਰਦਿਆਂ ਦੱਸਿਆ ਕਿ ਉਕਤ ਤੋਂ ਇਲਾਵਾ ਹੋਰ ਹੋਣਹਾਰ ਵਿਦਿਆਰਥੀਆਂ ਨੇ 90% ਅੰਕ ਹਾਸਲ ਕਰਕੇ ਸਭ ਨੂੰ ਖ਼ੁਸ਼ ਕਰ ਦਿੱਤਾ।ਬਾਕੀ ਬੱਚਿਆਂ ਨੇ 80% ਤੋਂ ਉੱਪਰ ਅੰਕ ਪ੍ਰਾਪਤ ਕੀਤੇ।ਇਸ ਸ਼ਾਨਦਾਰ ਨਤੀਜੇ ਦੀ ਖ਼ੁਸ਼ੀ ਨੂੰ ਸਾਂਝਾ ਕਰਨ ਲਈ ਸਕੂਲ ਦੀ ਮੈਨੇਜਮੈਂਟ, ਬੱਚਿਆਂ ਦੇ ਮਾਤਾ-ਪਿਤਾ ਵੀ ਉਚੇਚੇ ਤੌਰ 'ਤੇ ਪਹੁੰਚੇ।ਇਸ ਸ਼ਾਨਦਾਰ ਨਤੀਜੇ ਦੀ ਖ਼ੁਸ਼ੀ ਵਿੱਚ ਸਕੂਲ ਵਿੱਚ ਚੰਗੀਆਂ ਪੁਜ਼ੀਸ਼ਨਾਂ ਵਾਲੇ ਬੱਚਿਆਂ ਦਾ ਮੂੰਹ ਮਿੱਠਾ ਕਰਵਾਇਆ ਤੇ ਸਾਰਾ ਦਿਨ ਸਕੂਲ ਵਿੱਚ ਖ਼ੁਸ਼ੀ ਦਾ ਮਾਹੌਲ ਬਣਿਆ ਰਿਹਾ।ਪ੍ਰਿੰਸੀਪਲ ਰਾਜਪਾਲ ਕੌਰ ਨੇ ਇਸ ਮੌਕੇ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਨ ਲਈ ਪਹੁੰਚੀ ਮੈਨੇਜਮੈਂਟ ਦਾ ਧੰਨਵਾਦ ਕੀਤਾ ਤੇ ਬੱਚਿਆਂ ਦੀ ਮਿਹਨਤ ਤੇ ਲਗਨ ਦੀ ਪ੍ਰਸੰਸਾ ਕਰਦਿਆਂ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।ਅੰਤ 'ਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅੱਗੇ ਤੋਂ ਵੀ ਹੋਰ ਮਿਹਨਤ ਕਰਨ ਕਰਨ ਦੀ ਪ੍ਰੇਰਣਾ ਦਿੱਤੀ।

## ਦਸਮੇਸ਼ ਮਿਸ਼ਨ ਸਕੂਲ ਹਰੀ ਨੌ ਦਾ ਨਤੀਜਾ ਸੌ ਫੀਸਦੀ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਦੀ ਨਵਦੀਪ ਕੌਰ ਨੇ 94.8% ਅੰਕ ਪ੍ਰਾਪਤ ਕਰਕੇ ਸਕੂਲ ਮੈਰਿਟ ਵਿੱਚ ਪਹਿਲਾ, ਮਹਿਕਪ੍ਰੀਤ ਕੌਰ ਤੇ ਨਿਮਰਤ ਕੌਰ ਨੇ 93.3% ਅੰਕ ਪ੍ਰਾਪਤ ਕਰਕੇ ਦੂਜਾ ਅਤੇ ਜਸਮੀਨ ਕੌਰ ਬਰਾੜ ਨੇ 93% ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਸੋਮਾ ਦੇਵੀ ਨੇ ਦੱਸਿਆ ਕਿ ਸਕੂਲ ਵਿੱਚ 51 ਵਿਦਿਆਰਥੀਆਂ ਵਿੱਚੋਂ 9 ਵਿਦਿਆਰਥੀਆਂ ਨੇ 90% ਤੋਂ ਉੱਪਰ, 20 ਵਿਦਿਆਰਥੀਆਂ ਨੇ 80% ਤੋਂ ਉੱਪਰ ਤੇ ਬਾਕੀ ਸਾਰੇ ਵਿਦਿਆਰਥੀਆਂ ਨੇ ਬਹੁਤ ਵਧੀਆ ਅੰਕ ਪ੍ਰਾਪਤ ਕਰਕੇ ਆਪਣਾ, ਆਪਣੇ ਮਾਪਿਆਂ, ਸਕੂਲ ਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਡਾਇਰੈਕਟਰ ਪ੍ਰਿੰਸੀਪਲ ਸੁਰਿੰਦਰ ਕੌਰ ਤੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਦੱਸਿਆ ਕਿ ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਸਕੂਲ ਦੇ ਮਿਡਲ ਵਿਭਾਗ ਦੇ ਕੋਆਰਡੀਨੇਟਰ ਸ੍ਰੀਮਤੀ ਨਿਧੀ ਗਰਗ ਤੇ ਮਿਹਨਤੀ ਤੇ ਕਾਬਿਲ ਸਟਾਫ਼ ਨੂੰ ਜਾਂਦਾ ਹੈ ਅਤੇ ਨਾਲ ਹੀ ਉਨ੍ਹਾਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਨਾਲ ਸਨਮਾਨਤ ਕੀਤਾ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀਮਤੀ ਅੰਜਨਾ ਕੌਸ਼ਲ, ਉਪ ਜ਼ਿਲ੍ਹਾ ਅਫ਼ਸਰ ਐਲੀਮੈਂਟਰੀ ਪਵਨ ਕੁਮਾਰ ਤੇ ਜ਼ਿਲ੍ਹਾ ਗਾਈਡੈਂਸ ਕੌਂਸਲਰ ਜਸਬੀਰ ਜੱਸੀ ਨੇ ਮਾਪਿਆਂ, ਵਿਦਿਆਰਥੀਆਂ ਤੇ ਸਕੂਲ ਨੂੰ ਆਪਣੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਦਿਵਿਆਂਸ਼ੀ ਨੇ ਤਹਿਸੀਲ 'ਚੋਂ ਦੂਜਾ ਸਥਾਨ ਪ੍ਰਾਪਤ ਕੀਤਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਸ਼ਹੀਦ ਭਗਤ ਸਿੰਘ ਪਬਲਿਕ ਹਾਈ ਸਕੂਲ ਦੇ ਵਿਦਿਆਰਥੀਆਂ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਅੱਠਵੀਂ ਜਮਾਤ ਦੀ ਪ੍ਰੀਖਿਆ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਰਿਹਾ। ਸਕੂਲ ਪ੍ਰਬੰਧਕ ਦਰਸ਼ਨ ਜੈਨ ਨੇ ਦੱਸਿਆ ਕਿ ਵਿਦਿਆਰਥਣ ਦਿਵਿਆਂਸ਼ੀ ਨੇ 582/600 (97 ਪ੍ਰਤੀਸ਼ਤ) ਅੰਕ ਪ੍ਰਾਪਤ ਕਰਕੇ ਤਹਿਸੀਲ 'ਚੋਂ ਦੂਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਸੰਜੀਵ ਕੁਮਾਰ ਨੇ 575/600 (95.83 ਪ੍ਰਤੀਸ਼ਤ), ਏਕਮਜੋਤ ਕੌਰ ਨੇ 566/600 (94.33 ਪ੍ਰਤੀਸ਼ਤ), ਸਮਰ ਨੇ 551/600 (91.83 ਪ੍ਰਤੀਸ਼ਤ), ਸ਼ਰੂਤੀ ਅਤੇ ਆਯੂਸ਼ ਦੋਨਾਂ ਨੇ 550/600 (91.66 ਪ੍ਰਤੀਸ਼ਤ), ਵੈਸ਼ਨਵੀ ਤੇ ਕਰੀਨਾ ਨੇ 549/600 (91.5 ਪ੍ਰਤੀਸ਼ਤ), ਗੁਰਦੀਪ ਕੌਰ ਨੇ 538/600 (89.66 ਪ੍ਰਤੀਸ਼ਤ), ਮਯੰਕ ਅਰੋੜਾ ਨੇ 535/600 (89.17 ਪ੍ਰਤੀਸ਼ਤ), ਅਨਮੋਲ ਕੌਰ ਨੇ 530/600 (88.34 ਪ੍ਰਤੀਸ਼ਤ), ਭਾਵਿਕਾ ਬਾਲੀ ਨੇ 529/600 (88.17 ਪ੍ਰਤੀਸ਼ਤ) ਅੰਕ ਲੈ ਕੇ ਆਪਣੀ ਵਿਲੱਖਣ ਪ੍ਰਤਿਭਾ ਦਾ ਸਬੂਤ ਦਿੱਤਾ। ਸਕੂਲ ਪ੍ਰਿੰਸੀਪਲ ਅਨੀਤਾ ਜੈਨ ਨੇ ਸਕੂਲ ਸਟਾਫ਼ ਦੀ ਅਣਥੱਕ ਮਿਹਨਤ ਦੀ ਪ੍ਰਸ਼ੰਸਾ ਕਰਦਿਆਂ ਇਨ੍ਹਾਂ ਹੋਣਹਾਰ ਬੱਚਿਆਂ ਦੇ ਮਾਪਿਆਂ ਨੂੰ ਵੀ ਵਧਾਈ ਦਿੱਤੀ।

## ਫਿਰੋਜ਼ਪੁਰ ਦਿਹਾਤੀ ਵਿਖੇ ਭਾਜਪਾ ਦੀ ਐੱਸ ਆਈ ਆਰ ਵਰਕਸ਼ਾਪ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਦੇ 7 ਮੰਡਲਾਂ ਦੀ ਇਕ ਵਿਸ਼ੇਸ਼ ਸਟੇਸ਼ਨ ਇੰਚਾਰਜ ਰਿਪੋਰਟ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਹ ਵਰਕਸ਼ਾਪ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਬੌਬੀ ਬਾਠ ਦੀ ਅਗਵਾਈ ਹੇਠ ਤੇ ਹਲਕਾ ਬੀ ਐੱਲ-1 ਤੇ ਐੱਸ ਆਈ ਆਰ ਇੰਚਾਰਜ ਸੁਰਜੀਤ ਸਿੰਘ ਸਦਰਦੀਨ ਦੀ ਯੋਗ ਦੇਖ-ਰੇਖ ਵਿੱਚ ਸੰਪੰਨ ਹੋਈ। ਇਸ ਵਰਕਸ਼ਾਪ ਵਿਚ ਭਾਜਪਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਬਿਕਰਮਜੀਤ ਸਿੰਘ ਚੀਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਹਾਜ਼ਰ ਸਮੂਹ ਸਹਾਇਕਾਂ ਤੇ ਬੀ ਐੱਲ-2 ਨੂੰ ਐੱਸਆਈਆਰ ਪ੍ਰਣਾਲੀ ਬਾਰੇ ਜਾਣਕਾਰੀ ਦਿੱਤੀ ਅਤੇ ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਵੋਟਾਂ ਦੀ ਸੁਧਾਈ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਵਰਕਸ਼ਾਪ ਵਿੱਚ ਸੁਰਿੰਦਰਪਾਲ ਸਿੰਘ ਡੈਲੀਗੇਟ, ਅਮਰਜੀਤ ਸਿੰਘ ਘਾਰੂ ਤੇ ਵਿਜੇ ਕੁਮਾਰ ਕੇਂਤ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਜਸਵਿੰਦਰ ਸਿੰਘ ਭੈਲ ਪ੍ਰਧਾਨ ਮੁੱਦਕੀ, ਟਿੰਕੂ ਬਾਂਸਲ ਪ੍ਰਧਾਨ ਤਲਵੰਡੀ ਭਾਈ, ਲਖਵੀਰ ਸਿੰਘ ਪ੍ਰਧਾਨ ਝੋਕ ਹਰੀਹਰ, ਵਿਕਰਮਜੀਤ ਸਿੰਘ ਯੁਵਾ ਸਟੇਟ ਅਵਾਰਡੀ ਪ੍ਰਧਾਨ ਸਦਰਦੀਨ, ਸੰਦੀਪ ਚਾਵਲਾ ਪ੍ਰਧਾਨ ਮਮਦੋਟ, ਸਾਹਿਬ ਸਿੰਘ ਮੁੱਦਕਾ ਪ੍ਰਧਾਨ, ਬਜੀਦਪੁਰ ਸਾਹਿਬ, ਹਰਪ੍ਰੀਤ ਸਿੰਘ ਪ੍ਰਧਾਨ ਸ਼ੇਰਖਾਂ ਤੋਂ ਇਲਾਵਾ ਬਲਵਿੰਦਰ ਸਿੰਘ ਜਨਰਲ ਸਕੱਤਰ, ਸੁਖਚੈਨ ਸਿੰਘ ਬਲਾਕ ਸੰਮਤੀ ਮੈਂਬਰ ਤੇ ਹੋਰ ਕਈ ਆਗੂ ਤੇ ਵਰਕਰ ਮੌਜੂਦ ਸਨ।

## ਸਿੰਘ ਵਿਦ ਗੰਨਜ਼ ਸ਼ੂਟਿੰਗ ਅਕੈਡਮੀ ਦਾ ਮਾਨਸਾ 'ਚ ਉਦਘਾਟਨ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਸ਼ਹਿਰ 'ਚ 'ਸਿੰਘ ਵਿਦ ਗੰਨਜ਼ ਸ਼ੂਟਿੰਗ ਅਕੈਡਮੀ' ਦਾ ਸ਼ਾਨਦਾਰ ਉਦਘਾਟਨ ਹਲਕਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਵੱਲੋਂ ਕੀਤਾ ਗਿਆ।ਇਸ ਮੌਕੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ, ਨੌਜਵਾਨ ਤੇ ਖੇਡ ਪ੍ਰੇਮੀ ਵੀ ਵੱਡੀ ਗਿਣਤੀ 'ਚ ਹਾਜ਼ਰ ਸਨ।ਉਦਘਾਟਨ ਸਮਾਰੋਹ ਦੌਰਾਨ ਸਿੰਗਲਾ ਨੇ ਕਿਹਾ ਕਿ ਇਹ ਅਕੈਡਮੀ ਇਲਾਕੇ ਦੇ ਨੌਜਵਾਨਾਂ ਲਈ ਨਵੇਂ ਮੌਕੇ ਖੋਲ੍ਹੇਗੀ ਤੇ ਉਨ੍ਹਾਂ ਨੂੰ ਸ਼ੂਟਿੰਗ ਖੇਡ 'ਚ ਅੱਗੇ ਵਧਣ ਲਈ ਮੌਕੇ ਪ੍ਰਦਾਨ ਕਰੇਗੀ।ਉਨ੍ਹਾਂ ਕਿਹਾ ਕਿ ਅਜਿਹੀਆਂ ਸਹੂਲਤਾਂ ਨਾਲ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵੱਲ ਰੁਝਾਨ ਵਧੇਗਾ।ਅਕੈਡਮੀ ਦੇ ਪ੍ਰਬੰਧਕ ਸੁਰਿੰਦਰ ਸਿੰਘ ਨੇ ਦੱਸਿਆ ਕਿ ਇੱਥੇ ਆਧੁਨਿਕ ਸਾਜ਼ੋ-ਸਾਮਾਨ ਤੇ ਮਾਹਰ ਕੋਚਾਂ ਦੀ ਦੇਖ-ਰੇਖ ਹੇਠ ਟ੍ਰੇਨਿੰਗ ਦਿੱਤੀ ਜਾਵੇਗੀ, ਜਿਸ ਨਾਲ ਖਿਡਾਰੀ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਪਛਾਣ ਬਣਾਉਣ ਦੇ ਸਮਰੱਥ ਹੋ ਸਕਣਗੇ।ਇਸ ਸਮੇਂ ਹਾਜ਼ਰ ਲੋਕਾਂ ਵੱਲੋਂ ਇਸ ਉਪਰਾਲੇ ਦੀ ਭਰਪੂਰ ਪ੍ਰਸੰਸਾ ਕੀਤੀ ਤੇ ਉਮੀਦ ਜਤਾਈ ਕਿ ਇਹ ਅਕੈਡਮੀ ਮਾਨਸਾ ਨੂੰ ਖੇਡਾਂ ਦੇ ਖੇਤਰ ਵਿੱਚ ਇੱਕ ਨਵੀਂ ਪਹਿਚਾਨ ਦੇਵੇਗੀ।

## ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਪੰਜਾਬ ਦਾ ਗਠਨ, ਬਲਵੀਰ ਲੌਂਗੋਵਾਲ ਪ੍ਰਧਾਨ ਬਣੇ




**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਗਦਰ ਪਾਰਟੀ, ਗਦਰ ਲਹਿਰ ਤੇ ਗਦਰੀ ਯੋਧਿਆਂ ਦੀਆਂ ਕੁਰਬਾਨੀਆਂ ਬਾਰੇ ਅਜੋਕੀ ਪੀੜ੍ਹੀ ਨੂੰ ਜਾਣਕਾਰੀ ਦੇਣ ਤੇ ਗਦਰ ਲਹਿਰ ਬਾਰੇ ਪ੍ਰਚਾਰ ਪ੍ਰਸਾਰ ਕਰਨ ਲਈ ਸੂਬਾ ਪੱਧਰ 'ਤੇ ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਪੰਜਾਬ ਦਾ ਗਠਨ ਕੀਤਾ ਗਿਆ ਹੈ।ਇਸ ਸੰਬੰਧੀ ਇੱਕ 20 ਮੈਂਬਰੀ ਸੂਬਾਈ ਕਮੇਟੀ ਬਣਾ ਕੇ ਸ੍ਰੀ ਬਲਵੀਰ ਸਿੰਘ ਲੌਂਗੋਵਾਲ ਨੂੰ ਪ੍ਰਧਾਨ ਬਣਾਇਆ ਗਿਆ ਤੇ ਸ੍ਰੀ ਰਾਕੇਸ਼ ਕੁਮਾਰ ਸੁਨਾਮ ਨੂੰ ਜਨਰਲ ਸਕੱਤਰ, ਸ. ਜੁਝਾਰ ਸਿੰਘ ਲੌਂਗੋਵਾਲ ਨੂੰ ਵਾਈਸ ਪ੍ਰਧਾਨ, ਸ. ਲਾਭ ਸਿੰਘ ਛਾਜਲਾ ਨੂੰ ਕੈਸ਼ੀਅਰ, ਜਸਵੀਰ ਸਿੰਘ ਨਮੋਲ ਨੂੰ ਪ੍ਰੈੱਸ ਸਕੱਤਰ, ਸਮੇਤ ਡਾਕਟਰ ਦਰਸ਼ਨ ਸਿੰਘ ਖੇੜੀ, ਪਵਨ ਸ਼ਰਮਾ ਸੁਨਾਮ, ਮਾਸਟਰ ਜਗਦੇਵ ਸ਼ਰਮਾ, ਗਰਦੀਪ ਲਹਿਰਾ, ਸੁਰਿੰਦਰ ਸਿੰਘ ਉਪਲੀ, ਚਮਕੌਰ ਸਿੰਘ ਮਹਿਲਾਂ ਚੌਕ, ਗੋਬਿੰਦ ਸਿੰਘ ਸ਼ੇਰਪੁਰ, ਦਰਸ਼ਨ ਸਿੰਘ ਸੁਨਾਮ, ਹਰਭਗਵਾਨ ਗੁਰਨੇ, ਪ੍ਰੇਮ ਸਰੂਪ ਛਾਜਲੀ, ਸੁਖਜਿੰਦਰ ਸਿੰਘ ਸੰਗਰੂਰ ਆਦਿ ਮੈਂਬਰ ਲਏ ਗਏ ਹਨ।ਇਸ ਮੌਕੇ ਫੈਸਲਾ ਕੀਤਾ ਗਿਆ ਕਿ ਜਥੇਬੰਦੀ ਨੂੰ ਸਰਗਰਮ ਕਰਨ ਲਈ ਤੇ ਆਪਣਾ ਪ੍ਰੋਗਰਾਮ ਆਮ ਲੋਕਾਂ ਵਿੱਚ ਲੈ ਕੇ ਜਾਣ ਲਈ ਗਦਰ ਪਾਰਟੀ ਦਾ ਸਥਾਪਨਾ ਦਿਵਸ ਮਨਾਉਣ ਦਾ ਫੈਸਲਾ ਕੀਤਾ ਗਿਆ ਹੈ, ਕਿਉਂਕਿ ਗਦਰ ਪਾਰਟੀ ਦੀ ਸਥਾਪਨਾ 21 ਅਪ੍ਰੈਲ 1913 ਨੂੰ ਕੀਤੀ ਗਈ ਸੀ।ਇਸ ਲਈ ਸਥਾਪਨਾ ਦਿਵਸ ਮਨਾਉਣ ਲਈ 21 ਅਪ੍ਰੈਲ ਨੂੰ ਦੁਪਹਿਰ 2.30 ਵਜੇ ਕਾਮਰੇਡ ਤੇਜਾ ਸਿੰਘ ਸੁਤੰਤਰ ਭਵਨ ਬਰਨਾਲਾ ਕੈਂਚੀਆਂ ਵਿਖੇ ਸਮਾਗਮ ਕੀਤਾ ਜਾ ਰਿਹਾ ਹੈ। ਇਸ ਵਿੱਚ ਗਦਰ ਪਾਰਟੀ ਦੀ ਵਿਚਾਰਧਾਰਾ ਤੇ ਅੱਜ ਦੇ ਸਮੇਂ ਵਿੱਚ ਸਾਰਥਿਕਤਾ ਤੇ ਵਿਚਾਰ ਚਰਚਾ ਕੀਤੀ ਜਾਵੇਗੀ।ਜਥੇਬੰਦੀ ਦੇ ਜਨਰਲ ਸਕੱਤਰ ਸ੍ਰੀ ਰਾਕੇਸ਼ ਕੁਮਾਰ ਨੇ ਸਾਰੇ ਨੌਜਵਾਨਾਂ, ਬੁੱਧੀਜੀਵੀਆਂ ਤੇ ਆਮ ਲੋਕਾਂ ਨੂੰ ਇਸ ਸਮਾਗਮ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਵਿਚਾਰ ਚਰਚਾ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ ਹੈ।

## ਸਫਾ 3 ਦੇ ਬਾਕੀ...

### ਬੇਅਦਬੀ ਰੋਕਣ...

ਤੱਕ ਬੇਅਦਬੀ ਮਾਮਲਿਆਂ ਦੇ ਮੁੱਖ ਸਾਜ਼ਿਸ਼ਘਾੜੇ ਵਜੋਂ ਜਾਣੇ ਜਾਂਦੇ ਡੇਰਾ ਸਿਰਸਾ ਮੁਖੀ ਨੂੰ ਪੁੱਛਗਿੱਛ ਲਈ ਕਿਉਂ ਨਹੀਂ ਸੱਦਿਆ ਗਿਆ।

ਬਹਿਸ ਦੌਰਾਨ ਦਹਾਕਿਆਂ ਪੁਰਾਣੇ 'ਨਕੋਦਰ ਕਾਂਡ' ਦੀ ਗੂੰਜ ਸੁਣਾਈ ਦਿੱਤੀ। ਉਸ ਵੇਲੇ ਸਨਸਨੀ ਫੈਲ ਗਈ, ਜਦੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਖੁਲਾਸਾ ਕੀਤਾ ਕਿ ਨਕੋਦਰ ਕਾਂਡ ਦੀ ਜਾਂਚ ਰਿਪੋਰਟ ਦਾ ਇੱਕ ਅਹਿਮ ਹਿੱਸਾ ਰਿਕਾਰਡ ਵਿੱਚੋਂ ਗਾਇਬ ਹੈ, ਜਿਸ ਨੂੰ ਅੱਜ ਤੱਕ ਕਿਸੇ ਸਰਕਾਰ ਨੇ ਲੱਭਣ ਦੀ ਕੋਸ਼ਿਸ਼ ਨਹੀਂ ਕੀਤੀ। ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਵੱਲੋਂ ਚੁੱਕੇ ਗਏ ਸਵਾਲਾਂ ਦਾ ਜਵਾਬ ਦਿੰਦਿਆਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਦਨ ਵਿੱਚ ਮੌਜੂਦਾ ਸਰਕਾਰ ਦਾ ਪੱਖ ਪੂਰਿਆ। ਸਪੀਕਰ ਸੰਧਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬੇਅਦਬੀ ਅਤੇ ਗੋਲੀਕਾਂਡ ਦੇ ਮਾਮਲਿਆਂ ਵਿੱਚ ਇਨਸਾਫ ਦਿਵਾਉਣ ਲਈ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾ ਬਾਜਵਾ ਦੇ ਇਲਜ਼ਾਮਾਂ ਨੂੰ ਨਕਾਰਦਿਆਂ ਕਿਹਾ ਕਿ 'ਆਪ' ਸਰਕਾਰ ਨੇ ਇਨ੍ਹਾਂ ਕੇਸਾਂ ਵਿੱਚ ਬਿਨਾਂ ਕਿਸੇ ਦੇਰੀ ਦੇ ਸਮੇਂ ਸਿਰ ਚਲਾਨ ਅਦਾਲਤ ਵਿੱਚ ਪੇਸ਼ ਕੀਤੇ ਹਨ। ਸਪੀਕਰ ਨੇ ਸਪੱਸ਼ਟ ਕੀਤਾ ਕਿ ਸਰਕਾਰ ਨੇ ਆਪਣੀ ਜ਼ਿੰਮੇਵਾਰੀ ਨਿਭਾਉਂਦਿਆਂ ਕਾਨੂੰਨੀ ਪ੍ਰਕਿਰਿਆ ਨੂੰ ਤੇਜ਼ ਕੀਤਾ ਹੈ ਅਤੇ ਹੁਣ ਇਹ ਸਾਰੇ ਮਾਮਲੇ ਅਦਾਲਤ ਦੇ ਅਧੀਨ ਹਨ। ਉਨ੍ਹਾ ਅੱਗੇ ਕਿਹਾ ਕਿ ਨਿਆਂਪਾਲਿਕਾ ਵਿੱਚ ਚੱਲ ਰਹੇ ਮਾਮਲਿਆਂ 'ਤੇ ਸਰਕਾਰ ਦਾ ਸਿੱਧਾ ਦਖਲ ਨਹੀਂ ਹੁੰਦਾ, ਪਰ ਸਰਕਾਰ ਵੱਲੋਂ ਪੈਰਵੀ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ। ਸਪੀਕਰ ਦੇ ਇਸ ਬਿਆਨ ਤੋਂ ਬਾਅਦ ਸਦਨ ਵਿੱਚ ਸੱਤਾ ਪੱਖ ਅਤੇ ਵਿਰੋਧੀ ਧਿਰ ਵਿਚਾਲੇ ਬਹਿਸ ਹੋਰ ਭਖ ਗਈ। ਬਾਜਵਾ ਨੇ ਸਿੱਧਾ ਹਮਲਾ ਕਰਦਿਆਂ ਸਰਕਾਰ ਦੀ ਨੀਅਤ 'ਤੇ ਸਵਾਲ ਚੁੱਕੇ। ਬਾਜਵਾ ਨੇ ਸਰਕਾਰ ਦੀ ਘੇਰਾਬੰਦੀ ਕਰਦਿਆਂ ਕਿਹਾ ਕਿ ਬੇਅਦਬੀ ਰੋਕੂ ਨਵੇਂ ਸੋਧ ਬਿੱਲ ਨੂੰ ਲਿਆਉਣ ਪਿੱਛੇ ਸਰਕਾਰ ਦੀ ਭਾਵਨਾ ਇਨਸਾਫ ਦੇਣਾ ਨਹੀਂ, ਸਗੋਂ ਸਿਰਫ ਸਿਆਸੀ ਲਾਹਾ ਖੱਟਣਾ ਹੈ। ਬਾਜਵਾ ਨੇ ਬੇਅਦਬੀ ਅਤੇ ਗੋਲੀਕਾਂਡ ਨਾਲ ਸੰਬੰਧਤ ਪੰਜ ਅਹਿਮ ਮਾਮਲਿਆਂ ਨੂੰ ਪੰਜਾਬ ਤੋਂ ਬਾਹਰ ਤਬਦੀਲ ਕੀਤੇ ਜਾਣ ਦਾ ਮੁੱਦਾ ਚੁੱਕਿਆ। ਬਾਜਵਾ ਵੱਲੋਂ ਉਠਾਏ ਗਏ ਇਸ ਸਵਾਲ ਤੋਂ ਬਾਅਦ ਮੁੱਖ ਮੰਤਰੀ ਅਤੇ ਉਨ੍ਹਾ ਦਰਮਿਆਨ ਤਿੱਖੀ ਨੋਕ-ਝੋਕ ਦੇਖਣ ਨੂੰ ਮਿਲੀ। ਬਾਜਵਾ ਨੇ ਇਹ ਵੀ ਕਿਹਾ ਕਿ ਨਵੇਂ ਸੋਧ ਬਿੱਲ 'ਤੇ ਕੋਈ ਵੀ ਚਰਚਾ ਸ਼ੁਰੂ ਕਰਨ ਤੋਂ ਪਹਿਲਾਂ ਸਰਕਾਰ ਉਸ ਸਿਲੈਕਟ ਕਮੇਟੀ ਦੀ ਰਿਪੋਰਟ ਸਦਨ ਦੀ ਮੇਜ਼ 'ਤੇ ਰੱਖੇ, ਜਿਸ ਦਾ ਗਠਨ ਅੱਜ ਤੋਂ ਤਕਰੀਬਨ 9 ਮਹੀਨੇ ਪਹਿਲਾਂ ਕੀਤਾ ਗਿਆ ਸੀ। ਬਾਜਵਾ ਨੇ ਦਲੀਲ ਦਿੱਤੀ ਕਿ ਵਿਧਾਇਕਾਂ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਪਿਛਲੇ ਬਿੱਲ 'ਤੇ ਕਮੇਟੀ ਨੇ ਕੀ ਨਤੀਜੇ ਕੱਢੇ ਸਨ ਅਤੇ ਕੀ ਸਿਫਾਰਸ਼ਾਂ ਕੀਤੀਆਂ ਸਨ। ਉਨ੍ਹਾ ਕਿਹਾ, "ਸਰਕਾਰ ਪਹਿਲਾਂ ਰਿਪੋਰਟ ਪੇਸ਼ ਕਰੇ ਅਤੇ ਉਸ 'ਤੇ ਵਿਸਥਾਰਪੂਰਵਕ ਚਰਚਾ ਕਰਵਾਈ ਜਾਵੇ, ਉਸ ਤੋਂ ਬਾਅਦ ਹੀ ਨਵੇਂ ਬਿੱਲ ਦੀ ਪ੍ਰਕਿਰਿਆ ਅੱਗੇ ਵਧਣੀ ਚਾਹੀਦੀ ਹੈ।"

ਵਿਧਾਨ ਸਭਾ ਨੇ 'ਪੰਜਾਬ ਪਵਿੱਤਰ ਗ੍ਰੰਥਾਂ ਵਿਰੁੱਧ ਅਪਰਾਧ ਰੋਕਥਾਮ ਸੰਬੰਧੀ ਬਿੱਲ, 2025' ਦੀ ਪੜਚੋਲ ਕਰ ਰਹੀ ਸਿਲੈਕਟ ਕਮੇਟੀ ਨੂੰ ਆਪਣੀ ਰਿਪੋਰਟ ਸੌਂਪਣ ਲਈ 6 ਮਹੀਨੇ ਦਾ ਹੋਰ ਸਮਾਂ ਦੇ ਦਿੱਤਾ। ਸਦਨ 'ਚ ਮਤਾ ਪੇਸ਼ ਕੀਤਾ ਗਿਆ ਕਿ ਬਿੱਲ ਦੀਆਂ ਬਾਰੀਕੀਆਂ ਅਤੇ ਕਾਨੂੰਨੀ ਪਹਿਲੂਆਂ ਨੂੰ ਹੋਰ ਡੂੰਘਾਈ ਨਾਲ ਵਿਚਾਰਨ ਲਈ ਕਮੇਟੀ ਨੂੰ ਵਾਧੂ ਸਮੇਂ ਦੀ ਲੋੜ ਹੈ। ਸਦਨ ਨੇ ਸਰਬਸੰਮਤੀ ਨਾਲ ਇਸ ਪ੍ਰਸਤਾਵ ਨੂੰ ਪ੍ਰਵਾਨਗੀ ਦੇ ਦਿੱਤੀ। ਚੇਤੇ ਰਹੇ ਕਿ ਪੰਜਾਬ ਵਿਧਾਨ ਸਭਾ 'ਚ 14 ਜੁਲਾਈ 2025 ਨੂੰ ਇਹ ਬਿੱਲ ਪੇਸ਼ ਕੀਤਾ ਗਿਆ ਸੀ ਅਤੇ ਸਦਨ 'ਚ ਇਸ ਬਿੱਲ 'ਤੇ ਚਰਚਾ ਤੇ ਸਲਾਹ-ਮਸ਼ਵਰੇ ਲਈ ਵਿਧਾਇਕ ਇੰਦਰਬੀਰ ਸਿੰਘ ਨਿੱਝਰ ਦੀ ਅਗਵਾਈ ਹੇਠ 15 ਮੈਂਬਰੀ ਸਿਲੈਕਟ ਕਮੇਟੀ ਦਾ ਗਠਨ ਕੀਤਾ ਗਿਆ ਸੀ। ਇਹ ਬਿੱਲ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਵਰਗੇ ਘਿਨਾਉਣੇ ਅਪਰਾਧਾਂ ਲਈ ਸਖਤ ਸਜ਼ਾਵਾਂ ਨਿਰਧਾਰਤ ਕਰਨ ਦੇ ਮੰਤਵ ਨਾਲ ਲਿਆਂਦਾ ਗਿਆ ਸੀ। ਹੁਣ ਕਮੇਟੀ ਕੋਲ ਅਗਲੇ 6 ਮਹੀਨਿਆਂ ਦਾ ਸਮਾਂ ਹੋਵੇਗਾ ਤਾਂ ਜੋ ਉਹ ਵੱਖ-ਵੱਖ ਮਾਹਰਾਂ ਦੀ ਰਾਏ ਲੈ ਕੇ ਇੱਕ ਵਿਸਥਾਰਤ ਅਤੇ ਨੁਕਸ-ਰਹਿਤ ਰਿਪੋਰਟ ਸਦਨ ਵਿੱਚ ਰੱਖ ਸਕੇ। ਬਹਿਸ ਵਿੱਚ ਸਿਲੈਕਟ ਕਮੇਟੀ ਦੇ ਚੇਅਰਮੈਨ ਅਤੇ 'ਆਪ' ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਨੇ ਵੀ ਹਿੱਸਾ ਲਿਆ। ਸਭ ਦੀਆਂ ਨਜ਼ਰਾਂ ਡਾ. ਨਿੱਝਰ 'ਤੇ ਟਿਕੀਆਂ ਹੋਈਆਂ ਸਨ, ਕਿਉਂਕਿ ਵਿਰੋਧੀ ਧਿਰ ਲਗਾਤਾਰ ਉਨ੍ਹਾ ਦੀ ਅਗਵਾਈ ਵਾਲੀ ਕਮੇਟੀ ਦੀ ਰਿਪੋਰਟ ਜਨਤਕ ਕਰਨ ਦੀ ਮੰਗ ਕਰ ਰਹੀ ਸੀ। ਹਾਲਾਂਕਿ ਡਾ. ਨਿੱਝਰ ਨੇ ਬਿੱਲ ਦੇ ਵੱਖ-ਵੱਖ ਪਹਿਲੂਆਂ ਅਤੇ ਧਾਰਮਿਕ ਗ੍ਰੰਥਾਂ ਦੀ ਮਰਿਆਦਾ 'ਤੇ ਤਾਂ ਵਿਚਾਰ ਰੱਖੇ, ਪਰ ਉਨ੍ਹਾ ਨੇ ਸਿਲੈਕਟ ਕਮੇਟੀ ਦੀ ਰਿਪੋਰਟ ਜਾਂ ਇਸ ਦੀਆਂ ਸਿਫਾਰਸ਼ਾਂ ਬਾਰੇ ਕੋਈ ਵੀ ਟਿੱਪਣੀ ਨਹੀਂ ਕੀਤੀ।

ਸਪੀਕਰ ਨੇ ਨਵੀਂ ਪਹਿਲਕਦਮੀ ਕਰਦਿਆਂ ਬੋਲਣ ਲਈ ਉਨ੍ਹਾਂ ਵਿਧਾਇਕਾਂ ਨੂੰ ਪਹਿਲ ਦਿੱਤੀ, ਜਿਨ੍ਹਾਂ ਦੇ ਹਲਕਿਆਂ ਵਿੱਚ ਤਖਤ ਸਾਹਿਬਾਨ ਸਥਿਤ ਹਨ। ਸਪੀਕਰ ਨੇ ਕਿਹਾ ਕਿ ਕਿਉਂਕਿ ਇਹ ਮੁੱਦਾ ਸਿੱਧੇ ਤੌਰ 'ਤੇ ਧਾਰਮਿਕ ਮਰਿਆਦਾ ਅਤੇ ਜਜ਼ਬਾਤਾਂ ਨਾਲ ਜੁੜਿਆ ਹੋਇਆ ਹੈ, ਇਸ ਲਈ ਤਖਤ ਸਾਹਿਬਾਨ ਦੀ ਨੁਮਾਇੰਦਗੀ ਕਰਨ ਵਾਲੇ ਹਲਕਿਆਂ ਦੇ ਵਿਧਾਇਕਾਂ ਦੇ ਵਿਚਾਰ ਸੁਣਨਾ ਬਹੁਤ ਅਹਿਮ ਹੈ। ਇਸ ਫੈਸਲੇ ਤਹਿਤ ਸ੍ਰੀ ਅਨੰਦਪੁਰ ਸਾਹਿਬ (ਤਖਤ ਸ੍ਰੀ ਕੇਸਗੜ੍ਹ ਸਾਹਿਬ), ਤਲਵੰਡੀ ਸਾਬੋ (ਤਖਤ ਸ੍ਰੀ ਦਮਦਮਾ ਸਾਹਿਬ) ਅਤੇ ਅੰਮ੍ਰਿਤਸਰ (ਸ੍ਰੀ ਅਕਾਲ ਤਖਤ ਸਾਹਿਬ) ਦੇ ਨੁਮਾਇੰਦਿਆਂ ਨੂੰ ਪਹਿਲਾਂ ਸਮਾਂ ਦਿੱਤਾ ਗਿਆ। ਸਦਨ ਦੇ ਕਈ ਮੈਂਬਰਾਂ ਨੇ ਸਪੀਕਰ ਦੇ ਇਸ ਫੈਸਲੇ ਦੀ ਸ਼ਲਾਘਾ ਕੀਤੀ, ਜਦੋਂਕਿ ਬਹਿਸ ਦੀ ਗੰਭੀਰਤਾ ਨੂੰ ਦੇਖਦਿਆਂ ਹੋਰਨਾਂ ਹਲਕਿਆਂ ਦੇ ਮੈਂਬਰਾਂ ਨੇ ਵੀ ਆਪਣੇ ਸੁਝਾਅ ਰੱਖਣ ਲਈ ਤਿਆਰੀ ਖਿੱਚੀ ਹੋਈ ਸੀ।

ਸ਼੍ਰੋਮਣੀ ਅਕਾਲੀ ਦਲ ਦੀ ਵਿਧਾਇਕ ਗਨੀਵ ਕੌਰ ਮਜੀਠੀਆ ਦੀ ਗੈਰ-ਹਾਜ਼ਰੀ ਚਰਚਾ ਦਾ ਵਿਸ਼ਾ ਬਣੀ ਰਹੀ। ਜਿੱਥੇ ਸਦਨ ਵਿੱਚ ਪੰਥਕ ਅਤੇ ਧਾਰਮਿਕ ਮੁੱਦਿਆਂ 'ਤੇ ਤਿੱਖੀ ਬਹਿਸ ਹੋ ਰਹੀ ਸੀ ਅਤੇ ਹਰ ਪਾਰਟੀ ਆਪਣਾ ਪੱਖ ਰੱਖ ਰਹੀ ਸੀ, ਉੱਥੇ ਹੀ ਮਜੀਠਾ ਹਲਕੇ ਦੀ ਨੁਮਾਇੰਦਗੀ ਕਰਨ ਵਾਲੀ ਅਕਾਲੀ ਵਿਧਾਇਕ ਦੀ ਸੀਟ ਖਾਲੀ ਨਜ਼ਰ ਆਈ।

ਮੁੱਖ ਮੰਤਰੀ ਭਗਵੰਤ ਮਾਨ ਦੀ ਧਰਮ ਪਤਨੀ ਡਾ. ਗੁਰਪ੍ਰੀਤ ਕੌਰ ਵੀ ਸਦਨ ਦੀ ਕਾਰਵਾਈ ਦੇਖਣ ਲਈ ਪਹੁੰਚੇ। ਉਨ੍ਹਾ ਨੇ ਵਿਸ਼ੇਸ਼ ਗੈਲਰੀ ਵਿੱਚ ਬੈਠ ਕੇ ਸੱਤਾ ਪੱਖ ਅਤੇ ਵਿਰੋਧੀ ਧਿਰ ਵਿਚਾਲੇ ਹੋ ਰਹੀ ਤਿੱਖੀ ਬਹਿਸ ਨੂੰ ਬੜੀ ਗੰਭੀਰਤਾ ਨਾਲ ਸੁਣਿਆ।

ਸਦਨ ਨੇ ਮਹਾਨ ਸ਼ਹੀਦਾਂ ਅਤੇ ਵਿੱਛੜੀਆਂ ਸ਼ਖ਼ਸੀਅਤਾਂ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ। ਸਦਨ ਨੇ ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਨੂੰ ਯਾਦ ਕੀਤਾ, ਜਿਨ੍ਹਾਂ ਨੇ ਅੱਜ ਦੇ ਦਿਨ (13 ਅਪਰੈਲ) ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਨਿਛਾਵਰ ਕੀਤੀਆਂ ਸਨ। ਸਦਨ ਨੇ ਪੰਜਾਬ ਦੇ ਸੀਨੀਅਰ ਸਿਆਸਤਦਾਨ ਤੇ ਸਾਬਕਾ ਮੰਤਰੀ ਲਾਲ ਸਿੰਘ ਨੂੰ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ। ਮੈਂਬਰਾਂ ਨੇ ਉਨ੍ਹਾ ਦੇ ਲੰਬੇ ਸਿਆਸੀ ਸਫਰ ਅਤੇ ਸੂਬੇ ਦੇ ਵਿਕਾਸ ਵਿੱਚ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ। ਉੱਘੀ ਗਾਇਕਾ ਆਸ਼ਾ ਭੌਂਸਲੇ ਅਤੇ ਪਿਛਲੇ ਦਿਨੀਂ ਮਥੁਰਾ ਤੇ ਕਾਂਗੜਾ ਵਿੱਚ ਵਾਪਰੇ ਦਰਦਨਾਕ ਹਾਦਸਿਆਂ ਵਿੱਚ ਮਾਰੇ ਗਏ ਲੋਕਾਂ ਨੂੰ ਭਾਵਪੂਰਨ ਸ਼ਰਧਾਂਜਲੀ ਭੇਟ ਕੀਤੀ ਗਈ।

ਬੇਅਦਬੀ ਵਿਰੁੱਧ ਸਖਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ 12 ਅਕਤੂਬਰ 2024 ਤੋਂ ਸਮਾਣਾ ਸ਼ਹਿਰ ਦੇ 400 ਫੁੱਟ ਉੱਚੇ ਮੋਬਾਈਲ ਟਾਵਰ 'ਤੇ ਡਟੇ ਹੋਏ ਗੁਰਜੀਤ ਸਿੰਘ ਖਾਲਸਾ ਨੇ ਕਿਹਾ ਕਿ ਜਦੋਂ ਤੱਕ ਸਰਕਾਰ ਬਿੱਲ ਨੂੰ ਲਾਗੂ ਨਹੀਂ ਕਰ ਦਿੰਦੀ, ਉਹ ਟਾਵਰ ਤੋਂ ਹੇਠਾਂ ਨਹੀਂ ਉਤਰਨਗੇ। ਉਨ੍ਹਾ ਕਿਹਾ, "ਮੈਨੂੰ ਆਪਣੇ ਗੁਰੂ 'ਤੇ ਪੂਰਾ ਭਰੋਸਾ ਹੈ। ਪਿਛਲੇ ਮਹੀਨੇ ਵੀ ਜਦੋਂ ਸਪੀਕਰ ਕੁਲਤਾਰ ਸਿੰਘ ਸੰਧਵਾਂ, ਵਿਧਾਇਕ ਇੰਦਰਬੀਰ ਸਿੰਘ ਨਿੱਝਰ ਅਤੇ ਚੇਤਨ ਸਿੰਘ ਜੌੜਾਮਾਜਰਾ ਦੇ ਨਾਲ ਮੈਨੂੰ ਅੰਦੋਲਨ ਖਤਮ ਕਰਨ ਲਈ ਮਨਾਉਣ ਵਾਸਤੇ ਇੱਥੇ ਆਏ ਸਨ ਤਾਂ ਮੈਂ ਸਪੱਸ਼ਟ ਕਰ ਦਿੱਤਾ ਸੀ ਕਿ ਸੈਸ਼ਨ ਅਤੇ ਬਿੱਲ ਦੀ ਉਦੋਂ ਤੱਕ ਕੋਈ ਕੀਮਤ ਨਹੀਂ ਹੈ, ਜਦੋਂ ਤੱਕ ਇਹ ਲਾਗੂ ਨਹੀਂ ਹੋ ਜਾਂਦਾ।"

### ਬਰਾੜ ਤੇ ਧਾਲੀਵਾਲ...

ਨੇ ਸਰਕਾਰ ਨੂੰ ਤਾੜਨਾ ਕੀਤੀ ਕਿ ਜੇਕਰ ਮਸਲੇ ਜਲਦੀ ਹੱਲ ਨਾ ਕੀਤੇ ਤਾਂ ਪੰਜਾਬ ਏਟਕ ਵੱਲੋਂ ਆਪਣੇ ਤੌਰ 'ਤੇ ਅਤੇ ਸਾਂਝੇ ਸੰਘਰਸ਼ ਲਾਮਬੰਦ ਕਰਕੇ ਇਨ੍ਹਾਂ ਮੁਲਾਜ਼ਮ—ਮਜ਼ਦੂਰ ਵਿਰੋਧੀ ਨੀਤੀਆਂ ਨੂੰ ਪਛਾੜਨ ਲਈ ਸਖਤ ਸੰਘਰਸ਼ ਕੀਤੇ ਜਾਣਗੇ।

### ਡੁਪਲੀਕੇਟ...

ਰੱਬ ਦੀ ਮਰਜ਼ੀ ਕਿਹਾ। ਟਰੰਪ ਨੇ ਪੋਪ 'ਤੇ ਦੋਸ਼ ਲਾਇਆ ਕਿ ਉਹ ਅਮਰੀਕਾ ਵੱਲੋਂ ਵੈਨੇਜ਼ੂਏਲਾ 'ਤੇ ਕੀਤੇ ਹਮਲੇ ਦੀ ਨਿੰਦਾ ਕਰਕੇ ਗਲਤੀ ਕਰ ਰਹੇ ਹਨ। ਟਰੰਪ ਨੇ ਕਿਹਾ ਕਿ ਉਹ ਅਜਿਹੇ ਪੋਪ ਨੂੰ ਪਸੰਦ ਨਹੀਂ ਕਰਦੇ, ਜੋ ਈਰਾਨ ਕੋਲ ਪ੍ਰਮਾਣੂ ਹਥਿਆਰ ਹੋਣ ਨੂੰ ਸਹੀ ਮੰਨਦਾ ਹੋਵੇ। ਇਸ ਘਟਨਾ ਨੇ ਮੀਡੀਆ ਅਤੇ ਸਿਆਸਤ ਵਿੱਚ ਏ ਆਈ ਦੀ ਵਰਤੋਂ ਅਤੇ ਧਾਰਮਿਕ ਮਰਿਆਦਾਵਾਂ 'ਤੇ ਨਵੀਂ ਬਹਿਸ ਛੇੜ ਦਿੱਤੀ ਹੈ। ਅਮਰੀਕੀ ਰੱਖਿਆ ਮੰਤਰੀ ਪੀਟ ਹੇਗਸੇਥ ਨੇ ਵੀ ਲੋਕਾਂ ਨੂੰ ਈਸਾ ਮਸੀਹ ਦੇ ਨਾਂਅ 'ਤੇ ਜੰਗ ਵਿੱਚ ਜਿੱਤ ਲਈ ਪ੍ਰਾਰਥਨਾ ਕਰਨ ਦੀ ਅਪੀਲ ਕੀਤੀ ਹੈ, ਜਿਸ ਨਾਲ ਇਹ ਟਕਰਾਅ ਹੋਰ ਡੂੰਘਾ ਹੋ ਗਿਆ ਹੈ।

## ਖਾਟੂ ਸ਼ਾਮ ਟਰੱਸਟ ਵੱਲੋਂ ਮੁਫ਼ਤ ਮੈਡੀਕਲ ਕੈਂਪ



**ਰਾਜਪੁਰਾ (ਰਮੇਸ਼ ਕਟਾਰੀਆ)**-ਖਾਟੂ ਸ਼ਾਮ ਟਰਸਟ ਵੱਲੋਂ ਖਾਟੂ ਸ਼ਾਮ ਮੰਦਰ ਵਿੱਚ ਮੁਫ਼ਤ ਮੈਡੀਕਲ ਕੈਂਪ ਲਾਇਆ ਗਿਆ, ਜਿਸ ਵਿੱਚ ਜ਼ਿਲ੍ਹਾ ਐਪਥੈਲਮਿਕ ਅਫਸਰ ਡਾ. ਸੁਸ਼ਮਾ ਕਾਲੀਆ ਵੱਲੋਂ ਅੱਖਾਂ, ਡਾ. ਸੂਰਜ ਯਾਦਵ ਵੱਲੋਂ ਹੱਡੀਆਂ, ਐਮਰਜੈਂਸੀ ਮੈਡੀਕਲ ਅਫ਼ਸਰ ਡਾ. ਗੁਰਪਿੰਦਰ ਕੌਰ ਤੇ ਡਾ. ਅਸ਼ਵਨੀ ਸ਼ਰਮਾ ਵੱਲੋਂ ਜਨਰਲ ਬਿਮਾਰੀਆਂ ਦੀ ਜਾਂਚ ਕਰਕੇ ਦਵਾਈਆਂ ਤੇ ਨਜ਼ਰ ਦੀਆਂ ਐਨਕਾਂ ਮੁਫਤ ਦਿੱਤੀਆਂ ਗਈਆਂ।ਕੈਂਪ ਵਿੱਚ 200 ਤੋਂ ਜ਼ਿਆਦਾ ਮਰੀਜ਼ਾਂ ਨੇ ਪਹੁੰਚ ਕੇ ਆਪਣੀ ਸਿਹਤ ਦੀ ਜਾਂਚ ਕਰਵਾਈ।ਇਸ ਮੌਕੇ ਜ਼ਿਲ੍ਹਾ ਐਪਥੈਲਮਿਕ ਅਫਸਰ ਡਾ. ਸੁਸ਼ਮਾ ਕਾਲੀਆ ਵੱਲੋਂ ਅੱਖਾਂ ਦੇ ਮਰੀਜ਼ਾਂ ਦੀ ਵਿਸ਼ੇਸ਼ ਜਾਂਚ ਕੀਤੀ ਗਈ ਤੇ 120 ਦੇ ਕਰੀਬ ਜ਼ਰੂਰਤਮੰਦ ਮਰੀਜ਼ਾਂ ਨੂੰ ਮੁਫ਼ਤ ਚਸ਼ਮੇ ਵੀ ਵੰਡੇ ਗਏ।ਕੈਂਪ ਦੌਰਾਨ 10 ਮਰੀਜ਼ਾਂ ਨੂੰ ਅੱਖਾਂ ਦੇ ਆਪ੍ਰੇਸ਼ਨ ਦੀ ਲੋੜ ਪਾਈ ਗਈ, ਉਨ੍ਹਾਂ ਦੇ ਆਪ੍ਰੇਸ਼ਨ ਹਸਪਤਾਲ ਵਿੱਚ ਸਰਕਾਰ ਵੱਲੋਂ ਮੁਫ਼ਤ ਕੀਤੇ ਜਾਣਗੇ।ਇਹ ਮੈਡੀਕਲ ਕੈਂਪ ਐੱਸ ਐੱਮ ਓ ਰਾਜਪੁਰਾ ਡਾ. ਸ਼ਰਨਪ੍ਰੀਤ ਸਿੰਘ ਦੀ ਦੇਖ-ਰੇਖ ਹੇਠ ਲਗਾਇਆ ਗਿਆ। ਇਸ ਮੌਕੇ ਫਾਰਮਾਸਿਸਟ ਹਰਜੀਤ ਸਿੰਘ, ਕੁਲਦੀਪ ਪ੍ਰਜਾਪਤੀ ਤੇ ਜਸਵੀਰ ਸਿੰਘ ਸਮੇਤ ਹੋਰ ਮੈਡੀਕਲ ਸਟਾਫ ਮੌਜੂਦ ਸੀ।

## ਕਲੇਰਾਂ ਦੇ ਵੱਡੀ ਗਿਣਤੀ ਲੋਕ 'ਆਪ' 'ਚ ਸ਼ਾਮਲ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਹੁਲਾਰਾ ਮਿਲਿਆ, ਜਦੋਂ ਧੂਰੀ ਹਲਕੇ ਦੇ ਪਿੰਡ ਕਲੇਰਾਂ ਦੇ ਵੱਡੀ ਗਿਣਤੀ ਲੋਕ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ ਨੇ ਨਵੇਂ ਸ਼ਾਮਲ ਹੋਏ ਮੈਂਬਰਾਂ ਨੂੰ ਸਨਮਾਨਤ ਕੀਤਾ ਤੇ ਉਨ੍ਹਾਂ ਦਾ ਪਾਰਟੀ ਵਿੱਚ ਸਵਾਗਤ ਕੀਤਾ।ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਾਫ਼-ਸੁਥਰੀ ਤੇ ਪਾਰਦਰਸ਼ੀ ਰਾਜਨੀਤੀ, ਲੋਕ-ਪੱਖੀ ਨੀਤੀਆਂ ਤੇ ਜ਼ਮੀਨੀ ਪੱਧਰ 'ਤੇ ਕੀਤੇ ਜਾ ਰਹੇ ਵਿਕਾਸ ਕਾਰਜਾਂ ਨੇ ਲੋਕਾਂ ਦਾ ਭਰੋਸਾ ਜਿੱਤਿਆ ਹੈ, ਜਿਸ ਕਾਰਨ ਹਰ ਵਰਗ ਦੇ ਲੋਕ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਪਾਣੀ ਤੇ ਰੋਜ਼ਗਾਰ ਦੇ ਖੇਤਰ ਵਿੱਚ ਇਤਿਹਾਸਕ ਫੈਸਲੇ ਕੀਤੇ ਗਏ ਹਨ, ਜਿਸ ਨਾਲ ਆਮ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਚੇਅਰਮੈਨ ਢਿੱਲੋਂ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਹਰ ਵਰਕਰ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ ਤੇ ਉਨ੍ਹਾਂ ਨੂੰ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਮੌਕਾ ਮਿਲੇਗਾ।ਉਨ੍ਹਾਂ ਨਵੇਂ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਦੀਆਂ ਨੀਤੀਆਂ ਤੇ ਸਰਕਾਰ ਦੇ ਕੰਮਾਂ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਆਪਣਾ ਯੋਗਦਾਨ ਪਾਉਣ।ਇਸ ਮੌਕੇ ਪਿੰਡ ਦੇ ਸਰਪੰਚ ਜਗਜੀਤ ਸਿੰਘ, ਬਲਾਕ ਪ੍ਰਧਾਨ ਸੁਖਦੇਵ ਸਿੰਘ, ਅੰਮ੍ਰਿਤਪਾਲ ਸਿੰਘ ਸਮੇਤ ਪ੍ਰਮੁੱਖ ਆਗੂ ਤੇ ਵਰਕਰ ਮੌਜੂਦ ਸਨ।

## ਸਾਉਣੀ ਦੀਆਂ ਫਸਲਾਂ ਦੀ ਸੁਚੱਜੀ ਬਿਜਾਈ ਤੇ ਅਗਾਊਂ ਪ੍ਰਬੰਧਾਂ ਸੰਬੰਧੀ ਮੀਟਿੰਗ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਡਾਇਰੈਕਟਰ ਖੇਤੀਬਾੜੀ ਡਾ. ਗੁਰਜੀਤ ਸਿੰਘ ਬਰਾੜ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸੰਯੁਕਤ ਡਾਇਰੈਕਟਰ ਖੇਤੀਬਾੜੀ (ਵਿਸਥਾਰ ਤੇ ਸਿਖਲਾਈ) ਡਾ. ਕਰਨਜੀਤ ਸਿੰਘ ਗਿੱਲ ਵੱਲੋਂ ਸਾਉਣੀ ਦੀਆਂ ਫਸਲਾਂ ਦੀ ਸੁਚੱਜੀ ਬਿਜਾਈ ਤੇ ਅਗਾਊਂ ਪ੍ਰਬੰਧਾਂ ਸੰਬੰਧੀ ਜ਼ਿਲ੍ਹਾ ਪੱਧਰੀ ਮੀਟਿੰਗ ਆਯੋਜਿਤ ਕੀਤੀ ਗਈ।ਮੀਟਿੰਗ ਦੌਰਾਨ ਸਟਾਫ ਨੂੰ ਸਾਉਣੀ ਲਈ ਲੋੜੀਂਦੀਆਂ ਤਿਆਰੀਆਂ ਬਾਰੇ ਵਿਸਥਾਰ ਨਾਲ ਹਦਾਇਤਾਂ ਦਿੱਤੀਆਂ ਗਈਆਂ।ਇਸ ਮੌਕੇ ਨਰਮੇ ਦੀ ਫਸਲ ਦੀ ਸਹੀ ਸਮੇਂ ਬਿਜਾਈ, ਖਾਦਾਂ ਦੇ ਸੰਤੁਲਿਤ ਇਸਤੇਮਾਲ ਤੇ ਸੁਧਰੇ ਬੀਜਾਂ ਦੀ ਵਰਤੋਂ 'ਤੇ ਖ਼ਾਸ ਜ਼ੋਰ ਦਿੱਤਾ ਗਿਆ।ਇਸ ਤੋਂ ਇਲਾਵਾ ਝੋਨੇ ਦੀ ਸਿੱਧੀ ਬਿਜਾਈ (ਡੀ.ਐੱਸ.ਆਰ.), ਮਿੱਟੀ ਦੀ ਸਿਹਤ ਸੰਭਾਲ ਤੇ ਹਰੀ ਖਾਦ ਦੇ ਪ੍ਰਯੋਗ ਨੂੰ ਵਧਾਉਣ ਸਬੰਧੀ ਵੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਕਣਕ ਦੇ ਨਾੜ ਨੂੰ ਅੱਗ ਲਗਾਉਣ ਦੀ ਸਮੱਸਿਆ ਨੂੰ ਰੋਕਣ ਲਈ ਜਾਗਰੂਕਤਾ ਫੈਲਾਉਣ 'ਤੇ ਵੀ ਖ਼ਾਸ ਧਿਆਨ ਦੇਣ ਲਈ ਕਿਹਾ ਗਿਆ।ਮੀਟਿੰਗ ਵਿੱਚ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤੇ ਕਿਸਾਨ ਰਜਿਸਟਰੀ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

## ਬਿਜਲੀ ਕਾਮਿਆਂ ਨੂੰ ਲੁਧਿਆਣਾ ਦੇ ਰੋਸ ਪ੍ਰਦਰਸ਼ਨ 'ਚ ਜ਼ੋਰ-ਸ਼ੋਰ ਨਾਲ ਸ਼ਾਮਲ ਹੋਣ ਦਾ ਸੱਦਾ



ਪੱਟੀ, (ਬਲਦੇਵ ਸਿੰਘ ਸੰਧੂ)- ਐਸੋਸੀਏਸ਼ਨ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਮੰਡਲ ਪੱਟੀ ਦੀ ਮਹੀਨਾਵਾਰੀ ਮੀਟਿੰਗ ਮੰਡਲ ਪ੍ਰਧਾਨ ਅਵਤਾਰ ਸਿੰਘ ਕੈਰੋਂ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਬੀਬੀ ਰਜਨੀ ਜੀ ਵਿਖੇ ਆਯੋਜਿਤ ਕੀਤੀ ਗਈ ਜਿਸ ਵਿੱਚ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਇਸ ਮੀਟਿੰਗ ਨੂੰ ਸਰਕਲ ਆਗੂ ਰਤਨ ਸਿੰਘ ਡਾਲੇਕੇ, ਮੰਡਲ ਪੱਟੀ ਦੇ ਪ੍ਰਧਾਨ ਅਵਤਾਰ ਸਿੰਘ ਕੈਰੋਂ, ਸਰਕਲ ਵਿੱਤ ਸਕੱਤਰ ਹਰਭਜਨ ਸਿੰਘ ਪੱਟੀ, ਸੀਨੀਅਰ ਆਗੂ ਧਰਮ ਸਿੰਘ ਸਖੀਰਾ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਸਾਲ 2026 ਦੀ ਮੈਂਬਰਸ਼ਿਪ ਕੀਤੀ ਜਾ ਰਹੀ ਹੈ।ਅੱਜ ਦੀ ਮੀਟਿੰਗ ਵਿੱਚ ਜਿੱਥੇ ਮੈਂਬਰਸ਼ਿਪ ਭਰੀ ਗਈ ਉਥੇ ਪੈਨਸ਼ਨਰਾਂ, ਫੈਮਿਲੀ ਪੈਨਸ਼ਨਰਾਂ ਦੇ ਲਾਈਫ ਸਾਟੀਫਿਕੇਟ ਵੀ ਆਨ ਲਾਈਨ ਕੀਤੇ ਗਏ।ਆਗੂਆਂ ਦੱਸਿਆ ਕਿ ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਪੰਜਾਬ ਵੱਲੋਂ ਪਾਵਰਕਾਮ ਦੀ ਮੈਨੇਜਮੈਂਟ ਪਾਸੋਂ ਡਿਜੀਟਲ ਲਾਈਫ ਸਰਟੀਫਿਕੇਟ ਲਾਜ਼ਮੀ ਕਰਨ ਦੀ ਥਾਂ ਆਪਸ਼ਨ ਦੀ ਮੰਗ ਕੀਤੀ ਸੀ ਜੋ ਹੁਣ ਮੈਨੇਜਮੈਂਟ ਦੇ ਫੈਸਲੇ ਅਨੁਸਾਰ ਪੈਨਸ਼ਨਰ, ਫੈਮਿਲੀ ਪੈਨਸ਼ਨ ਆਪਣੇ ਮੰਡਲ ਦਫਤਰਾਂ ਵਿੱਚ ਪਹੁੰਚ ਕੇ ਆਪਣਾ ਜੀਵਤ ਸਰਟੀਫਿਕੇਟ ਭਰ ਸਕਦੇ ਹਨ।ਆਗੂਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਣ ਬੁਝ ਕੇ ਪੈਨਸ਼ਨਰਾਂ ਦੀਆਂ ਮੰਗਾਂ ਲਮਕਾ ਵਿੱਚ ਪਾਈਆਂ ਹੋਈਆਂ ਹਨ। ਇਨ੍ਹਾਂ ਮੰਗਾਂ ਦੀ ਪ੍ਰਾਪਤੀ ਵਾਸਤੇ 18 ਅਪ੍ਰੈਲ 2026 ਨੂੰ ਬਿਜਲੀ ਮੰਤਰੀ ਦੀ ਲੁਧਿਆਣਾ ਰਿਹਾਇਸ਼ ਸਾਹਮਣੇ ਕੀਤੇ ਜਾਣ ਵਾਲੇ ਜ਼ਬਰਦਸਤ ਰੋਸ ਪ੍ਰਦਰਸ਼ਨ ਵਿੱਚ ਮੰਡਲ ਪੱਟੀ ਦੇ ਪੈਨਸ਼ਨਰ ਜ਼ੋਰ ਸ਼ੋਰ ਨਾਲ ਸ਼ਾਮਿਲ ਹੋਣਗੇ।ਆਗੂਆਂ ਨੇ ਮੀਟਿੰਗ ਵਿੱਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਕੋਰਟ ਵੱਲੋਂ ਮਹਿੰਗਾਈ ਭੱਤਾ ਦੇਣ ਸਬੰਧੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁਖਤਿਆਰ ਸਿੰਘ ਲੌਹਕਾ, ਬਲਦੇਵ ਸਿੰਘ ਕੰਡਿਆਲਾ, ਇੰਜੀ: ਕਰਨੈਲ ਸਿੰਘ ਜੇਈ, ਬਲਵਿੰਦਰ ਸਿੰਘ ਮੋਹਣਪੁਰਾ, ਚੰਨਣ ਸਿੰਘ ਕੰਡਿਆਲਾ, ਹਰਭਜਨ ਸਿੰਘ ਜੱਲੇਵਾਲ, ਤਰਸੇਮ ਸਿੰਘ ਐੱਸ. ਐੱਸ. ਏ. ਪੱਟੀ, ਦਿਲਬਾਗ ਸਿੰਘ ਸਰਹਾਲੀ, ਗਿਆਨ ਸਿੰਘ ਅਹਿਮਦਪੁਰ ਅਤੇ ਕਸ਼ਮੀਰ ਸਿੰਘ ਕੈਰੋਂ ਆਦਿ ਆਗੂ ਵੀ ਹਾਜ਼ਰ ਸਨ।

## ਮੁੱਖ ਮੰਤਰੀ 16 ਨੂੰ ਦਾਨਾ ਮੰਡੀ ਬਟਾਲਾ ਵਿਖੇ ਪਹੁੰਚਣਗੇ : ਸ਼ੈਰੀ ਕਲਸੀ



ਬਟਾਲਾ, (ਡਾ. ਮਲਵਿੰਦਰ ਸਿੰਘ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ 16 ਅਪ੍ਰੈਲ ਨੂੰ ਦਾਨਾ ਮੰਡੀ ਬਟਾਲਾ ਵਿਖੇ ਪਹੁੰਚ ਰਹੇ ਹਨ, ਜਿਸਦੇ ਸਬੰਧ ਵਿਚ ਆਮ ਆਦਮੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਹਲਕਾ ਵਿਧਾਇਕ ਬਟਾਲਾ ਨੇ ਬਟਾਲਾ ਕਲੱਬ ਵਿਖੇ ਮੀਡੀਆ ਦੇ ਰੂ-ਬਰੂ ਹੁੰਦਿਆਂ ਰੈਲੀ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਰੈਲੀ ਨੂੰ ਇਤਿਹਾਸਕ ਬਣਾਇਆ ਜਾਵੇਗਾ।ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਹਲਕੇ ਦੇ ਲੋਕਾਂ ਨੂੰ ਇਸ ਰੈਲੀ ਵਿਚ ਹੁੰਮ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਬਟਾਲਾ ਦੇ ਲੋਕ ਵੱਡੀ ਗਿਣਤੀ ਵਿਚ ਇਸ ਰੈਲੀ ਵਿਚ ਪਹੁੰਚਣ ਅਤੇ ਮੁੱਖ ਮੰਤਰੀ ਪੰਜਾਬ ਦੇ ਵਿਚਾਰ ਸੁਣਨ । ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਅਤੇ ਪਾਰਟੀ ਵਰਕਰ ਰੈਲੀ ਨੂੰ ਲੈ ਕੇ ਪੱਬਾਂ ਭਾਰ ਹੋ ਗਏ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ 16 ਅਪ੍ਰੈਲ ਨੂੰ ਦਾਨਾ ਮੰਡੀ ਵਿਖੇ ਪਹੁੰਚਣਗੇ ਜਿੱਥੇ ਉਹ ਇੱਕ ਵਿਸ਼ਾਲ ਅਤੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਨਗੇ।ਉਨ੍ਹਾਂ ਨੇ ਸਮੂਹ ਪੰਚ, ਸਰਪੰਚ ਅਤੇ ਪਾਰਟੀ ਦੇ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਵੱਡੀ ਗਿਣਤੀ ਵਿਚ ਰੈਲੀ ਵਿਚ ਸ਼ਾਮਲ ਹੋਵੋ ਤਾਂ ਜੋ ਇਸ ਰੈਲੀ ਨੂੰ ਇਤਿਹਾਸਕ ਬਣਾਇਆ ਜਾ ਸਕੇ।ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਯਸ਼ਪਾਲ ਚੌਹਾਨ, ਮਾਰਕੀਟ ਕਮੇਟੀ ਬਟਾਲਾ ਦੇ ਚੇਅਰਮੈਨ ਮਾਨਿਕ ਮਹਿਤਾ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਚੇਅਰਮੈਨ ਚਰਨਜੀਤ ਸਿੰਘ ਪਾਰੋਵਾਲ, ਨੌਜਵਾਨ ਆਪ ਆਗੂ ਅੰਮ੍ਰਿਤ ਕਲਸੀ, ਕੌਂਸਲਰ ਬਲਵਿੰਦਰ ਸਿੰਘ, ਮਿੰਟਾ, ਮਾਸਟਰ ਤਿਲਕ ਰਾਜ, ਗੁਰਪ੍ਰੀਤ ਸਿੰਘ ਰਾਜੂ, ਜ਼ਿਲ੍ਹਾ ਯੂਥ ਵਾਇਸ ਪ੍ਰਧਾਨ ਵਰੁਣ ਵਰਮਾ, ਅਵਤਾਰ ਸਿੰਘ ਕਲਸੀ, ਪ੍ਰਧਾਨ ਵੀਨੂੰ ਕਾਹਲੋਂ, ਭੁਪਿੰਦਰ ਸਿੰਘ, ਅਮਰੀਕ ਸਿੰਘ ਲੰਬੜਦਾਰ, ਬਲਵਿੰਦਰ ਸਿੰਘ, ਅੰਕੁਸ਼ ਮਹਿਤਾ, ਦਾਸ ਕਰਨ, ਐਡਵੋਕੇਟ ਮਨਜੀਤ ਸਿੰਘ, ਮਨਜੀਤ ਸਿੰਘ ਬੁਮਰਾਹ, ਤਜਿੰਦਰ ਬੰਟੀ, ਧੀਰਜ ਰਿੰਕਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਆਪ ਆਗੂ ਹਾਜ਼ਰ ਸਨ।

## ਸਿਵਲ ਹਸਪਤਾਲ ਵਿਖੇ ਹੋਏ ਖੂਨ-ਖਰਾਬੇ ਨੂੰ ਲੈ ਕੇ ਡੀ ਐੱਸ ਪੀ ਦਫਤਰ ਦਾ ਘਿਰਾਓ ਅੱਜ



**ਬਾਬਾ ਬਕਾਲਾ ਸਾਹਿਬ/ਬਿਆਸ (ਜਸਪਾਲ ਸਿੰਘ/ਪਰਮਜੀਤ ਰੱਖੜਾ)**- ਗੁਆਂਢੀ ਪਿੰਡ ਠੱਠੀਆਂ ਦੀਆਂ ਦੋ ਧਿਰਾਂ 'ਚ ਹੋਈ ਲੜਾਈ ਉਪਰੰਤ ਹਸਪਤਾਲ ਵਿੱਚ ਹੀ ਵੱਢ ਟੁੱਕ ਕਰਨ ਦੀਆਂ ਵੀਡੀਓ ਵਾਇਰਿਲ ਹੋਣ ਉਪਰੰਤ ਪੁਲਿਸ ਨੇ ਪਿੰਡ ਠੱਠੀਆਂ ਦੀ ਸਰਪੰਚਣੀ ਮਨਦੀਪ ਕੌਰ ਦੇ ਪਤੀ ਕੁਲਦੀਪ ਸਿੰਘ, ਪ੍ਰਮਜੀਤ ਸਿੰਘ, ਜਗੀਰ ਸਿੰਘ, ਹਰਬੰਸ ਸਿੰਘ ਉੱਪਰ ਕੇਸ ਦਰਜ ਕੀਤਾ ਸੀ । ਅੱਜ ਇਸ ਮਾਮਲੇ ਨੇ ਉਦੋਂ ਨਵਾਂ ਮੋੜ ਲੈ ਲਿਆ, ਜਦੋਂ ਜ਼ਖਮੀ ਜਗੀਰ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਠੱਠੀਆਂ ਦੀ ਪੀ.ਜੀ.ਆਈ. ਵਿਖੇ ਮੌਤ ਹੋ ਗਈ। ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਮ੍ਰਿਤਕ ਜਗੀਰ ਸਿੰਘ ਦੀ ਨੂੰਹ, ਸਰਪੰਚ ਮਨਦੀਪ ਕੌਰ ਠੱਠੀਆਂ ਨੇ ਦੋਸ਼ ਲਾਇਆ ਕਿ 01 ਅਪ੍ਰੈਲ ਨੂੰ ਹੋਈ ਲੜਾਈ ਵਿੱਚ ਜਦੋਂ ਜਗਰੂਪ ਸਿੰਘ ਸਾਨੂੰ ਸ਼ਰੇਆਮ ਗਲੀ ਵਿੱਚ ਗਾਲਾਂ ਕੱਢਦਾ ਸੀ ਤਾਂ ਅਸੀਂ ਸਾਰੇ ਪਰਿਵਾਰ ਨੇ ਉਨ੍ਹਾਂ ਦੇ ਘਰ ਜਾ ਕੇ ਉਸ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ, ਪਰ ਉਹ ਸਾਰਾ ਪਰਿਵਾਰ ਸਾਡੀ ਗੱਲ ਸੁਣਨ ਦੀ ਬਜਾਏ ਸਾਡੇ ਹੀ ਗਲ ਪੈ ਗਏ, ਜਿੱਥੋਂ ਸਾਰੀ ਲੜਾਈ ਸ਼ੁਰੂ ਹੋਈ, ਜਿਸ ਉਪਰੰਤ ਇਹ ਲੜਾਈ ਹਸਪਤਾਲ ਵਿੱਚ ਵੀ ਪਹੁੰਚ ਗਈ। ਜਿਸ ਦੌਰਾਨ ਮੇਰੇ ਸਹੁਰਾ ਸਾਹਿਬ ਜਗੀਰ ਸਿੰਘ ਦੇ ਗੁੱਝੀਆਂ ਸੱਟਾਂ ਲੱਗੀਆਂ ਸਨ, ਲੇਕਿਨ ਪੁਲਿਸ ਨੇ ਸਾਡੇ ਸਾਰੇ ਪਰਿਵਾਰ 'ਤੇ ਇਕ ਤਰਫਾ ਹੀ ਕੇਸ ਦਰਜ ਕਰ ਦਿੱਤਾ। ਜਿਸ ਕਾਰਣ ਸਾਡਾ ਸਾਰਾ ਪਰਿਵਾਰ ਪੁਲਿਸ ਦੇ ਡਰੋਂ ਘਰੋਂ ਬੇਘਰ ਹੋ ਗਿਆ ਅਤੇ ਇਸੇ ਦੌਰਾਨ ਮੇਰੇ ਸਹੁਰਾ ਜਗੀਰ ਸਿੰਘ ਨੂੰ ਪੇਟ ਵਿੱਚ ਗੁੱਝੀਆਂ ਸੱਟਾਂ ਲੱਗਣ ਕਰਕੇ ਪੀ.ਜੀ.ਆਈ. ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਕਿ 10 ਅਪ੍ਰੈਲ ਨੂੰ ਉਨ੍ਹਾਂ ਦੀ ਮੌਤ ਹੋ ਗਈ ਹੈ । ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪੁਲਿਸ ਨੇ ਸਾਡੇ ਪਿਤਾ ਦੀ ਮੌਤ ਨੂੰ ਲੈ ਕੇ ਦੂਸਰੀ ਧਿਰ 'ਤੇ ਕੇਸ ਦਰਜ ਨਾ ਕੀਤਾ ਅਤੇ ਸਾਡੇ ਖਿਲਾਫ ਕੇਸ ਰੱਦ ਨਾ ਕੀਤਾ ਗਿਆ ਤਾਂ ਉਹ 14 ਅਪ੍ਰੈਲ ਨੂੰ ਸਵੇਰੇ 9 ਵਜੇ ਮ੍ਰਿਤਕ ਜਗੀਰ ਸਿੰਘ ਦੀ ਲਾਸ਼ ਨੂੰ ਲੈ ਕੇ ਆਪਣੇ ਸਾਰੇ ਪਰਿਵਾਰ, ਰਿਸ਼ਤੇਦਾਰ, ਸਨੇਹੀਆਂ ਅਤੇ ਸਮੱਰਥਕਾਂ ਸਮੇਤ ਡੀ.ਐਸ.ਪੀ. ਦਫਤਰ ਬਾਬਾ ਬਕਾਲਾ ਦਾ ਘਿਰਾਉ ਕਰਨਗੇ ਅਤੇ ਉਤਨੀ ਦੇਰ ਤੱਕ ਲਾਸ਼ ਦਾ ਸਸਕਾਰ ਨਹੀਂ ਕਰਾਂਗੇ, ਜਿੰਨ੍ਹਾ ਚਿਰ ਸਾਨੂੰ ਇਨਸਾਫ ਨਹੀਂ ਮਿਲ ਜਾਂਦਾ।

### ਵਿਸਾਖੀ ਤੇ ਅੰਬੇਡਕਰ ਦਾ ਜਨਮ ਦਿਹਾੜਾ ਅੱਜ ਮਨਾਇਆ ਜਾਵੇਗਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸਥਾਨਕ ਕਸਬਾ ਡੇਰਾ ਬਾਬਾ ਨਾਨਕ ਸਿਟੀ ਵੈੱਲਫੇਅਰ ਕਲੱਬ ਦੇ ਪ੍ਰਧਾਨ ਰਾਜੇਸ਼ ਹਾਂਡਾ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਟੀ ਵੈਲਫੇਅਰ ਕਲੱਬ (ਰਜਿ:), ਡੇਰਾ ਬਾਬਾ ਨਾਨਕ ਵੱਲੋਂ 14 ਅਪ੍ਰੈਲ ਮੰਗਲਵਾਰ ਨੂੰ ਸਵੇਰੇ 10 ਵਜੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕਿਆਂ ਵਾਲਾ) ਡੇਰਾ ਬਾਬਾ ਨਾਨਕ ਵਿਖੇ ਵਿਸਾਖੀ ਦਾ ਤਿਉਹਾਰ ਅਤੇ ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਮਨਾਇਆ ਜਾਵੇਗਾ। ਇਸ ਦਿਨ ਕਲੱਬ ਅਤੇ ਡੇਰਾ ਬਾਬਾ ਨਾਨਕ ਦੇ ਆਸ ਪਾਸ ਦੇ ਸਕੂਲਾਂ ਦੀਆਂ ਟੀਮਾਂ ਭੰਗੜਾ ਅਤੇ ਗਿੱਧਾ ਪੇਸ਼ ਕਰਨਗੀਆਂ, ਕਲੱਬ ਵੱਲੋਂ ਇਸ ਪ੍ਰੋਗਰਾਮ 'ਚ ਭਾਗ ਲੈਣ ਵਾਲੀਆਂ ਟੀਮਾਂ ਨੂੰ ਮੈਡਲ ਅਤੇ ਸ਼ੀਲਡ ਨਾਲ ਸਨਮਾਨਿਤ ਕੀਤਾ ਜਾਵੇਗਾ ਇਹ ਪ੍ਰੋਗਰਾਮ ਵੇਖਣ ਵਾਸਤੇ ਕਲੱਬ ਵੱਲੋਂ ਸਭ ਨੂੰ ਖੁੱਲਾ ਸੱਦਾ ਦਿੱਤਾ ਜਾਂਦਾ ਹੈ। ਇਸ ਮੌਕੇ ਕਲੱਬ ਦੇ ਸਰਪ੍ਰਸਤ ਰਮੇਸ਼ ਬੱਬਰ,ਸਾਬਕਾ ਕੌਂਸਲਰ ਡਾਕਟਰ ਅਸ਼ੋਕ ਸੋਨੀ,ਤੇਜਿੰਦਰ ਪਾਲ ਸਿੰਘ ਪੂੰਨੀ,ਰਾਜੇਸ਼ ਡੋਗਰਾ,ਹਰਭਜਨ ਲਾਲ ਡਿਗਰਾ,ਡਾਕਟਰ ਗੁਰਦੇਵ ਸਿੰਘ,ਡਾਕਟਰ ਪ੍ਰਦੀਪ ਕੁਮਾਰ,ਮਾਸਟਰ ਪਲਵਿੰਦਰ ਸਿੰਘ,ਮਾਸਟਰ ਰਾਮ ਸਰੂਪ,ਹੈੱਡ ਮਾਸਟਰ ਅਰਵਿੰਦਰ ਪਾਲ ਸਿੰਘ,ਮਾਸਟਰ ਦਵਿੰਦਰ ਪਾਲ ਢਿੱਲੋ ਆਦਿ ਹਾਜ਼ਰ ਸਨ ।

### 'ਆਈ ਵਿਸਾਖੀ' ਦੇ ਜਸ਼ਨ ਭਲਕੇ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਵਿਰਸਾ ਵਿਹਾਰ ਅੰਮ੍ਰਿਤਸਰ ਵੱਲੋਂ ਹਰਿਆਵਲ ਫਾਊਂਡੇਸ਼ਨ (ਰਜਿ.) ਦੇ ਸਹਿਯੋਗ ਨਾਲ ਵਿਸਾਖੀ ਦੇ ਸ਼ੁਭ ਦਿਹਾੜੇ ਨੂੰ ਸਮਰਪਿਤ ਸਮਾਗਮ ਗਿੱਧਾ, ਭੰਗੜਾ ਅਤੇ ਗੀਤ-ਸੰਗੀਤ ਤੇ ਆਧਾਰਿਤ 'ਆਈ ਵਿਸਾਖੀ' ਦਾ ਆਯੋਜਨ ਮਿਤੀ 15 ਅਪ੍ਰੈਲ ਨੂੰ ਸਵੇਰੇ 11 ਵਜੇ ਕੀਤਾ ਜਾ ਰਿਹਾ ਹੈ ਜਿਸ ਵਿੱਚ ਜਗਤ ਜਯੋਤੀ ਸਕੂਲ, ਰੋਜ਼ ਬਰਡਜ਼ ਪਬਲਿਕ ਸਕੂਲ ਅਤੇ ਹੈਲੋ ਇੰਟਰਨੈਸ਼ਨਲ ਭੰਗੜਾ ਅਕੈਡਮੀ ਵੱਲੋਂ ਸਕੂਲ ਦੇ ਵਿਦਿਆਰਥੀ ਗਿੱਧੇ ਅਤੇ ਭੰਗੜੇ ਦੀ ਆਈਟਮ ਪੇਸ਼ ਕਰਨਗੇ। ਇਸ ਮੌਕੇ ਸਥਾਨਕ ਕਲਾਕਾਰਾਂ, ਨਾਟ ਪ੍ਰੇਮੀ ਅਤੇ ਸੰਗੀਤ ਪ੍ਰੇਮੀ ਵੀ ਹਾਜ਼ਰੀ ਭਰਨਗੇ। ਇਹ ਜਾਣਕਾਰੀ ਵਿਰਸਾ ਵਿਹਾਰ ਦੇ ਸਕੱਤਰ ਭੁਪਿੰਦਰ ਸੰਧੂ, ਗੁਰਦੇਵ ਸਿੰਘ ਮਹਿਲਾਂਵਾਲ, ਟੀ. ਐੱਸ. ਰਾਜਾ ਅਤੇ ਪ੍ਰੋਗਰਾਮ ਕਨਵੀਨਰ ਹਰਿੰਦਰ ਸੋਹਲ ਵੱਲੋਂ ਸਾਂਝੇ ਤੌਰ ਤੇ ਦਿੱਤੀ ਗਈ।

### ਪੱਤਰਕਾਰ ਬਲਜੀਤ ਕਾਹਲੋਂ ਦੀ ਅੰਤਿਮ ਅਰਦਾਸ ਅੱਜ

ਮਜੀਠਾ (ਸੋਇਮ ਆਨੰਦ)-ਜ਼ਿਲ੍ਹਾ ਅੰਮ੍ਰਿਤਸਰ ਅਤੇ ਗੁਰਦਾਸਪੁਰ ਦੇ ਸੀਨੀਅਰ ਪੱਤਰਕਾਰ ਜੋ ਕਿ ਪਿਛਲੇ ਦਿਨੀਂ ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ ਸੱਚਖੰਡ ਜਾ ਬਿਰਾਜੇ ਹਨ, ਦੇ ਨਮਿਤ ਰੱਖੇ ਅਖੰਡ ਪਾਠ ਸਾਹਿਬ ਦੇ ਪਾਠ ਦਾ ਭੋਗ ਅੱਜ ਮੰਗਲਵਾਰ ਨੂੰ ਹਲਕਾ ਮਜੀਠਾ ਵਿੱਚ ਪੈਂਦੇ ਪਿੰਡ ਮਰੜੀ ਕਲਾਂ ਗੁਰਦੁਆਰਾ ਭਗਤ ਬਾਬਾ ਨਾਮਦੇਵ ਜੀ ਵਿਖੇ ਦੁਪਹਿਰ 12 ਤੋਂ 1 ਵਜੇ ਪਵੇਗਾ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਬੜੇ ਦੁੱਖੀ ਹਿਰਦੇ ਨਾਲ ਉਨ੍ਹਾਂ ਦੇ ਭਰਾ ਕੁਲਦੀਪ ਸਿੰਘ ਕਾਹਲੋਂ ਨੇ ਇਸ ਅੰਤਿਮ ਅਰਦਾਸ ਵਿੱਚ ਬਲਜੀਤ ਸਿੰਘ ਕਾਹਲੋਂ ਦੇ ਪ੍ਰੇਮੀਆਂ ਅਤੇ ਪੱਤਰਕਾਰ ਭਾਈਚਾਰੇ ਨੂੰ ਸ਼ਾਮਿਲ ਹੋਣ ਦੀ ਬੇਨਤੀ ਕੀਤੀ ਅਤੇ ਦੱਸਿਆ ਕਿ ਭੋਗ ਸ੍ਰੀ ਅਖੰਡ ਪਾਠ ਉਪਰੰਤ 12 ਤੋਂ 1 ਵਜੇ ਤੱਕ ਗੁਰਦੁਆਰਾ ਸਾਹਿਬ ਵਿਖੇ ਅੰਤਿਮ ਅਰਦਾਸ ਅਤੇ ਵੈਰਾਗਮਈ ਕੀਰਤਨ ਹੋਵੇਗਾ।ਇਹ ਜਾਣਕਾਰੀ ਦੇਣ ਸਮੇਂ ਉਨ੍ਹਾਂ ਦੇ ਭਰਾ ਕੁਲਦੀਪ ਸਿੰਘ ਕਾਹਲੋਂ ਅਤੇ ਸਮੂਹ ਪੱਤਰਕਾਰ ਭਾਈਚਾਰਾ ਹਾਜ਼ਰ ਸੀ।

### ਸੰਗਤਾਂ ਨੂੰ ਲੈ ਕੇ ਸ੍ਰੀ ਅਨੰਦਪੁਰ ਸਾਹਿਬ ਦੀ ਯਾਤਰਾ ਲਈ ਟਰੱਕ ਰਵਾਨਾ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਪਿੰਡ ਮਾਨਸੈਂਡਵਾਲ ਤੋਂ ਬਾਬਾ ਲਾਡਾ ਵੱਲੋਂ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਮੌਕੇ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਦੇ ਦਰਸ਼ਨ ਦੀਦਾਰਿਆਂ ਲਈ ਟਰੱਕ ਰਵਾਨਾ ਕੀਤਾ ਗਿਆ ਜਿਸ ਵਿਚ ਪਿੰਡ ਮਾਨ ਸੈਂਡਵਾਲ ਤੋਂ ਇਲਾਵਾ ਹੋਰਨਾਂ ਪਿੰਡਾਂ ਦੀ ਸੰਗਤ ਵੀ ਰਵਾਨਾ ਹੋਈ ਹੈ।ਜ਼ਿਕਰਯੋਗ ਹੈ ਕੇ ਬਾਬਾ ਲਾਡਾ ਵੱਲੋਂ ਹਰ ਸਾਲ ਵਿਸਾਖੀ ਮੌਕੇ ਸੰਗਤਾਂ ਨੂੰ ਅਨੰਦਪੁਰ ਸਾਹਿਬ ਤੇ ਹੋਰ ਪਵਿੱਤਰ ਗੁਰਧਾਮਾਂ ਦੀ ਯਾਤਰਾ ਕਰਵਾਈ ਜਾਂਦੀ ਹੈ।ਇਸ ਮੌਕੇ ਬਾਬਾ ਲਾਡਾ, ਜੋਗਿੰਦਰ ਸਿੰਘ, ਮਨਜੀਤ ਸਿੰਘ, ਹਰਜੀਤ ਸਿੰਘ, ਬਚਿੱਤਰ ਸਿੰਘ, ਅਮਰਜੀਤ ਸਿੰਘ, ਰਣਜੀਤ ਸਿੰਘ, ਸੁਖਰਾਜ ਸਿੰਘ, ਬਗੀਚਾ ਸਿੰਘ, ਸਹਿਜਦੀਪ ਸਿੰਘ, ਬੀਰ ਸਿੰਘ, ਅੰਮ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।



### ਵੋਟਰ ਸੂਚੀ ਦੀ ਸੁਧਾਈ ਲਈ ਯੋਗਤਾ ਮਿਤੀ ਨਿਰਧਾਰਿਤ

ਬਟਾਲਾ, (ਡਾ. ਮਲਵਿੰਦਰ ਸਿੰਘ)-ਗੁਰਪ੍ਰੀਤ ਸਿੰਘ ਗਿੱਲ ਵਧੀਕ ਡਿਪਟੀ ਕਮਿਸ਼ਨਰ (ਵਿ)-ਕਮ ਵਧੀਕ ਜ਼ਿਲ੍ਹਾ ਚੋਣਕਾਰ ਅਫਸਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਨਯੋਗ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਪੱਤਰ ਅਨੁਸਾਰ ਨਗਰ ਨਿਗਮ/ਨਗਰ ਕੌਂਸਲ ਦੀਆਂ ਆਮ/ਜ਼ਿਮਨੀ ਚੋਣਾਂ 2026 ਕਰਵਾਉਣ ਲਈ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਡਰਾਫਟ ਪ੍ਰਕਾਸ਼ਨਾ 15 ਅਪ੍ਰੈਲ (ਬੁੱਧਵਾਰ) ਨੂੰ ਹੋਵੇਗੀ, ਦਾਅਵੇ ਅਤੇ ਇਤਰਾਜ਼ 17 ਅਪ੍ਰੈਲ (ਸ਼ੁੱਕਰਵਾਰ) ਤੋਂ 23 ਅਪ੍ਰੈਲ (ਵੀਰਵਾਰ) ਤੱਕ ਭਰੇ ਜਾ ਸਕਦੇ ਹਨ (ਵਿਸ਼ੇਸ਼ ਮੁਹਿੰਮ 20 ਅਤੇ 21 ਅਪ੍ਰੈਲ.2026 ਨੂੰ), ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 30 ਅਪ੍ਰੈਲ (ਵੀਰਵਾਰ) ਤੱਕ ਅਤੇ ਵੋਟਰ ਸੂਚੀਆਂ ਦੀ ਫਾਈਨਲ ਪ੍ਰਕਾਸ਼ਨਾ 05 ਮਈ 2026 (ਮੰਗਲਵਾਰ) ਨੂੰ ਹੋਵੇਗੀ।ਉਨ੍ਹਾਂ ਦੱਸਿਆ ਕਿ ਨਗਰ ਨਿਗਮ/ਨਗਰ ਕੌਂਸਲਾਂ ਦੀ ਆਮ/ਜ਼ਿਮਨੀ ਚੋਣਾਂ 2026 ਲਈ ਵੋਟਰ ਸੂਚੀ ਦੀ ਸੁਧਾਈ ਲਈ ਯੋਗਤਾ ਮਿਤੀ 23 ਅਪ੍ਰੈਲ 2026 ਨਿਰਧਾਰਿਤ ਕੀਤੀ ਗਈ ਹੈ।

ਮਾਨਯੋਗ ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਪ੍ਰਾਪਤ ਹੋਏ ਪੱਤਰ ਦੀ ਕਾਪੀ ਉਪ ਮੰਡਲ ਮੈਜਿਸਟਰੇਟ-ਕਮ-ਚੋਣ ਰਜਿਸਟ੍ਰੇਸ਼ਨ ਅਫਸਰ ਦੀਨਾ ਨਗਰ, ਗੁਰਦਾਸਪੁਰ, ਬਟਾਲਾ ਅਤੇ ਫਤਿਹਗੜ੍ਹ ਚੂੜੀਆਂ (ਨਗਰ ਨਿਗਮ/ਕੌਂਸਲ ਚੋਣਾਂ 2026) ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਮਿਸ਼ਨ ਵਲੋਂ ਭੇਜੇ ਗਏ ਪੱਤਰ ਵਿਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਨਗਰ ਨਿਗਮ/ਨਗਰ ਕੌਂਸਲ ਦੀਆਂ ਆਮ ਚੋਣਾਂ-2026 ਲਈ ਨਿਰਧਾਰਤ ਪ੍ਰੋਗਰਾਮ ਅਨੁਸਾਰ ਵੋਟਰ ਸੂਚੀਆਂ ਤਿਆਰ ਕਰਨੀਆਂ ਯਕੀਨੀ ਬਣਾਈਆਂ ਜਾਣ। ਇਸ ਸਬੰਧੀ ਲੋੜੀਂਦਾ ਡਾਟਾ ਮਾਨਯੋਗ ਰਾਜ ਚੋਣ ਕਮਿਸ਼ਨ ਵੱਲੋਂ ਇਸ ਦਫਤਰ ਵਿਖੇ ਪ੍ਰਾਪਤ ਹੋ ਚੁੱਕਾ ਹੈ ਉਹ ਵੀ ਇਸ ਦਫਤਰ ਪਾਸੋਂ ਅੱਜ ਪ੍ਰਾਪਤ ਕਰਨਾ ਯਕੀਨੀ ਬਣਾਇਆ ਜਾਵੇ।

## ਅਕਾਲੀ ਦਲ ਨੇ ਫੁੱਟਬਾਲ ਖਿਡਾਰੀਆਂ ਨੂੰ ਟੀ-ਸ਼ਰਟਾਂ ਵੰਡੀਆਂ



ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-ਹਲਕਾ ਮਜੀਠਾ ਦੇ ਪਿੰਡ ਖੈੜੇ ਬਾਲਾ ਚੱਕ ਵਿੱਚ ਛੋਟੇ ਬੱਚਿਆਂ ਵੱਲੋਂ ਇੱਕ ਫੁੱਟਬਾਲ ਦੀ ਟੀਮ ਨੂੰ ਤਿਆਰ ਕੀਤਾ ਗਿਆ।ਉਸ ਵਿੱਚ ਅਕਾਲੀ ਦਲ ਦੇ ਸਾਬਕਾ ਸਰਪੰਚ ਅੰਗਰੇਜ਼ ਸਿੰਘ ਤੇ ਉਨ੍ਹਾਂ ਦੇ ਸਾਥੀਆ ਵੱਲੋਂ ਬੱਚਿਆਂ ਨੂੰ ਟੀ-ਸ਼ਰਟਾਂ ਦਿੱਤੀਆਂ ਗਈਆਂ।ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਅੰਗਰੇਜ਼ ਸਿੰਘ ਸਰਪੰਚ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ।ਜਦ ਅਕਾਲੀ ਦਲ ਦੀ ਸਰਕਾਰ ਤਾਂ ਉਸ ਸਮੇਂ ਸਾਬਕਾ ਕੈਬਨਿਟ ਮੰਤਰੀ ਸ: ਬਿਕਰਮ ਸਿੰਘ ਮਜੀਠੀਆ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਖੇਡ ਸਟੇਡੀਅਮ ਬਣਾਏ ਗਏ।ਹੁਣ ਦੁਬਾਰਾ ਫਿਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਆਵੇਗੀ।ਅਸੀਂ ਆਪਣੇ ਪਿੰਡ ਵਿੱਚ ਵੀ ਖੇਡ ਗਰਾਊਂਡ ਵਾਸਤੇ ਮੰਗ ਜ਼ਰੂਰ ਕਰਾਂਗੇ ਤਾਂ ਕਿ ਜੋ ਇੱਥੇ ਸਟੇਡੀਅਮ ਬਣ ਸਕੇ ਤੇ ਬੱਚਿਆਂ ਨੂੰ ਖੇਡਣ ਵਿੱਚ ਕੋਈ ਵੀ ਪਰੇਸ਼ਾਨੀ ਨਾ ਆਵੇ ਖੇਡਾਂ ਨਾਲ ਜੋੜਨਾ ਹੀ ਸਾਡਾ ਮੁੱਖ ਮਕਸਦ ਹੈ।ਅਕਾਲੀ ਦਲ ਦੀ ਸਰਕਾਰ ਵੇਲੇ ਅਕਸਰ ਹੀ ਬੱਚਿਆਂ ਨੂੰ ਖੇਡਾਂ ਵੱਲ ਉਤਸ਼ਾਹਿਤ ਕੀਤਾ ਗਿਆ ਹੈ।ਸਾਡੇ ਪਿੰਡ ਵਿੱਚ ਹੁਣ ਛੋਟੇ ਬੱਚਿਆਂ ਨੇ ਫੁੱਟਬਾਲ ਨੂੰ ਖੇਡਣਾ ਸ਼ੁਰੂ ਕੀਤਾ ਹੈ।ਅਸੀਂ ਬੱਚਿਆਂ ਦਾ ਹੌਂਸਲਾ ਵਧਾਉਣ ਲਈ ਉਹਨਾਂ ਨੂੰ ਟੀ ਸ਼ਰਟਾਂ ਵੰਡੀਆਂ ਗਈਆਂ। ਜੇ ਬੱਚਿਆਂ ਨੂੰ ਹੋਰ ਵੀ ਕਿਸੇ ਚੀਜ਼ ਦੀ ਜਰੂਰਤ ਹੋਵੇਗੀ ਤਾਂ ਸਾਡੀ ਸਾਰੀ ਟੀਮ ਛੋਟੇ ਬੱਚਿਆਂ ਦੇ ਨਾਲ ਚਟਾਨ ਵਾਂਗ ਖੜੀ ਰਹੇਗੀ।ਇਸ ਮੌਕੇ ਬਾਬਾ ਭਗਵਾਨ ਸਿੰਘ, ਗੁਰਦੀਪ ਸਿੰਘ ਸੂਬੇਦਾਰ, ਭਗਵਾਨ ਸਿੰਘ ਸੂਬੇਦਾਰ, ਸਾਬਕਾ ਸਰਪੰਚ ਅੰਗਰੇਜ਼ ਸਿੰਘ, ਕਰਮਜੀਤ ਸਿੰਘ ਬਲਾਕ ਸੰਮਤੀ ਮੈਂਬਰ, ਗੁਰਵਿੰਦਰ ਸਿੰਘ ਮੱਲੀ, ਮੰਗਲ ਸਿੰਘ ਸੂਬੇਦਾਰ, ਹਰਭੇਜ ਸਿੰਘ, ਹਰਪਾਲ ਸਿੰਘ ਫੌਜੀ ਅਤੇ ਜਸਬੀਰ ਸਿੰਘ ਮਿਸਤਰੀ ਆਦਿ ਹਾਜ਼ਰ ਸਨ।

## ਸੰਤ ਬਾਬਾ ਲਾਭ ਸਿੰਘ ਗੁਰੂ ਕੀ ਬੇਰ ਵਾਲਿਆਂ ਦੀ ਸਾਲਾਨਾ ਬਰਸੀ ਅੱਜ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੱਚਖੰਡ ਵਾਸੀ ਬ੍ਰਹਮ ਗਿਆਨੀ ਸੰਤ ਬਾਬਾ ਲਾਭ ਸਿੰਘ ਦੀ ਸਾਲਾਨਾ ਬਰਸੀ 14 ਅਪ੍ਰੈਲ ਦਿਨ ਮੰਗਲਵਾਰ ਨੂੰ ਦੇਸ਼ ਵਿਦੇਸ਼ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਸੰਤ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੀ ਅਗਵਾਈ ਹੇਠ ਮਨਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੇਵਾਦਾਰ ਭਾਈ ਰਣਜੀਤ ਸਿੰਘ ਬਾਬੋਵਾਲ ਨੇ ਦੱਸਿਆ ਕਿ ਸ਼੍ਰੀਮਾਨ ਸੰਤ ਬਾਬਾ ਲਾਭ ਸਿੰਘ ਜਿਨ੍ਹਾਂ ਨੇ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੀ ਖੋਜ ਕੀਤੀ ਸੀ ਉਨ੍ਹਾਂ ਦੀ ਸਾਲਾਨਾ ਬਰਸੀ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਅੱਜ ਸੰਗਰਾਂਦ ਵਾਲੇ ਦਿਨ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਅਗਵਾਈ ਹੇਠ ਮਨਾਈ ਜਾ ਰਹੀ ਹੈ। ਸਵੇਰੇ 10 ਵਜੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੱਖੇ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਖੁੱਲ੍ਹੇ ਪੰਡਾਲਾਂ ਵਿੱਚ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਉਚ ਕੋਟੀ ਦੇ ਰਾਗੀ ਢਾਡੀ ਅਤੇ ਕਵੀਸ਼ਰ ਗੁਰੂ ਦਾ ਸਰਾਈ ਸੰਗਤਾਂ ਨੂੰ ਨਿਹਾਲ ਕਰਨਗੇ। ਸੰਤ ਬਾਬਾ ਸੱਜਣ ਸਿੰਘ ਹੋਰਾਂ ਵੱਲੋਂ ਸਰਬੱਤ ਸੰਗਤ ਨੂੰ ਬੇਨਤੀ ਹੈ ਕਿ ਸਮਾਗਮ ਵਿੱਚ ਹੁੰਮ ਹੰਮਾ ਕੇ ਪੁੱਜੋ।

## ਪੰਜਾਬ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਹਰ ਵਰਗ ਆਨੰਦ ਮਾਣ ਰਿਹਾ : ਗਿੱਲ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਵੱਲੋਂ ਪੰਜਾਬ ਵਿੱਚ ਹਰ ਵਰਗ ਦੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਪੰਜਾਬ ਵਾਸੀ ਆਨੰਦ ਮਾਣ ਰਹੇ ਹਨ ਅਤੇ ਆਪ ਪਾਰਟੀ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਖੁਸ਼ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਬਲਜਿੰਦਰਜੀਤ ਸਿੰਘ ਪੰਛੀ ਢੱਡੇ ਦੇ ਗ੍ਰਹਿ ਵਿਖੇ ਇੱਕ ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਚਲਾਈਆਂ ਗਈਆਂ ਲੋਕ-ਭਲਾਈ ਯੋਜਨਾਵਾਂ ਨੇ ਸੂਬੇ ਦੇ ਵਿਕਾਸ ਕਾਰਜਾਂ ਨੂੰ ਨਵੀਂ ਦਿਸ਼ਾ ਦਿੱਤੀ ਜਾ ਰਹੀ ਹੈ ਜਿਸ ਨਾਲ ਆਮ ਲੋਕਾਂ ਦੇ ਜੀਵਨ ਪੱਧਰ ਵਿੱਚ ਮਹੱਤਵਪੂਰਨ ਸੁਧਾਰ ਆਇਆ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਹਰੇਕ ਵਰਗ ਨੂੰ ਧਿਆਨ ਵਿੱਚ ਰੱਖਦਿਆਂ ਯੋਜਨਾਵਾਂ ਬਣਾਈਆਂ ਹਨ, ਜਿਸ ਨਾਲ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਅਤੇ ਗਰੀਬ ਪਰਿਵਾਰਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ।ਸਿੱਖਿਆ ਦੇ ਖੇਤਰ ਵਿੱਚ ਸਰਕਾਰੀ ਸਕੂਲਾਂ ਦੀ ਸੂਰਤ ਸਵਾਰੀ ਗਈ ਹੈ, ਆਧੁਨਿਕ ਕਲਾਸਰੂਮ ਬਣਾਏ ਗਏ ਹਨ ਅਤੇ ਬੱਚਿਆਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਤਲਬੀਰ ਸਿੰਘ ਗਿੱਲ ਨੇ ਦੱਸਿਆ ਕਿ ਸਿਹਤ ਸੇਵਾਵਾਂ ਵਿੱਚ ਵੀ ਵੱਡੇ ਪੱਧਰ 'ਤੇ ਸੁਧਾਰ ਕੀਤੇ ਗਏ ਹਨ ਜਿਸ ਦਾ ਪੰਜਾਬ ਵਾਸੀ ਆਨੰਦ ਮਾਣ ਰਹੇ ਹਨ। ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਹਲਕਾ ਮਜੀਠਾ ਦੇ ਜੋ ਵਿਕਾਸ ਕੰਮ ਪਿਛਲੀਆਂ ਸਰਕਾਰਾਂ ਵੇਲੇ ਨਹੀਂ ਹੋਏ ਸਨ ਆਮ ਆਦਮੀ ਪਾਰਟੀ ਦੀ ਸਰਕਾਰ ਉਨ੍ਹਾਂ ਵਿਕਾਸ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਕਰਵਾ ਕੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਦੀ ਕਚਹਿਰੀ ਵਿੱਚ ਜਾਣਗੇ।ਇਸ ਮੌਕੇ ਪਿੰਡ ਢੱਡੇ ਦੇ ਸਰਪੰਚ ਧੰਨਾ ਸਿੰਘ, ਸਮੁੱਚੀ ਗ੍ਰਾਮ ਪੰਚਾਇਤ ਪਿੰਡ ਢੱਡੇ, ਮੋਹਤਬਰ, ਇਲਾਕਾ ਵਾਸੀ ਹਾਜ਼ਰ ਸਨ।

## ਬਿਨਾਂ ਰੇਨ ਵਾਟਰ ਹਾਰਵੈਸਟਿੰਗ ਦੇ ਘਰ ਦਾ ਨਕਸ਼ਾ ਪਾਸ ਨਾ ਕੀਤਾ ਜਾਵੇ: ਨਰੇਸ਼ ਮਹਾਜਨ



ਪਠਾਨਕੋਟ (ਦਵਿੰਦਰ ਸਿੰਘ)- ਰਾਸ਼ਟਰੀ ਕਲਿਆਣਕਾਰੀ ਪ੍ਰੀਸ਼ਦ ਵੱਲੋਂ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਪਾਣੀ ਬਚਾਓ ਮੁਹਿੰਮ ਤਹਿਤ, ਯੂਨੀਵਰਸਿਟੀ ਪ੍ਰਸ਼ਾਸਨ ਦੇ ਸਹਿਯੋਗ ਨਾਲ ਪਰਿਸ਼ਦ ਟ੍ਰਾਈਸਿਟੀ (ਮਹਾਸਚਿਵ ਚੰਡੀਗੜ੍ਹ) ਟੀ.ਆਰ. ਠਾਕੁਰ ਦੀ ਅਧਿਆਕਸ਼ਤਾ ਹੇਠ ਸੈਮੀਨਾਰ ਆਯੋਜਿਤ ਕੀਤਾ ਗਿਆ।ਸੈਮੀਨਾਰ ਦਾ ਸ਼ੁਭ ਆਰੰਭ ਨਰੇਸ਼ ਮਹਾਜਨ (ਸੇਵਾਮੁਕਤ ਇੰਜੀਨੀਅਰ, ਰਣਜੀਤ ਸਾਗਰ ਡੈਮ) ਨੇ ਕੀਤਾ।

ਚੰਡੀਗੜ੍ਹ ਯੂਨੀਵਰਸਿਟੀ ਦੇ ਆਡੀਟੋਰੀਅਮ ਵਿੱਚ ਆਪਣੇ ਲੈਕਚਰ ਦੌਰਾਨ ਨਰੇਸ਼ ਮਹਾਜਨ ਨੇ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਵਿੱਚ ਜਲ ਸੰਰੱਖਣ ਲਈ ਇੱਕ ਕਨਾਲ ਤੋਂ ਉੱਪਰ ਕਿਸੇ ਵੀ ਘਰ ਦਾ ਨਕਸ਼ਾ ਬਿਨਾਂ ਰੇਨ ਵਾਟਰ ਹਾਰਵੈਸਟਿੰਗ ਯੋਜਨਾ ਦੇ ਪਾਸ ਨਾ ਕੀਤਾ ਜਾਵੇ।ਇਸ ਸਬੰਧ ਵਿੱਚ ਉਨ੍ਹਾਂ ਨੇ ਇੱਕ ਨਵੇਂ ਕਾਨੂੰਨ ਦੀ ਮੰਗ ਕੀਤੀ।ਅੱਗੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪਾਣੀ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਆਉਣ ਵਾਲੇ ਸਮੇਂ ਵਿੱਚ ਪਾਣੀ ਦਾ ਸੰਕਟ ਸਾਹਮਣੇ ਦਿੱਖ ਰਿਹਾ ਹੈ।ਸਾਨੂੰ ਸਾਰਿਆਂ ਨੂੰ ਮਿਲ ਕੇ ਪਾਣੀ ਦੀ ਸੰਭਾਲ ਕਰਨੀ ਬਹੁਤ ਜ਼ਰੂਰੀ ਹੈ।ਕਈ ਥਾਵਾਂ 'ਤੇ ਤਲਾਬਾਂ ਦਾ ਨਿਰਮਾਣ ਸ਼ੁਰੂ ਕੀਤਾ ਜਾਣਾ ਚਾਹੀਦਾ ਹੈ।ਮੀਂਹ ਦਾ ਪਾਣੀ ਜ਼ਮੀਨ ਦੇ ਅੰਦਰ ਸਮਾ ਸਕੇ, ਇਸ ਤਰ੍ਹਾਂ ਦੀ ਵਿਵਸਥਾ ਹੋਣੀ ਚਾਹੀਦੀ ਹੈ।ਰੋਜ਼ਾਨਾ ਜੀਵਨ ਵਿੱਚ ਪਾਣੀ ਦਾ ਸਹੀ ਇਸਤੇਮਾਲ ਕਰੋ।ਕੁਦਰਤੀ ਸਰੋਤਾਂ ਤੋਂ ਮਿਲਿਆ ਇਹ ਅਨਮੋਲ ਤੋਹਫ਼ਾ, ਜੋ ਜੀਵਨ ਨੂੰ ਪਾਲਦਾ ਹੈ, ਇਸ ਨੂੰ ਹਲਕੇ ਵਿੱਚ ਨਾ ਲਓ। ਪਾਣੀ ਤੋਂ ਬਿਨਾਂ ਸੰਸਾਰ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ।ਆਓ ਅਸੀਂ ਸਾਰੇ ਮਿਲ ਕੇ ਪਾਣੀ ਦੀ ਰੱਖਿਆ ਲਈ ਇਸਨੂੰ ਇੱਕ ਅੰਦੋਲਨ ਦਾ ਰੂਪ ਦਈਏ।ਸੈਮੀਨਾਰ ਵਿੱਚ ਪਰਿਸ਼ਦ ਦੇ ਪ੍ਰਧਾਨ ਰਾਕੇਸ਼ ਸ਼ਰਮਾ ਅਤੇ ਸਕੱਤਰ ਸੋਮ ਰਾਜ ਨੇ ਆਪਣੇ ਸਾਂਝੇ ਬਿਆਨ ਵਿੱਚ ਚੰਡੀਗੜ੍ਹ ਯੂਨੀਵਰਸਿਟੀ ਦੇ ਪ੍ਰਸ਼ਾਸਨ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਕੀਮਤੀ ਸਹਿਯੋਗ ਦਿੱਤਾ।

## ਡਰੋਨ ਨਾਲ ਬੰਨ੍ਹ ਕੇ ਭੇਜੇ 58 ਜ਼ਿੰਦਾ ਰੌਂਦ ਬਰਾਮਦ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਬੀਐੱਸਐੱਫ਼ ਤੇ ਖਾਲੜਾ ਪੁਲਸ ਵੱਲੋਂ ਸਾਂਝੇ ਸਰਚ ਅਭਿਆਨ ਦੌਰਾਨ ਸਰਹੱਦੀ ਪਿੰਡ ਡੱਲ ਦੇ ਖੇਡ ਸਟੇਡੀਅਮ ਨੇੜਿਓਂ ਡਰੋਨ ਨਾਲ ਬੰਨ੍ਹ ਕੇ ਭੇਜੇ 58 ਜ਼ਿੰਦਾ ਰੌਂਦ ਬਰਾਮਦ ਕੀਤੇ ਜਾਣ ਦੀ ਖ਼ਬਰ ਹੈ।ਜਾਣਕਾਰੀ ਅਨੁਸਾਰ ਇਹ ਬਰਾਮਦਗੀ ਅੰਤਰਰਾਸ਼ਟਰੀ ਸਰਹੱਦ ਤੋਂ ਲਗਭਗ 1400 ਮੀਟਰ ਦੂਰ ਕੀਤੀ ਗਈ।ਪੱਤਰਕਾਰਾਂ ਨਾਲ ਸਾਂਝੀ ਕੀਤੀ ਜਾਣਕਾਰੀ ਵਿੱਚ ਥਾਣਾ ਮੁਖੀ ਖਾਲੜਾ ਬਲਜਿੰਦਰ ਸਿੰਘ ਨੇ ਦੱਸਿਆ ਕਿ ਬੀਐੱਸਐੱਫ਼ ਦੀ 142 ਬਟਾਲੀਅਨ ਨੂੰ ਸਰਹੱਦੀ ਪਿੰਡ ਡੱਲ 'ਚ ਪਾਕਿਸਤਾਨੀ ਡਰੋਨ ਰਾਹੀਂ ਕੋਈ ਸ਼ੱਕੀ ਵਸਤੂ ਸੁੱਟਣ ਸੰਬੰਧੀ ਗੁਪਤ ਜਾਣਕਾਰੀ ਪ੍ਰਾਪਤ ਹੋਈ ਸੀ।ਜਦੋਂ ਬੀਐੱਸਐੱਫ਼ ਤੇ ਖਾਲੜਾ ਪੁਲਸ ਨੇ ਪਿੰਡ ਡੱਲ ਦੇ ਖੇਡ ਸਟੇਡੀਅਮ ਨੇੜੇ ਸਰਚ ਅਭਿਆਨ ਚਲਾਇਆ ਤਾਂ ਉਨ੍ਹਾਂ ਨੂੰ ਉੱਥੋਂ ਇੱਕ ਪੈਕੇਟ ਜਿਸ 'ਤੇ ਪੀਲੇ ਰੰਗ ਦੇ ਟੇਪ ਲਪੇਟੀ ਹੋਈ ਸੀ, ਮਿਲਿਆ।ਪੈਕੇਟ ਨੂੰ ਖੋਲ੍ਹ ਕੇ ਕੀਤੀ ਜਾਂਚ ਦੌਰਾਨ ਟੀਮ ਨੂੰ19ਐੱਮਐੱਮ ਦੇ 58 ਜ਼ਿੰਦਾ ਰੌਂਦ ਬਰਾਮਦ ਹੋਏ।ਉਨ੍ਹਾਂ ਦੱਸਿਆ ਕਿ ਬਰਾਮਦਗੀ ਸੰਬੰਧੀ ਮੁਕੱਦਮਾ ਦਰਜ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।



## ਗੁਰੂਕੁਲ ਸਕੂਲ ਭਿੱਖੀਵਿੰਡ ਦਾ ਅੱਠਵੀਂ ਦਾ ਨਤੀਜਾ ਸ਼ਾਨਦਾਰ



ਵਲਟੋਹਾ (ਰਣਜੀਤ ਸਿੰਘ ਵਲਟੋਹਾ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੱਠਵੀਂ ਜਮਾਤ ਦੇ ਸੈਸ਼ਨ 2025-26 ਦੇ ਐਲਾਨ ਕੀਤੇ ਗਏ ਨਤੀਜਿਆਂ ਵਿੱਚੋਂ ਗੁਰੂਕੁਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਭਿੱਖੀਵਿੰਡ ਦਾ ਨਤੀਜਾ ਇਲਾਕੇ ਭਰ ਵਿੱਚੋਂ ਸ਼ਾਨਦਾਰ ਰਿਹਾ।

ਦਿਲਰਾਜ ਕੌਰ ਸਪੁੱਤਰੀ ਗੁਰਸੇਵਕ ਸਿੰਘ ਨੇ 96.6%, ਦਿਲਜੋਤ ਕੌਰ ਸਪੁੱਤਰੀ ਗੁਰਸੇਵਕ ਸਿੰਘ 94.6%, ਅੰਸ਼ਦੀਪ ਸਿੰਘ ਸਪੁੱਤਰ ਬੂਟਾ ਸਿੰਘ 94%, ਲਵਲੀ ਸਪੁੱਤਰੀ ਹੇਮ ਕੁਮਾਰ 92.16%, ਅਰਪਨਦੀਪ ਕੌਰ ਸਪੁੱਤਰੀ ਗੁਰਵਰਿਆਮ ਸਿੰਘ 92%, ਜਸਮੀਤ ਕੌਰ ਸਪੁੱਤਰੀ ਸਤਨਾਮ ਸਿੰਘ 89.6%, ਮਨਮੀਤ ਕੌਰ ਸਪੁੱਤਰੀ ਮਨਜਿੰਦਰ ਸਿੰਘ 88%, ਏਕਮਜੀਤ ਸਿੰਘ ਸਪੁੱਤਰ ਸੁਖਵਿੰਦਰ ਸਿੰਘ 88.33%, ਅਮਿਤੋਜਬੀਰ ਸਿੰਘ ਸਪੁੱਤਰ ਨਿਸ਼ਾਨ ਸਿੰਘ 87.83%, ਮੰਨਤ ਚੋਪੜਾ ਸਪੁੱਤਰੀ ਰਕੇਸ ਚੋਪੜਾ 86.7% ਅਤੇ ਸਤਨਾਮ ਸਿੰਘ ਸਪੁੱਤਰ ਅਰਜਨ ਸਿੰਘ ਨੇ 86% ਅੰਕ ਹਾਸਲ ਕੀਤੇ।

ਸਕੂਲ ਚੈਅਰਮੈਨ ਦਲਜੀਤ ਮਲਹੋਤਰਾ, ਪ੍ਰਿੰਸੀਪਲ ਲੁਕੇਸ਼ ਮਲਹੋਤਰਾ ਅਤੇ ਸਮੁੱਚੇ ਸਕੂਲ ਸਟਾਫ਼ ਵੱਲੋਂ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ।ਮਿਸਟਰ ਲੁਕੇਸ ਮਲਹੋਤਰਾ ਨੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।ਉਨ੍ਹਾਂ ਵੱਲੋਂ ਬੱਚਿਆਂ ਨੂੰ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਚੰਗੇ ਨਤੀਜੇ ਦਾ ਸਿਹਰਾ ਬੱਚਿਆਂ ਅਤੇ ਅਧਿਆਪਕਾਂ ਦੀ ਸਖ਼ਤ ਮਿਹਨਤ ਸਿਰ ਬੱਝਦਾ ਹੈ।ਇਸ ਸਮੇਂ ਵਾਈਸ ਪ੍ਰਿੰਸੀਪਲ ਪਰਮਜੀਤ ਕੌਰ, ਕੋਆਰਡੀਨੇਟਰ ਹਰਮਨਪ੍ਰੀਤ ਕੌਰ ਅਤੇ ਇੰਦਰਜੀਤ ਕੌਰ, ਅਧਿਆਪਕ ਗੁਰਚਰਨ ਸਿੰਘ, ਅਮਨਦੀਪ ਸਿੰਘ, ਹਰਨੰਦ ਸਿੰਘ, ਨਿਸ਼ਾਨ ਸਿੰਘ, ਸਾਹਿਲ ਕੁਮਾਰ, ਦਿਲਜੀਤ ਸਿੰਘ, ਬਿਕਰਮਜੀਤ ਸਿੰਘ, ਕਿਰਨਜੀਤ ਕੌਰ, ਗੁਰਜੀਤ ਕੌਰ, ਨਵਦੀਪ ਕੌਰ, ਕਾਜਲ ਧਵਨ, ਰਜਵੰਤ ਕੌਰ, ਕਿਰਨ ਕੌਰ, ਅਰੁਣਪ੍ਰੀਤ ਕੌਰ, ਰਮਨਦੀਪ ਕੌਰ, ਦਿਵਿਆ ਸਰੀਨ, ਕੋਮਲਪ੍ਰੀਤ ਕੌਰ, ਨਿਰਮਲ ਕੌਰ, ਕਵਲਜੀਤ ਕੌਰ, ਗੁਰਪ੍ਰੀਤ ਕੌਰ,ਕਰਮਜੀਤ ਕੌਰ,ਨਵਜੋਤ ਮਲਹੋਤਰਾ, ਕੋਮਲ ਕੱਕੜ, ਪਰਮਿੰਦਰ ਕੌਰ, ਸੰਦੀਪ ਕੌਰ, ਅਵਨੀਤ ਕੌਰ, ਪਰਮਿੰਦਰ ਕੌਰ, ਰੇਨੂ, ਪ੍ਰਿਆ ਆਦਿ ਹਾਜ਼ਰ ਸਨ।

## ਅਕਾਲੀ ਦਲ ਦੇ ਮੌਜੂਦਾ ਮੈਂਬਰ ਪੰਚਾਇਤ ਦਰਜਨਾਂ ਪਰਵਾਰਾਂ ਨਾਲ ਆਪ 'ਚ ਸ਼ਾਮਲ



**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**-ਆਮ ਆਦਮੀ ਪਾਰਟੀ ਦੇ ਆਗੂ, ਮੀਡੀਆ ਇੰਚਾਰਜ ਪ੍ਰਧਾਨ ਕੁਲਦੀਪ ਸਿੰਘ ਬੱਠੂਚੱਕ ਅਤੇ ਸਰਪੰਚ ਜਸਪਾਲ ਸਿੰਘ ਦੇ ਸਹਿਯੋਗ ਸਦਕਾ ਮੈਂਬਰ ਪੰਚਾਇਤ ਅਮਰੀਕ ਸਿੰਘ ਦੇ ਗ੍ਰਹਿ ਵਿਖੇ ਕਰੀਬ ਚਾਲੀ ਤੋਂ ਵੱਧ ਪਰਿਵਾਰ ਅਕਾਲੀ ਦਲ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਅਤੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਸਾਰੇ ਮੈਂਬਰਾਂ ਨੂੰ ਸਨਮਾਨ ਦੇ ਕੇ ਪਾਰਟੀ ਵਿੱਚ ਸ਼ਾਮਲ ਕੀਤਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਤਲਬੀਰ ਗਿੱਲ ਨੇ ਕਿਹਾ ਕਿ ਉਨ੍ਹਾਂ ਦਾ ਪਾਰਟੀ ਵਿੱਚ ਸ਼ਾਮਿਲ ਹੋਣ 'ਤੇ ਮੈਂ ਸਵਾਗਤ ਕਰਦਾ ਹਾਂ।ਉਹ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਿਲ ਹੋਏ ਹਨ ਅਤੇ ਭਵਿੱਖ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਲਗਨ ਨਾਲ ਕੰਮ ਕਰਨਗੇ।ਉਨ੍ਹਾਂ ਦੇ ਪਾਰਟੀ ਵਿੱਚ ਸ਼ਾਮਿਲ ਹੋਣ ਨਾਲ ਹਲਕਾ ਮਜੀਠਾ ਵਿੱਚ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ।

ਹਲਕਾ ਇੰਚਾਰਜ ਤਲਬੀਰ ਗਿੱਲ ਨੇ ਪਿੰਡ ਦੀ ਫਿਰਨੀ ਅਤੇ ਡੇਰਿਆ ਤੱਕ ਪੱਕੀ ਸੜਕ ਬਣਾਉਣ ਦਾ ਵੀ ਭਰੋਸਾ ਦਿੱਤਾ ਅਤੇ ਜਲਦੀ ਕੰਮ ਸ਼ੁਰੂ ਕਰਨ ਦੀ ਗੱਲ ਕਹੀ ਅਤੇ ਪਿੰਡ ਦੇ ਨਿਕਾਸੀ ਪਾਣੀ ਵਾਸਤੇ ਪ੍ਰਬੰਧ ਕੀਤਾ ਗਿਆ ਅਤੇ ਪਿੰਡ ਦੇ ਵਿਕਾਸ ਕਾਰਜਾਂ ਵਾਸਤੇ ਦਸ ਲੱਖ ਦੀ ਗ੍ਰਾਂਟ ਵੀ ਦਿੱਤੀ ਅਤੇ ਪਿੰਡ ਵਿੱਚ ਤਲਬੀਰ ਗਿੱਲ ਦੀ ਰਹਿਨੁਮਾਈ ਹੇਠ ਵਿਕਾਸ ਕਾਰਜ ਚਲ ਰਹੇ ਹਨ।ਮੁੱਖ ਮੰਤਰੀ ਭਗਵੰਤ ਮਾਨ ਦੇ ਕੀਤੇ ਅਤੇ ਹੋ ਰਹੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਸ਼ਾਮਲ ਹੋਣ ਵਾਲੇ ਮੈਂਬਰ ਪੰਚਾਇਤ ਅਮਰੀਕ ਸਿੰਘ, ਮੈਂਬਰ ਦਵਿੰਦਰ ਸਿੰਘ, ਮੈਂਬਰ ਗੁਰਨਾਮ ਸਿੰਘ, ਮੈਂਬਰ ਸਵਰਨ ਲਾਲ, ਕਲੱਬ ਪ੍ਰਧਾਨ ਹਰਜੋਤ ਸਿੰਘ, ਨਿਰਮਲ ਸਿੰਘ, ਜਸਬੀਰ ਸਿੰਘ, ਲਖਬੀਰ ਸਿੰਘ, ਪਰਮਜੀਤ ਸਿੰਘ, ਨਰਿੰਦਰ ਸਿੰਘ ਨਿੰਦਾ, ਜਸਬੀਰ ਸਿੰਘ ਡਾਕੀਆ, ਲਖਵਿੰਦਰ ਸਿੰਘ, ਬਿੱਟੂ, ਮਹਿੰਦਰ ਸਿੰਘ, ਰਜਿੰਦਰ ਸਿੰਘ, ਕਾਬਲ ਸਿੰਘ ਧੀਰ ਸਿੰਘ, ਸੂਬੇਦਾਰ ਪਰਮਜੀਤ ਸਿੰਘ, ਹਰਪ੍ਰੀਤ ਸਿੰਘ, ਵਿਸ਼ਾਲ, ਬਲਵਿੰਦਰ ਸਿੰਘ ਬਿੱਲੂ, ਸਤਨਾਮ ਸਿੰਘ, ਧਿਆਨ ਸਿੰਘ ਤੋਂ ਇਲਾਵਾ ਕਾਫੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

## ਖਾਲਸਾ ਪੰਥ ਦੇ ਸਾਜਨਾ ਦਿਵਸ ਤੇ ਪੰਜਾਬੀ ਸੱਭਿਆਚਾਰ ਨੂੰ ਸਮਰਪਤ ਵਿਸਾਖੀ ਮੇਲਾ ਕਰਵਾਇਆ




ਤਰਨ ਤਾਰਨ (ਪ੍ਰਿਤਪਾਲ ਸਿੰਘ)-ਚੀਫ਼ ਖ਼ਾਲਸਾ ਦੀਵਾਨ ਦੀ ਅਗਵਾਈ ਹੇਠ ਚੱਲ ਰਹੀ ਜ਼ਿਲ੍ਹੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਤਰਨ ਤਾਰਨ ਵਿਖੇ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਪੰਜਾਬੀ ਸੱਭਿਆਚਾਰ ਨੂੰ ਸਮਰਪਿਤ ਵਿਸਾਖੀ ਮੇਲੇ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਚੀਫ਼ ਖਾਲਸਾ ਦੀਵਾਨ ਦੇ ਐਡੀਸ਼ਨਲ ਆਨਰੇਰੀ ਸਕੱਤਰ, ਲੋਕਲ ਕਮੇਟੀ ਦੇ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਸ. ਹਰਜੀਤ ਸਿੰਘ, ਲੋਕਲ ਕਮੇਟੀ ਦੇ ਮੀਤ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਸੁਰਿੰਦਰ ਸਿੰਘ, ਸਕੂਲ ਦੇ ਮੈਂਬਰ ਇੰਚਾਰਜ ਸ. ਨਵਜੋਤ ਸਿੰਘ ਜੀ ਅਤੇ ਸ. ਰਣਦੀਪ ਸਿੰਘ ਜੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ।ਉਨ੍ਹਾਂ ਦਾ ਸਵਾਗਤ ਸਕੂਲ ਦੇ ਪ੍ਰਿੰਸੀਪਲ ਸ. ਸਤਵੰਤ ਸਿੰਘ ਬੈਂਸ, ਅਕਾਦਮਿਕ ਅਫ਼ਸਰਾਂ ਅਤੇ ਦੋਵਾਂ ਐਕਟੀਵਿਟੀ ਇੰਚਾਰਜ ਨੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਕੀਤਾ ।ਇਸ ਮੌਕੇ ਵਿਦਿਆਰਥੀਆਂ ਨੂੰ ਇਸ ਇਤਿਹਾਸਕ ਦਿਨ ਬਾਰੇ ਜਾਣਕਾਰੀ ਦਿੱਤੀ ਗਈ।ਖੇਤੀਬਾੜੀ ਜੀਵਨ ਅਤੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੇ ਇਸ ਮੇਲੇ ਵਿੱਚ ਖਾਣ ਪੀਣ ਦੇ ਸਟਾਲ ਲਗਾਏ ਗਏ ।ਬੱਚਿਆਂ ਦੇ ਮਨੋਰੰਜਨ ਲਈ ਅਨੇਕਾਂ ਹੀ ਪ੍ਰਕਾਰ ਦੇ ਝੂਲਿਆਂ ਦਾ ਆਯੋਜਨ ਕੀਤਾ ਗਿਆ ।ਮਹਿੰਦੀ, ਪਰਾਂਦੀਆਂ ਅਤੇ ਹੋਰ ਮੁਨਿਆਰੀ ਦੇ ਸਮਾਨ ਦੀਆਂ ਦੁਕਾਨਾਂ ਦੀ ਸਜਾਵਟ ਨੇ ਹਾਜ਼ਰ ਸਾਰਿਆਂ ਦਾ ਮਨ ਮੋਹ ਲਿਆ।ਬੱਚਿਆਂ ਦੇ ਮਨੋਰੰਜਨ ਲਈ ਜਾਦੂ ਦੇ ਤਮਾਸ਼ੇ ਅਤੇ ਕਠਪੁਤਲੀ ਦੇ ਖੇਡ-ਤਮਾਸ਼ੇ ਵੀ ਦਿਖਾਏ ਗਏ ।ਖ਼ਾਲਸਾ ਦਿਵਸ ਨੂੰ ਸਮਰਪਿਤ ਦਸਤਾਰ ਮੁਕਾਬਲੇ ਕਰਵਾਏ ਗਏ ।ਇਨ੍ਹਾਂ ਮੁਕਾਬਲਿਆਂ ਵਿੱਚ ਅਨੇਕਾਂ ਹੀ ਵਿਦਿਆਰਥੀਆਂ ਨੇ ਭਾਗ ਲਿਆ।ਇਸ ਵਿੱਚ ਸੀਨੀਅਰ ਵਿੰਗ ਦੇ ਦਸਵੀਂ ਬੀ ਦੇ ਤੇਜਸਵੀਰ ਸਿੰਘ ਨੇ ਪਹਿਲਾ ਸਥਾਨ, ਗਿਆਰ੍ਹਵੀਂ ਜਮਾਤ ਦੇ ਸਰਤਾਜ ਸਿੰਘ ਨੇ ਦੂਜਾ ਸਥਾਨ ਅਤੇ ਨੌਂਵੀਂ ਬੀ ਦੇ ਅਰਸ਼ਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ ।ਮਿਡਲ ਵਿੰਗ ਵਿੱਚ ਸੱਤਵੀਂ ਏ ਜਮਾਤ ਦੇ ਵਿਦਿਆਰਥੀ ਅਮਰਬੀਰ ਸਿੰਘ ਨੇ ਪਹਿਲਾ ਸਥਾਨ, ਸੱਤਵੀਂ ਏ ਦੇ ਹਰਕੀਰਤ ਸਿੰਘ ਨੇ ਦੂਜਾ ਅਤੇ ਸੱਤਵੀਂ ਏ ਦੇ ਸੁੱਖਪ੍ਰੀਤ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ।ਚੀਫ਼ ਖਾਲਸਾ ਦੀਵਾਨ ਦੇ ਐਡੀਸ਼ਨਲ ਆਨਰੇਰੀ ਸਕੱਤਰ, ਲੋਕਲ ਕਮੇਟੀ ਦੇ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਸ.ਹਰਜੀਤ ਸਿੰਘ, ਲੋਕਲ ਕਮੇਟੀ ਦੇ ਮੀਤ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਗੁਰਿੰਦਰ ਸਿੰਘ, ਸਕੂਲ ਦੇ ਮੈਂਬਰ ਇੰਚਾਰਜ ਸ.ਨਵਜੋਤ ਸਿੰਘ ਜੀ, ਸਕੂਲ ਦੇ ਮੈਂਬਰ ਇੰਚਾਰਜ ਸ.ਰਣਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਵਿਸਾਖੀ ਦਿਵਸ ਅਤੇ ਖ਼ਾਲਸਾ ਸਾਜਨਾ ਦਿਵਸ ਦੀ ਵਧਾਈ ਦਿੰਦਿਆਂ ਉਨ੍ਹਾਂ ਨੂੰ ਧਰਮ ਦੇ ਮਾਰਗ ਤੇ ਚੱਲਣ ਦੀ ਪ੍ਰੇਰਨਾ ਦਿੱਤੀ।ਉਨ੍ਹਾਂ ਨੇ ਬੱਚਿਆਂ ਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ ਤੇ ਚੱਲ ਕੇ ਆਪਣੇ ਧਰਮ ਪ੍ਰਤੀ ਪੂਰੇ ਸਤਿਕਾਰ ਅਤੇ ਪਿਆਰ ਨਾਲ ਚੱਲਣ ਲਈ ਪ੍ਰੇਰਿਤ ਕੀਤਾ।ਵਿਦਿਆਰਥੀਆਂ ਨੂੰ ਹਮੇਸ਼ਾ ਚੰਗੇ ਕੰਮ ਕਰਨ ਅਤੇ ਹਮੇਸ਼ਾ ਸੱਚ ਦੇ ਮਾਰਗ ਤੇ ਚੱਲਣ ਦਾ ਸੰਦੇਸ਼ ਦਿੱਤਾ।ਸਕੂਲ ਦੇ ਪ੍ਰਿੰਸੀਪਲ ਸਤਵੰਤ ਸਿੰਘ ਬੈਂਸ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਤੋਂ ਇਲਾਵਾ ਹਰ ਤਰ੍ਹਾਂ ਦੀਆਂ ਧਾਰਮਿਕ ਅਤੇ ਸਮਾਜਿਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਵਿਸਾਖੀ ਦਿਵਸ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਇਸ ਦਿਨ ਕਿਸਾਨ ਆਪਣੀ ਪੱਕੀ ਹੋਈ ਫ਼ਸਲ ਦੀ ਖ਼ੁਸ਼ੀ ਮਨਾਉਂਦੇ ਹਨ।ਇਸਦੇ ਨਾਲ ਹੀ ਅਨੰਦਪੁਰ ਸਾਹਿਬ ਵਿੱਚ ਖਾਲਸਾ ਸਾਜਨਾ ਦਿਵਸ ਅਤੇ ਜਲ੍ਹਿਆਂਵਾਲਾ ਬਾਗ ਦਾ ਸਾਕਾ ਸਿੱਖ ਇਤਿਹਾਸ ਵਿੱਚ ਮਹੱਤਵਪੂਰਨ ਸਥਾਨ ਤੇ ਹੈ।ਉਨ੍ਹਾਂ ਇਹ ਵੀ ਕਿਹਾ ਕਿ ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਆਪਣੇ ਧਰਮ ਅਤੇ ਸੱਭਿਆਚਾਰ ਪ੍ਰਤੀ ਪਿਆਰ ਅਤੇ ਸਦਭਾਵਨਾ ਪੈਦਾ ਕਰਨਾ ਹੈ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਮਨਾਇਆ ਵਿਸਾਖੀ ਦਾ ਤਿਉਹਾਰ



ਧਾਰੀਵਾਲ (ਮਨਦੀਪ ਵਿੱਕੀ) -ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਸ਼੍ਰੀਮਤੀ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਸ਼੍ਰੀਮਤੀ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ।ਸਵੇਰ ਦੀ ਸਭਾ ਵਿੱਚ ਸਕੂਲ ਦੀ ਵਿਦਿਆਰਥਣ ਸੁਖਮਨਪ੍ਰੀਤ ਕੌਰ ਵੱਲੋਂ ਵਿਸਾਖੀ ਦੇ ਤਿਉਹਾਰ ਦੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਲਿਟਲ ਸਪਰਾਊਟਸ ਦੇ ਵਿਦਿਆਰਥੀਆਂ ਦਾ ਪ੍ਰੋਗਰਾਮ ਵੀ ਕਰਵਾਇਆ ਗਿਆ ਸਾਰੇ ਵਿਦਿਆਰਥੀ ਪੰਜਾਬੀ ਪਹਿਰਾਵੇ ਵਿੱਚ ਆਏ ਸਨ । ਸਕੂਲ ਵਿੱਚ ਪਹਿਲੀ ਤੋਂ 8ਵੀ ਜਮਾਤ ਦੇ ਵਿਦਿਆਰਥੀਆਂ ਦੀਆਂ ਗਤੀਵਿਧੀਆਂ ਵੀ ਕਰਵਾਈਆਂ ਗਈਆਂ ਜਿਸ ਵਿੱਚ ਵਿਸਾਖੀ ਦੇ ਤਿਉਹਾਰ ਨਾਲ ਸਬੰਧਿਤ ਪੇਂਟਿੰਗ ਕਰਵਾਈਆਂ ਗਈਆਂ।ਪ੍ਰਿੰਸੀਪਲ ਸ਼੍ਰੀਮਤੀ ਕਿਰਨ ਕੇਸਰ ਨੇ ਬੱਚਿਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਦਿਨ ਸਿੱਖਾਂ ਦੇ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਨੇ ਸ਼੍ਰੀ ਆਨੰਦਪੁਰ ਸਾਹਿਬ ਵਿਖੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾ ਕੇ ਖਾਲਸਾ ਪੰਥ ਦੀ ਸਥਾਪਨਾ ਕੀਤੀ ਸੀ ਅਤੇ ਸਿੱਖਾਂ ਨੂੰ ਨਵੀਂ ਪਹਿਚਾਣ ਦਿੱਤੀ। ਇਹ ਦਿਨ ਸਿੱਖ ਧਰਮ ਲਈ ਬਹੁਤ ਹੀ ਮਹੱਤਵਪੂਰਨ ਮੰਨਿਆ ਜਾਂਦਾ ਹੈ। ਇਸ ਤੋਂ ਇਲਾਵਾ ਵਿਸਾਖੀ ਫਸਲ ਕਟਾਈ ਦਾ ਤਿਉਹਾਰ ਵੀ ਹੈ।

## ਕਾਰ-ਮੋਟਰਸਾਈਕਲ ਵਿਚਾਲੇ ਹੋਈ ਜ਼ਬਰਦਸਤ ਟੱਕਰ 'ਚ 3 ਗੰਭੀਰ ਜ਼ਖ਼ਮੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕ ਪੈਂਦੇ ਐਨ ਬੀ ਪੈਟਰੋਲ ਪੰਪ ( ਨਿੱਕੋਸਰਾਂ) ਸਾਹਮਣੇ ਫਤਿਹਗੜ੍ਹ ਚੂੜੀਆਂ ਰੋਡ ਤੋਂ ਡੇਰਾ ਬਾਬਾ ਨਾਨਕ ਰੋਡ ਉੱਪਰ ਤੇਜ਼ ਰਫਤਾਰ ਆਈ 20 ਕਾਰ ਅਤੇ ਮੋਟਰਸਾਈਕਲ ਦੀ ਟੱਕਰ ਵਿੱਚ ਪਤੀ ਪਤਨੀ ਅਤੇ ਤਿੰਨ ਸਾਲਾ ਬੱਚੇ ਦੇ ਗੰਭੀਰ ਜਖਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਚਸ਼ਮਦੀਦ ਅਤੇ ਮੋਟਰਸਾਈਕਲ ਸਵਾਰ ਦੇ ਰਿਸ਼ਤੇਦਾਰਾਂ ਨੇ ਦੱਸਿਆ ਕਿ ਸੰਦੀਪ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਉਦੋਵਾਲੀ ਕਲਾਂ ਆਪਣੇ ਸਪਲੈਂਡਰ ਮੋਟਰਸਾਈਕਲ 'ਤੇ ਪਤਨੀ ਅਤੇ ਤਿੰਨ ਸਾਲਾ ਪੁੱਤਰ ਸੁਮੇਤ ਆਪਣੇ ਕਿਸੇ ਰਿਸ਼ਤੇਦਾਰ ਨੂੰ ਮਿਲਣ ਜਾ ਰਿਹਾ ਸੀ ਤੇ ਜਦੋਂ ਇਹ ਫਤਿਹਗੜ੍ਹ ਚੂੜੀਆਂ ਤੋਂ ਡੇਰਾ ਬਾਬਾ ਨਾਨਕ ਰੋਡ ਪਿੰਡ ਨਿਕਸਰਾ ਦੇ ਸਾਹਮਣੇ ਐਨ ਬੀ ਪੈਟਰੋਲ ਪੰਪ ਤੋਂ ਤੇਲ ਪਵਾ ਕੇ ਨਿਕਲਿਆ ਤਾਂ ਅੱਗੋਂ ਫਤਿਹਗੜ੍ਹ ਚੂੜੀਆਂ ਰੋਡ ਸਾਈਡ ਤੋਂ ਆ ਰਹੀ ਤੇਜ਼ ਰਫਤਾਰ ਆਈ 20 ਕਾਰ ਨੇ ਇਹਨਾਂ ਦੇ ਮੋਟਰਸਾਈਕਲ ਨੂੰ ਜ਼ਬਰਦਸਤ ਟੱਕਰ ਮਾਰ ਦਿੱਤੀ,ਜਿਸ ਵਿੱਚ ਪਤੀ ਪਤਨੀ ਅਤੇ ਉਹਨਾਂ ਦਾ ਤਿੰਨ ਸਾਲਾਂ ਦਾ ਪੁੱਤਰ ਗੰਭੀਰ ਜਖਮੀ ਹੋ ਗਿਆ ਜਿਨਾਂ ਨੂੰ ਰਾਹਗੀਰਾਂ ਵੱਲੋਂ ਕਿਸੇ ਗੱਡੀ 'ਚ ਫਤਿਹਗੜ੍ਹ ਚੂੜੀਆਂ ਦੇ ਖਾਲਸਾ ਕੇਅਰ ਹਸਪਤਾਲ ਲਜਾਇਆ ਗਿਆ ਜਿੱਥੇ ਕਿ ਡਾਕਟਰਾਂ ਨੇ ਉਹਨਾਂ ਦੀ ਹਾਲਤ ਨੂੰ ਦੇਖਦਿਆਂ ਹੋਇਆ ਅੰਮ੍ਰਿਤਸਰ ਰੈਫਰ ਕਰ ਦਿੱਤਾ ਗਿਆ ਹੈ ।ਪੁਲਿਸ ਥਾਣਾ ਡੇਰਾ ਬਾਬਾ ਨਾਨਕ ਦੇ ਐਸ ਐਚ ਓ ਅਸ਼ੋਕ ਕੁਮਾਰ ਸ਼ਰਮਾ ਵੱਲੋਂ ਪੁਲਿਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਕੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਹੈ ।

## ਥਾਣਾ ਭਿੰਡੀ ਸੈਦਾਂ 'ਤੇ ਗ੍ਰਨੇਡ ਸੁੱਟਣ ਦੇ ਮਾਮਲੇ 'ਚ 6 ਗ੍ਰਿਫ਼ਤਾਰ



ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) : ਭਾਰਤ-ਪਾਕਿ ਸਰਹੱਦ ਨੇੜੇ ਸਥਿਤ ਥਾਣਾ ਭਿੰਡੀਸੈਦਾਂ 'ਤੇ ਗ੍ਰਨੇਡ ਨਾਲ ਹਮਲਾ ਕਰਨ ਦੇ ਮਾਮਲੇ ਵਿਚ 6 ਮੁਲਜ਼ਮਾਂ ਨੂੰ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਦੋ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰ ਲਿਆ ਹੈ। ਪ੍ਰੈਸ ਕਾਨਫਰੰਸ ਵਿਚ ਅੰਮ੍ਰਿਤਸਰ ਦਿਹਾਤੀ ਪੁਲਿਸ ਦੇ ਐਸ ਐਸ ਪੀ ਸੁਹੇਲ ਮੀਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 30 ਮਾਰਚ 2026 ਦੀ ਰਾਤ ਨੂੰ ਥਾਣਾ ਭਿੰਡੀਸੈਦਾਂ ਦੀ ਇਮਾਰਤ 'ਤੇ ਗ੍ਰਨੇਡ ਸੁੱਟੇ ਗਏ ਸਨ। ਇਸ ਸਬੰਧ ਵਿਚ ਥਾਣਾ ਭਿੰਡੀਸੈਦਾਂ ਵਿਚ ਮਾਮਲਾ ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਮਾਮਲੇ ਦੀ ਗੰਭੀਰਤਾ ਨੂੰ ਵੇਖਦੇ ਹੋਏ ਇਸ ਦੀ ਤਫਤੀਸ਼ ਡੀ ਐਸ ਪੀ ਰਾਜਾਸਾਂਸੀ ਧਰਮਿੰਦਰ ਕਲਿਆਣ ਨੂੰ ਸੌਂਪੀ ਗਈ ਸੀ। ਇਸ ਦੇ ਨਾਲ ਹੀ ਅੰਮ੍ਰਿਤਸਰ ਦਿਹਾਤੀ ਪੁਲਿਸ ਦੇ ਐਸ ਪੀ (ਡੀ) ਗੁਰਿੰਦਰਪਾਲ ਸਿੰਘ ਨਾਗਰਾ ਦੀ ਨਿਗਰਾਨੀ ਹੇਠ ਡੀ ਐਸ ਪੀ (ਡੀ), ਸੀ ਆਈ ਏ ਇੰਚਾਰਜ਼ ਤੇ ਥਾਣਾ ਭਿੰਡੀਸੈਦਾਂ ਦੇ ਐਸ ਐਚ ਓ ਦੀਆਂ ਵਿਸ਼ੇਸ਼ ਟੀਮਾਂ ਲਗਾਈਆਂ ਗਈਆਂ ਸਨ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਜ਼ਿਲ੍ਹਾ ਫਰੀਦਕੋਟ ਪੁਲਿਸ ਨਾਲ ਸਾਂਝੇ ਆਪਰੇਸ਼ਨ ਦੌਰਾਨ ਮੁਲਜ਼ਮ ਬਲਜੀਤ ਸਿੰਘ ਵਾਸੀ ਪਿੰਡ ਚੱਕ ਡੋਗਰਾ ਥਾਣਾ ਅਜਨਾਲਾ ਤੇ ਪ੍ਰਭ ਸਿੰਘ ਵਾਸੀ ਪਿੰਡ ਛੋਟਾ ਫੱਤੇਵਾਲ ਥਾਣਾ ਅਜਨਾਲਾ ਨੂੰ ਫਰੀਦਕੋਟ ਤੋਂ ਗ੍ਰਿਫ਼ਤਾਰ ਕੀਤਾ ਗਿਆ। ਇਸ ਉਪਰੰਤ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਚਾਰ ਹੋਰ ਮੁਲਜ਼ਮਾਂ ਰਾਜਬੀਰ ਸਿੰਘ ਵਾਸੀ ਪਿੰਡ ਬਾਬਾ ਗਮ ਚੱਕ ਥਾਣਾ ਅਜਨਾਲਾ, ਸਾਹਿਬ ਸਿੰਘ ਉਰਫ਼ ਸਾਬਾ ਵਾਸੀ ਪਿੰਡ ਸਾਰੰਗਦੇਵ ਥਾਣਾ ਅਜਨਾਲਾ, ਸੁਖਪ੍ਰੀਤ ਸਿੰਘ ਸੁੱਖ ਵਾਸੀ ਪਿੰਡ ਤੇੜਾ ਰਾਜਪੂਤਾਂ ਥਾਣਾ ਅਜਨਾਲਾ, ਅਜੈਦੀਪ ਸਿੰਘ ਵਾਸੀ ਕਲੋਨੀਆਂ ਲੋਪੋਕੇ ਨੂੰ ਗ੍ਰਿਫ਼ਤਾਰ ਕੀਤਾ। ਐਸ ਐਸ ਪੀ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਮੁਲਜ਼ਮ ਬਲਜੀਤ ਸਿੰਘ ਪਾਕਿਸਤਾਨ ਬੈਠੇ ਆਈ ਐਸ ਆਈ ਅੱਤਵਾਦੀ ਹੈਂਡਲਰ ਦੇ ਸੰਪਰਕ ਵਿਚ ਸੀ। ਉਨ੍ਹਾਂ ਦੱਸਿਆ ਕਿ 26 ਤੇ 27 ਮਾਰਚ ਦੀ ਰਾਤ ਨੂੰ ਬਲਜੀਤ ਸਿੰਘ ਤੇ ਪ੍ਰਭ ਸਿੰਘ ਨੇ ਘਰਿੰਡਾ ਦੇ ਸਰਹੱਦੀ ਇਲਾਕੇ 'ਚੋਂ ਦੋ ਹੈਂਡ ਗ੍ਰਨੇਡ ਚੁੱਕ ਕੇ ਲਿਆਂਦੇ ਸੀ। ਘਟਨਾ ਵਾਲੀ ਰਾਤ ਮੁਲਜ਼ਮ ਬਲਜੀਤ ਸਿੰਘ, ਪ੍ਰਭ ਸਿੰਘ ਤੇ ਰਾਜਬੀਰ ਸਿੰਘ ਮੋਟਰਸਾਈਕਲ 'ਤੇ ਸਵਾਰ ਹੋ ਕੇ ਭਿੰਡੀਸੈਦਾਂ ਗਏ। ਮੁਲਜ਼ਮ ਬਲਜੀਤ ਸਿੰਘ ਤੇ ਪ੍ਰਭ ਸਿੰਘ ਨੇ ਦੋ ਹੈਂਡ ਗ੍ਰਨੇਡ ਥਾਣੇ ਦੀ ਇਮਾਰਤ ਉਪਰ ਸੁੱਟੇ ਅਤੇ ਰਾਜਬੀਰ ਸਿੰਘ ਵੱਲੋਂ ਗ੍ਰਨੇਡ ਸੁੱਟੇ ਜਾਣ ਦੀ ਵੀਡੀਓ ਬਣਾਈ ਗਈ ਸੀ। ਮੁਲਜ਼ਮ ਸੁਖਪ੍ਰੀਤ ਸਿੰਘ ਨੇ ਵਾਰਦਾਤ 'ਚ ਵਰਤਿਆ ਮੋਟਰਸਾਈਕਲ ਮੁਹੱਈਆ ਕਰਵਾਇਆ ਸੀ। ਮੁਲਜ਼ਮ ਸਾਹਿਬ ਸਿੰਘ ਤੇ ਅਜੈਦੀਪ ਸਿੰਘ ਵੱਲੋਂ ਮੁਲਜ਼ਮਾਂ ਨੂੰ ਲਾਜਿਸਟੀਕਲੀ ਸਹਾਇਤਾ ਪ੍ਰਦਾਨ ਕੀਤੀ ਗਈ ਸੀ। ਐਸ ਐਸ ਪੀ ਨੇ ਦੱਸਿਆ ਕਿ ਕਾਬੂ ਕੀਤੇ ਮੁਲਜ਼ਮਾਂ ਨੇ ਇਹ ਵੀ ਮੰਨਿਆ ਕਿ ਪਾਕਿਸਤਾਨ ਹੈਂਡਲਰਾਂ ਵੱਲੋਂ ਉਨ੍ਹਾਂ ਨੂੰ ਇਸ ਕੰਮ ਲਈ 4 ਲੱਖ ਰੁਪਏ ਦੇਣ ਦਾ ਵਾਅਦਾ ਕੀਤਾ ਗਿਆ ਸੀ, ਜਿਸ ਦੇ ਲਾਲਚ ਵਿਚ ਆ ਕੇ ਉਨ੍ਹਾਂ ਥਾਣੇ ਦੀ ਇਮਾਰਤ 'ਤੇ ਹੈਂਡ ਗ੍ਰਨੇਡ ਸੁੱਟੇ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਬਲਜੀਤ ਸਿੰਘ ਕੋਲੋਂ .30 ਬੋਰ ਦਾ ਪਿਸਤੌਲ ਤੇ ਮੈਗਜੀਨ ਅਤੇ ਪ੍ਰਭ ਸਿੰਘ ਕੋਲੋਂ ਵੀ .30 ਬੋਰ ਦਾ ਪਿਸਤੌਲ ਤੇ ਮੈਗਜੀਨ ਬਰਾਮਦ ਹੋਏ ਹਨ।

